ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਡਾ. ਅਮਨਦੀਪ ਕੌਰ ਪੀ.ਸੀ.ਐਸ ਵੱਲੋਂ ਅੱਜ ਫੋਕਲ ਪੁਆਇੰਟ ਛੋਟੇ-ਵੱਡੇ ਉਦਯੋਗਪਤੀਆਂ ਨੂੰ ਬੁਨਿਆਦੀ ਸਹੂਲਤਾਂ ਜਿਵੇਂ ਕਿ ਸੜਕਾਂ, ਪੀਣ ਵਾਲਾ ਪਾਣੀ, ਸੀਵਰੇਜ ਸਿਸਟਮ, ਸਟ੍ਰੀਟ ਲਾਈਟਾਂ ਅਤੇ ਕੂੜਾ ਪ੍ਰਬੰਧਨ ਆਦਿ ਵੱਖਵੱਖ ਮੱਦਾਂ ਸਬੰਧੀ ਅਚਨਚੇਤ ਚੈਕਿੰਗ ਕੀਤੀ ਗਈ, ਇਸ ਮੌਕੇ ਸ੍ਰੀ ਕੁਲਦੀਪ ਸਿੰਘ ਨਿਗਮ ਇੰਜੀਨੀਅਰ, ਸ੍ਰੀ ਲਵਦੀਪ ਸਿੰਘ ਸਹਾਇਕ ਨਿਗਮ ਇੰਜੀਨੀਅਰ, ਸ੍ਰੀ ਪਵਨ ਕੁਮਾਰ ਜੂਨੀਅਰ ਇੰਜੀਨੀਅਰ, ਸ੍ਰੀ ਜਨਕ ਰਾਜ ਸੈਨੇਟਰੀ ਇੰਸਪੈਕਟਰ, ਸ੍ਰੀ ਸੰਜੀਵ ਕੁਮਾਰ ਸੈਨੇਟਰੀ ਇੰਸਪੈਕਟਰ, ਸ੍ਰੀ ਰਾਜੇਸ਼ ਕੁਮਾਰ ਸੈਨੇਟਰੀ ਇੰਸਪੈਕਟਰ, ਸ੍ਰੀ ਗੌਰਵ ਸ਼ਰਮਾ ਸਹਾਇਕ ਮੈਨੇਜਰ, ਸ੍ਰੀ ਹਰਵਿੰਦਰ ਸੈਣੀ ਪ੍ਰਧਾਨ ਫੋਕਲ ਪੁਆਇੰਟ ਐਸੋਸੀਏਸ਼ਨ ਅਤੇ ਹੋਰ ਅਹੁਦੇਦਾਰ ਮੌਕੇ ਤੇ ਮੌਜੂਦ ਰਹੇ। ਮੌਕੇ ਤੇ ਕਮਿਸ਼ਨਰ ਵੱਲੋਂ ਫੋਕਲ ਪੁਆਇੰਟ ਦੇ ਨੁਮਾਇੰਦਿਆਂ ਨਾਲ ਵਿਸਥਾਰਪੂਰਵਕ ਵਿਚਾਰ ਵਟਾਂਦਰਾਂ ਕੀਤਾ ਗਿਆ, ਅਹੁਦੇਦਾਰਾਂ ਵੱਲੋਂ ਮੰਗ ਕੀਤੀ ਗਈ ਕਿ ਫੋਕਲ ਪੁਆਇੰਟ ਦੀ ਸਫਾਈ ਲਈ ਪੱਕੇ ਤੌਰ ਤੇ ਸਫਾਈ ਸੇਵਕ ਅਤੇ ਮਾਲੀ ਲਗਾਏ ਜਾਣ। ਮੌਕੇ ਤੇ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਕਤ ਕਰਮਚਾਰੀ ਰੱਖਣ ਲਈ ਕਾਰਵਾਈ ਤੁਰੰਤ ਆਰੰਭੀ ਜਾਵੇ ਅਤੇ ਇਹ ਕਰਮਚਾਰੀ ਸਿਰਫ ਫੋਕਲ ਪੁਆਇੰਟ ਦੇ ਕੰਮਾਂ ਲਈ ਹਾਇਰ ਕੀਤੇ ਜਾਣ। ਫੋਕਲ ਪੁਆਇੰਟ ਦੇ ਅਹੁਦੇਦਾਰਾਂ ਵੱਲੋਂ ਟਿਊਬਵੈਲ ਦੀ ਰੀ-ਬੋਰਿੰਗ ਕਰਾਉਣ ਦੀ ਬੇਨਤੀ ਕੀਤੀ ਗਈ ਜਿਸਤੇ ਨਿਗਮ ਇੰਜੀਨੀਅਰ ਵੱਲੋਂ ਦੱਸਿਆ ਗਿਆ ਕਿ ਪਹਿਲਾਂ ਹੀ ਇਸ ਥਾਂ ਤੇ ਨਵਾਂ ਟਿਊਬਵੈਲ ਲਗਾਉਣ ਦਾ ਤਖਮੀਨਾ ਪਾਸ ਹੋ ਚੁੱਕਾ ਹੈ ਅਤੇ ਨਵਾਂ ਟਿਊਬਵੈਲ ਜਲਦ ਹੀ ਲਗਾ ਦਿੱਤਾ ਜਾਵੇਗਾ। ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਪਹਿਲਾਂ ਪੁਰਾਣੇ ਟਿਊਬਵੈਲ ਦੀ ਸਥਿਤੀ ਚੈਕ ਕੀਤੀ ਜਾਵੇ, ਜੇਕਰ ਇਸ ਨੂੰ ਰੀ-ਬੋਰ ਕਰਕੇ ਠੀਕ ਕਰਵਾਇਆ ਜਾ ਸਕਦਾ ਹੈ ਤਾਂ ਕਾਰਵਾਈ ਆਰੰਭੀ ਜਾਵੇ। ਕਮਿਸ਼ਨਰ ਵੱਲੋਂ ਫੋਕਲ ਪੁਆਇੰਟ ਵਿੱਚ ਲੱਗੇ ਐਸ.ਟੀ.ਪੀ ਪਲਾਂਟ ਦੀ ਚੈਕਿੰਗ ਕੀਤੀ ਗਈ, ਮੌਕੇ ਤੇ ਹਦਾਇਤ ਕੀਤੀ ਗਈ ਕਿ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ। ਇਸ ਉਪਰੰਤ ਕਮਿਸ਼ਨਰ ਵੱਲੋਂ ਪਿੱਪਲਾਂਵਾਲਾ ਸਥਿਤ ਪ੍ਰੋਸੈਸਿੰਗ ਸੈਂਟਰ ਦੀ ਵਿਸ਼ੇਸ਼ ਤੌਰ ਤੇ ਚੈਕਿੰਗ ਕੀਤੀ ਗਈ, ਪਾਇਆ ਗਿਆ ਕਿ ਪੁਰਾਣਾ ਕੂੜਾ ਲਗਭਗ ਖਤਮ ਹੋ ਚੁੱਕਾ ਹੈ ਅਤੇ ਵਾਤਾਵਰਣ ਨੂੰ ਸਵੱਛ ਰੱਖਣ ਲਈ ਬਗੀਚਾ ਤਿਆਰ ਕੀਤਾ ਗਿਆ ਹੈ ਤੇ ਇਸ ਥਾਂ ਤੇ ਭਵਿੱਖ ਵਿੱਚ ਨਰਸਰੀ ਬਣਾਉਣ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ।

# ਸਿੱਖ ਨੈਸ਼ਨਲ ਕਾਲਜ ਬੰਗਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 9463601616 hardipchumber57@gmail.com




ਨਵਾਂਸ਼ਹਿਰ/ਬੰਗਾ (ਸਤਨਾਮ ਸਿੰਘ ਸਹੂੰਗੜਾ) ਸਿੱਖ ਨੈਸ਼ਨਲ ਕਾਲਜ ਬੰਗਾ ਦੇ ਐਨ. ਐਸ. ਐਸ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ ਜੀ ਦੀ ਯੋਗ ਅਗਵਾਈ ਹੇਠ ਪ੍ਰੋਗਰਾਮ ਅਫ਼ਸਰ ਪ੍ਰੋ ਵਿਪਨ, ਡਾ. ਨਿਰਮਲਜੀਤ ਕੌਰ ਜੀ ਦੇ ਯਤਨਾਂ ਸਦਕਾ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਨਿਰੋਗ ਸਰੀਰ ਵਿਚ ਹੀ ਸਕਾਰਾਤਮਕ ਵਿਚਾਰ ਉਤਪੰਨ ਹੋ ਸਕਦੇ ਹਨ ਜਿਸ ਲਈ ਹਰ ਵਿਅਕਤੀ ਨੂੰ ਆਪਣੀ ਸਿਹਤ ਦਾ ਖਿਆਲ ਰੱਖਣ ਦੇ ਨਾਲ-ਨਾਲ ਆਪਣੇ ਪਰਿਵਾਰ ਅਤੇ ਆਲੇ ਦੁਆਲੇ ਦਾ ਵੀ ਖਿਆਲ ਰੱਖਣਾ ਚਾਹੀਦਾ ਹੈ ਤਾਂ ਜੋ ਸੰਤੁਲਿਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕੀਤੇ ਗਏ। ਪ੍ਰੋਗਰਾਮ ਅਫ਼ਸਰ ਪ੍ਰੋ. ਵਿਪਨ ਵੱਲੋਂ ਸਰਕਾਰ ਵੱਲੋਂ ਦਿੱਤੀਆਂ ਜਾਂਦੀਆ ਸਿਹਤ ਸਹੂਲਤਾਂ ਪ੍ਰਤੀ ਵਿਦਿਆਰਥੀਆਂ ਨੂੰ ਜਾਣਕਾਰੀ ਮੁਹੱਈਆ ਕਰਵਾਈ ਗਈ ਤਾਂ ਜੋ ਵਿਦਿਆਰਥੀ ਇਹਨਾਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ।ਡਾ. ਨਿਰਮਲਜੀਤ ਕੌਰ ਨੇ ਵਿਸ਼ਵ ਸਿਹਤ ਦਿਵਸ ਦੀ ਇਤਿਹਾਸਕ ਮਹੱਤਤਾ ਬਾਰੇ ਦੱਸਦਿਆਂ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਬਲਜੀਤ ਕੌਰ ਉਚੇਚੇ ਤੌਰ 'ਤੇ ਹਾਜ਼ਰ ਰਹੇ।

# ਰੋਸ਼ਨ ਗਰਾਊਂਡ ਤੋਂ ਪ੍ਰੈਸੀਡੈਂਸੀ ਹੋਟਲ ਤੱਕ ਦੇ ਮਾਰਗ ਦਾ ਨਾਮ 'ਸ੍ਰੀ ਗੁਰੂ ਰਾਮਦਾਸ ਜੀ ਮਾਰਗ' ਰੱਖਿਆ ਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਮਾਡਲ ਟਾਊਨ ਦੇ ਰੋਸ਼ਨ ਗਰਾਊਂਡ ਤੋਂ ਲੈ ਕੇ ਪ੍ਰੈਸੀਡੈਂਸੀ ਹੋਟਲ ਤੱਕ ਦੇ ਮਾਰਗ ਦਾ ਸੁੰਦਰੀਕਰਨ ਕਰਕੇ ਆਧੁਨਿਕ ਪ੍ਰੋਜੈਕਟ ਨੂੰ ਅੰਜਾਮ ਦਿੱਤਾ ਗਿਆ ਹੈ। ਇਹ ਮਾਰਗ ਹੁਣ ਨਾ ਸਿਰਫ਼ ਆਵਾਜਾਈ ਦੀ ਨਜ਼ਰ ਤੋਂ ਸੁਵਿਧਾਜਨਕ ਬਣੇਗਾ, ਸਗੋਂ ਆਪਣੀ ਆਕਰਸ਼ਕ ਸਜਾਵਟ ਨਾਲ ਲੋਕਾਂ ਲਈ ਇੱਕ ਵਿਸ਼ੇਸ਼ ਖਿੱਚ ਦਾ ਕੇਂਦਰ ਵੀ ਰਹੇਗਾ। ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਜਾਣਕਾਰੀ ਦਿੱਤੀ ਕਿ ਇਸ ਮਾਰਗ ਦਾ ਨਾਮ ਸਿੱਖ ਧਰਮ ਦੇ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਨਾਮ 'ਤੇ ਸਮਰਪਿਤ ਕਰਕੇ 'ਸ੍ਰੀ ਗੁਰੂ ਰਾਮਦਾਸ ਜੀ ਮਾਰਗ' ਰੱਖਿਆ ਗਿਆ ਹੈ, ਜਿਸ ਨਾਲ ਇਸ ਪ੍ਰੋਜੈਕਟ ਨੂੰ ਅਧਿਆਤਮਿਕ ਅਤੇ ਸੱਭਿਆਚਾਰਕ ਪਛਾਣ ਮਿਲੀ ਹੈ। ਉਨ੍ਹਾਂ ਦੱਸਿਆ ਕਿ ਲੁਧਿਆਣਾ ਬੈਵਰੇਜ ਲਿਮਟਿਡ ਦੇ ਸਹਿਯੋਗ ਨਾਲ ਇਸ ਸੜਕ ਦਾ ਨਵੀਨੀਕਰਨ ਕੀਤਾ ਗਿਆ ਹੈ, ਜਿਸ ਵਿੱਚ ਆਧੁਨਿਕ ਤਕਨੀਕ ਨਾਲ ਬਣੀਆਂ ਫੈਂਸੀ ਲਾਈਟਾਂ ਲਗਾਈਆਂ ਗਈਆਂ ਹਨ। ਇਹ ਲਾਈਟਾਂ ਨਾਲ ਮਾਰਗ ਰਾਤ ਸਮੇਂ ਵੀ ਪੂਰੀ ਤਰ੍ਹਾਂ ਜਗਮਗਾਉਂਦਾ ਨਜ਼ਰ ਆਵੇਗਾ, ਜਿਸ ਨਾਲ ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਬਿਹਤਰ ਅਨੁਭਵ ਮਿਲੇਗਾ। ਵਿਧਾਇਕ ਜਿੰਪਾ ਨੇ ਇਹ ਵੀ ਕਿਹਾ ਕਿ ਇਸ ਮਾਰਗ ਦੇ ਸੁੰਦਰੀਕਰਨ ਵਿੱਚ ਕੋਈ ਵੀ ਕਮੀ ਨਹੀਂ ਛੱਡੀ ਜਾਵੇਗੀ। ਸਰਕਾਰ ਅਤੇ ਨਗਰ ਨਿਗਮ ਵੱਲੋਂ ਲਗਾਤਾਰ ਇਹ ਯਤਨ ਕੀਤਾ ਜਾ ਰਿਹਾ ਹੈ ਕਿ ਸ਼ਹਿਰ ਦੀਆਂ ਸੜਕਾਂ ਨੂੰ ਬਿਹਤਰ ਬਣਾਇਆ ਜਾਵੇ, ਤਾਂ ਜੋ ਆਮ ਲੋਕਾਂ ਨੂੰ ਸੁਖਾਲਾ ਅਤੇ ਸੁੰਦਰ ਮਾਹੌਲ ਮਿਲ ਸਕੇ। ਇਸ ਮੌਕੇ 'ਤੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਸਤਵੰਤ ਸਿੰਘ ਸਿਆਣ, ਬਹਾਦਰ ਸਿੰਘ ਸੁਨੇਤ, ਪ੍ਰਦੀਪ ਸੈਣੀ, ਕੁਲਵਿੰਦਰ ਕੌਰ, ਅਵਤਾਰ ਸਿੰਘ ਕਪੂਰ, ਅਵਤਾਰ ਸਿੰਘ ਜੌਹਲ ਸਮੇਤ ਕਈ ਪਤਵੰਤੇ ਵਿਅਕਤੀ ਹਾਜ਼ਰ ਸਨ।

# ਸੰਘਰਸ਼ੀ ਯੋਧੇ ਜਥੇਬੰਦੀ ਜ਼ਿਲ੍ਹਾ ਮਾਨਸਾ ਵੱਲੋਂ ਕੇਂਦਰ ਅਤੇ ਪੰਜਾਬ ਸਰਕਾਰ 'ਤੇ ਜਾਇਜ਼ ਅਤੇ ਹੱਕੀ ਮੰਗਾਂ ਨਾ ਮੰਨਣ ਦੇ ਲਗਾਏ ਦੋਸ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 9463601616 hardipchumber57@gmail.com



ਮਾਨਸਾ 9ਅਪ੍ਰੈਲ (ਆਤਮਾ ਸਿੰਘ ਪਮਾਰ) ਸੰਘਰਸ਼ੀ ਯੋਧੇ ਜਥੇਬੰਦੀ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮੀਹਾਂ ਦੀ ਅਗਵਾਈ ਹੇਠ ਸਥਾਨਕ ਬੱਚਤ ਭਵਨ ਵਿਖੇ ਹੋਈ। ਮੀਟਿੰਗ ਦੌਰਾਨ ਐਮਰਜੈਂਸੀ ਸਮੇਂ ਜੇਲਾਂ ਕੱਟਣ ਵਾਲੇ ਅਤੇ ਉਨ੍ਹਾਂ ਦੇ ਵਾਰਸਾਂ ਦੀਆਂ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਬੁਲਾਰਿਆਂ ਨੇ ਕੇਂਦਰੀ ਅਤੇ ਪੰਜਾਬ ਸਰਕਾਰ 'ਤੇ ਸੰਘਰਸ਼ੀ ਯੋਧਿਆਂ ਦੀਆਂ ਹੱਕੀ ਅਤੇ ਜਾਇਜ ਮੰਨੀਆਂ ਹੋਈਆਂ ਮੰਗਾਂ ਨਾ ਮੰਨਣ ਦੇ ਗੰਭੀਰ ਦੋਸ਼ ਲਗਾਏ। ਇਸ ਸਮੇਂ ਸੰਬੋਧਨ ਕਰਦਿਆਂ ਮਨਜੀਤ ਸਿੰਘ ਮੀਹਾਂ ਨੇ ਕਿਹਾ ਐਮਰਜੈਂਸੀ ਦੀ 50ਵੀਂ ਵਰੇਗੰਢ ਦੇ ਸਬੰਧ ਵਿੱਚ ਜੋ ਕਿ ਜੂਨ ਮਹੀਨੇ ਵਿੱਚ ਆ ਰਹੀ ਇੱਕ ਵੱਡਾ ਸਮਾਗਮ ਕਰਵਾਇਆ ਜਾਵੇਗਾ। ਜਿਸ ਦੌਰਾਨ ਪਰਿਵਾਰਾਂ ਸਮੇਤ ਸ਼ਮੂਲੀਅਤ ਕੀਤੀ ਜਾਵੇਗੀ।ਇਸ ਸਮੇਂ ਉਹਨਾਂ ਦੋਵਾਂ ਸਰਕਾਰਾਂ ਤੋਂ ਮੰਗ ਕੀਤੀ ਜੱਥੇਬੰਦੀ ਦੇ ਮੈਂਬਰਾਂ ਨੂੰ ਮੁਫ਼ਤ ਬੱਸ ਸਫ਼ਰ, ਟੋਲ ਪਲਾਜੇ ਤੋਂ ਛੋਟ ਅਤੇ ਸਰਕਾਰੀ ਸਮਾਗਮਾਂ ਸਮੇਂ ਆਦਰ ਸਹਿਤ ਸੱਦਾ ਪੱਤਰ ਵੀ ਪ੍ਰਸ਼ਾਸਨ ਵੱਲੋਂ ਭੇਜੇ ਜਾਇਆ ਕਰਨ। ਇਸ ਸਮੇਂ ਆਗੂਆਂ ਨੇ ਜੇਲ੍ਹ ਕੱਟਣ ਵਾਲੇ ਵਿਅਕਤੀਆਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਅਪੀਲ ਕੀਤੀ ਕਿ ਜਿਹੜੇ ਲੋਕ ਇਸ ਸਹੂਲਤ ਤੋਂ ਕਿਸੇ ਕਾਰਨ ਅਜੇ ਤੱਕ ਵਾਂਝੇ ਹਨ ਉਹ ਜੱਥੇਬੰਦੀ ਨਾਲ ਸੰਪਰਕ ਕਰਨ ਅਤੇ ਮੀਟਿੰਗਾਂ 'ਚ ਹੋਣ ਨੂੰ ਵੀ ਯਕੀਨੀ ਬਣਾਇਆ ਜਾਵੇ। ਇਸ ਸਮੇਂ ਮਿੱਠੂ ਸਿੰਘ ਕਾਹਨੇਕੇ, ਬਲਵਾਨ ਸਿੰਘ ਬਹਾਦਰਪੁਰ,ਡਾ.ਗੁਰਨਾਮ ਸਿੰਘ ਬੁਰਜ ਢਿੱਲਵਾਂ, ਅਜੀਤ ਸਿੰਘ ਬਰੇਟਾ, ਹਾਕਮ ਸਿੰਘ ਝੁਨੀਰ, ਜਸਵੰਤ ਸਿੰਘ ਜਵਾਹਰਕੇ, ਕਪੂਰ ਸਿੰਘ, ਬਲਦੇਵ ਸਿੰਘ ਮਾਖਾ ਅਤੇ ਗੁਰਚਰਨ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

# ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਵਿਆਪਕ ਪੱਧਰ ਉੱਤੇ ਸਾਰਥਕ ਕਦਮ ਚੁੱਕੇ ਜਾ ਰਹੇ ਹਨ: ਹਰਪਾਲ ਸਿੰਘ ਚੀਮਾ

- ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ 3 ਸਰਕਾਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਤਹਿਤ 1.09 ਕਰੋੜ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ
- ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮਾਪਿਆਂ ਤੇ ਅਧਿਆਪਕਾਂ ਨੂੰ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ਣ ਵਿੱਚ ਯੋਗਦਾਨ ਪਾਉਣ ਦਾ ਸੱਦਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਦਿੜ੍ਹਬਾ / ਸੰਗਰੂਰ, 9 ਅਪ੍ਰੈਲ, 2025: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਦਾ ਨਵੀਨੀਕਰਨ ਕਰਨ ਲਈ ਵਚਨਬੱਧ ਹੈ ਅਤੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਖੇਤਰ ਨੂੰ ਬੁਲੰਦੀਆਂ ਉਤੇ ਪਹੁੰਚਾਉਣ ਲਈ ਕ੍ਰਾਂਤੀਕਾਰੀ ਕਦਮ ਚੁੱਕੇ ਜਾ ਰਹੇ ਹਨ। ਇਹ ਪ੍ਰਗਟਾਵਾ ਪੰਜਾਬ ਦੇ ਵਿੱਤ, ਕਰ ਤੇ ਆਬਕਾਰੀ ਅਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ 3 ਸਰਕਾਰੀ ਸਕੂਲਾਂ ਵਿੱਚ ਲਗਭਗ 1 ਕਰੋੜ 9 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕੀਤਾ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਪ੍ਰਣਾਲੀ ਦੀ ਮਜ਼ਬੂਤੀ ਵੱਲ ਧਿਆਨ ਨਹੀਂ ਦਿੱਤਾ ਜਿਸ ਕਾਰਨ ਸੂਬੇ ਵਿੱਚ ਧੜਾਧੜ ਪ੍ਰਾਈਵੇਟ ਸਕੂਲ ਖੁੱਲ੍ਹੇ ਅਤੇ ਸਿੱਖਿਆ ਨੂੰ ਮਹਿੰਗਾ ਕਰਕੇ ਆਮ ਲੋਕਾਂ ਦੇ ਬੱਚਿਆਂ ਦੀ ਪਹੁੰਚ ਤੋਂ ਦੂਰ ਕਰ ਦਿੱਤਾ ਗਿਆ। ਪਰ ਸਾਲ 2022 ਵਿੱਚ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤਾਂ ਸਿੱਖਿਆ ਤੇ ਸਿਹਤ ਦੇ ਖੇਤਰਾਂ ਵਿੱਚ ਸੁਧਾਰ ਲਿਆਉਣ ਲਈ ਜ਼ਮੀਨੀ ਪੱਧਰ ਉੱਤੇ ਉਪਰਾਲੇ ਸ਼ੁਰੂ ਹੋਏ ਅਤੇ ਨਿਰੰਤਰ ਯਤਨਾਂ




ਸਦਕਾ ਜਿੱਥੇ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ ਓਥੇ ਹੀ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀ ਪੜ੍ਹਾਉਣ ਸ਼ੈਲੀ ਵਿੱਚ ਹੋਰ ਸੁਧਾਰ ਲਿਆਉਣ ਲਈ ਆਈ ਆਈ ਟੀ ਅਹਿਮਦਾਬਾਦ, ਸਿੰਘਾਪੁਰ, ਫਿਨਲੈਂਡ ਵਿੱਚ ਉੱਚ ਪੱਧਰੀ ਸਿਖਲਾਈ ਦਿਵਾਈ ਗਈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪ੍ਰਦਾਨ ਕੀਤੇ ਉਸਾਰੂ ਮਾਹੌਲ ਸਦਕਾ 200 ਦੇ ਕਰੀਬ ਵਿਦਿਆਰਥੀਆਂ ਨੇ ਉੱਚ ਵੱਕਾਰੀ ਜੇਈਈ ਮੇਨਜ਼ ਦੀ ਪ੍ਰੀਖਿਆ ਪਾਸ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ 20 ਹਜ਼ਾਰ ਅਧਿਆਪਕ ਪੱਕੇ ਕੀਤੇ ਜਾ ਚੁੱਕੇ ਹਨ ਅਤੇ ਇਹ ਪ੍ਰਕਿਰਿਆ ਹਲੇ ਵੀ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਲਗਭਗ 13 ਹਜ਼ਾਰ ਅਧਿਆਪਕ ਕੇਵਲ 6000 ਦੀ ਨਿਗੂਣੀ ਤਨਖਾਹ ਲੈਂਦੇ ਸਨ ਜਦਕਿ ਆਪ ਸਰਕਾਰ ਨੇ ਉਨ੍ਹਾਂ ਦੀ ਤਨਖਾਹ ਨੂੰ ਲਗਭਗ 5 ਗੁਣਾਂ ਕਰਕੇ 28 ਹਜ਼ਾਰ ਤੱਕ ਪਹੁੰਚਾ ਦਿੱਤਾ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਸੂਬੇ ਵਿਚੋਂ ਨਸ਼ਾ ਤਸਕਰਾਂ ਦਾ ਸਫਾਇਆ ਕਰਨ ਲਈ ਵਧ ਚੜ ਕੇ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਕਿਹਾ ਅੱਜ ਪੰਜਾਬ ਵਿੱਚ ਹਰ ਪਾਸੇ ਵਿਕਾਸ ਦੀ ਹਨੇਰੀ ਚੱਲ ਰਹੀ ਹੈ ਅਤੇ ਦਿੜ੍ਹਬਾ ਹਲਕੇ ਦੇ ਹਰ ਪਿੰਡ ਤੇ ਸ਼ਹਿਰ ਵਿੱਚ ਵੱਧ ਤੋਂ ਵੱਧ ਸੁਵਿਧਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਹੈ ਆਪਣੀ ਮਿਹਨਤ ਲਗਨ ਅਤੇ ਦ੍ਰਿੜਤਾ ਨਾਲ ਉਚੇਰੀ ਸਿੱਖਿਆ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਹਾਸਲ ਕਰਕੇ ਜ਼ਿੰਦਗੀ ਵਿੱਚ ਬੁਲੰਦੀਆਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਮਾਪਿਆਂ ਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਦੇ ਹੁਨਰ ਨੂੰ ਤਰਾਸ਼ਣ ਲਈ ਲਗਾਤਾਰ ਉਪਰਾਲੇ ਕੀਤੇ ਜਾਣ ਅਤੇ ਨਿਰੰਤਰ ਹੱਲਾਸ਼ੇਰੀ ਨਾਲ ਪਰਮਾਤਮਾ ਜ਼ਰੂਰ ਸਫਲਤਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਾਸਤੇ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਲੋਕ ਪੱਖੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਉੱਤੇ ਲਾਗੂ ਕਰਨ ਲਈ ਹੀ ਇਸ ਵਾਰ ਬਜਟ ਵਿੱਚ ਸਿੱਖਿਆ, ਸਿਹਤ, ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਸਮੇਤ ਹੋਰ ਲੋੜੀਂਦੇ ਖੇਤਰਾਂ ਵਿੱਚ ਸੁਧਾਰਾਂ ਲਈ ਵੱਡਾ ਵਾਧਾ ਕੀਤਾ ਗਿਆ ਹੈ। ਉਨ੍ਹਾਂ ਨੇ ਵਿੱਤ, ਜੀਐੱਸਟੀ, ਕਰ ਤੇ ਆਬਕਾਰੀ ਅਤੇ ਯੋਜਨਾ ਵਿਭਾਗਾਂ ਅੰਦਰ ਕੀਤੇ ਕ੍ਰਾਂਤੀਕਾਰੀ ਉਦਮਾਂ ਬਾਰੇ ਵੀ ਜਾਣੂ ਕਰਵਾਇਆ।

ਇਸ ਦੌਰਾਨ ਉਨ੍ਹਾਂ ਨੇ ਸਰਕਾਰੀ ਹਾਈ ਸਕੂਲ ਰੋਗਲਾ ਵਿਖੇ 31 ਲੱਖ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਡ ਬੰਜਾਰਾ ਕਲਾਂ ਵਿਖੇ 28.50 ਲੱਖ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੌਹਰੀਆਂ ਵਿਖੇ ਕਰੀਬ 50 ਲੱਖ ਰੁਪਏ ਦੇ ਲਾਗਤ ਨਾਲ ਤਿਆਰ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸਭਿਆਚਾਰਕ ਵਿਰਸੇ ਉੱਤੇ ਅਧਾਰਿਤ ਪ੍ਰੋਗਰਾਮ ਦੀ ਪੇਸ਼ਕਾਰੀ ਵੀ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਉਪ ਮੰਡਲ ਮੈਜਿਸਟਰੇਟ ਰਾਜੇਸ਼ ਸ਼ਰਮਾ, ਓਐਸਡੀ ਤਪਿੰਦਰ ਸਿੰਘ ਸੋਹੀ, ਐਸ ਪੀ ਨਵਰੀਤ ਸਿੰਘ ਵਿਰਕ, ਡੀਐਸਪੀ ਰੁਪਿੰਦਰ ਕੌਰ, ਚੇਅਰਮੈਨ ਨਗਰ ਸੁਧਾਰ ਟਰੱਸਟ ਹਰਪ੍ਰੀਤ ਸਿੰਘ ਪੀਤੂ, ਚੇਅਰਪਰਸਨ ਮਾਰਕੀਟ ਕਮੇਟੀ ਜਸਵੀਰ ਕੌਰ ਸ਼ੇਰਗਿੱਲ, ਚੇਅਰਮੈਨ ਸੂਲਰ ਘਰਾਟ ਹਰਵਿੰਦਰ ਸਿੰਘ,

ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਮਨਜੀਤ ਕੌਰ ਸਮੇਤ ਸਬੰਧਤ ਸਕੂਲਾਂ ਦੇ ਮੁਖੀ, ਵਿਦਿਆਰਥੀ ਤੇ ਮਾਪੇ ਮੌਜੂਦ ਸਨ।

# ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਦਾ ਵਫ਼ਦ ਸਿਵਲ ਸਰਜਨ ਨੂੰ ਮਿਲਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਸੰਗਰੂਰ,9 ਅਪ੍ਰੈਲ (ਜਗਸੀਰ ਲੌਂਗੋਵਾਲ)- ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਪੰਜਾਬ , ਜਿਲ੍ਹਾ ਇਕਾਈ ਸੰਗਰੂਰ ਦੇ ਇੱਕ ਵਫਦ ਜਿਸ ਵਿੱਚ ਸੁਬਾਈ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਜੁਆਇੰਟ ਸਕੱਤਰ ਕਰਨੈਲ ਸਿੰਘ,



ਜ਼ਿਲਾ ਜਨਰਲ ਸਕੱਤਰ ਅਨਿਲ ਕੁਮਾਰ ਮਿੱਤਲ, ਜ਼ਿਲਾ ਆਗੂ ਰਾਵਿੰਦਰ ਸ਼ਰਮਾ ਦੀ ਸਾਂਝੀ ਅਗਵਾਈ ਹੇਠ ਬਲਾਕ ਲੌਂਗੋਵਾਲ ਦੇ ਪੈਰਾ ਮੈਡੀਕਲ ਮੁਲਾਜ਼ਮਾਂ ਦੀਆ ਮੰਗਾਂ ਤੇ ਮੁਸ਼ਕਲਾਂ ਦੇ ਹੱਲ ਲਈ ਸਿਵਲ ਸਰਜਨ ਸੰਗਰੂਰ ਡਾ. ਸੰਜੇ ਕਾਮਰਾ ਨੂੰ ਮਿਲਿਆ ਤੇ ਸਿਵਲ ਸਰਜਨ ਸਾਹਿਬ ਨੇ ਆਗੂਆਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਦਾ ਫੌਰੀ ਹੱਲ ਕਰਦੇ ਹੋਏ ਭਰੋਸਾ ਦਿੱਤਾ ਕਿ ਉਹ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਆਪਣੇ ਵੱਲੋਂ ਸੰਭਵ ਯਤਨ ਕਰਦੇ ਰਹਿਣਗੇ ।ਇਸ ਗੁਰਪ੍ਰੀਤ ਸਿੰਘ ਵਾਲੀਆ, ਇੰਦਰਜੀਤ ਸਿੰਘ ਭਿੰਡਰਾਂ, ਰਾਮ ਸਿੰਘ ਚੰਗਾਲ ,ਸੀ ਐਚ ਓ ਰਾਜਵੰਤ ਕੌਰ, ਸੀ ਐੱਚ ਓ ਜਸਵਿੰਦਰ ਕੌਰ, ਸੀ ਐੱਚ ਓ ਸੁਖਜੀਤ ਕੌਰ ਕੌਰ ਅਤੇ ਹੋਰ ਆਗੂ ਹਾਜ਼ਰ ਸਨ।

# ਸਿੱਖਿਆਂ ਕ੍ਰਾਂਤੀ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ, ਗੁਣਤਾਮਕ ਸਿੱਖਿਆ ਲਈ ਪੰਜਾਬ ਸਰਕਾਰ ਵਚਨਬੱਧ : ਗੁਰਲਾਲ ਘਨੌਰ

## ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਕਰੋੜਾਂ ਦੇ ਫੰਡ ਜਾਰੀ ਕੀਤੇ ਗਏ : ਗੁਰਲਾਲ ਘਨੌਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਪਟਿਆਲਾ / ਘਨੌਰ 09 ਅਪ੍ਰੈਲ :

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਮੰਤਰੀ ਪੰਜਾਬ ਸ ਹਰਜੋਤ ਸਿੰਘ ਬੈਂਸ ਦੇ ਸਹਿਯੋਗ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਲਈ ਕਰੋੜਾਂ ਫੰਡ ਜਾਰੀ ਹੋਏ ਹਨ , ਜਿਸ ਨਾਲ ਜਿੱਥੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ ਉੱਥੇ ਬਣੇ ਸਮਾਰਟ ਕਮਰੇ ਸਕੂਲਾਂ ਨੂੰ ਚਾਰ ਚੰਨ ਲਗਾਉਂਦੇ ਹਨ। ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਫੰਡਾਂ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਘਨੌਰ ਵਿਖੇ ਬਣੇ ਸਮਾਰਟ ਕਮਰਿਆਂ ਦਾ ਉਦਘਾਟਨ ਸ.ਗੁਰਲਾਲ



ਘਨੌਰ ਜੀ ਵੱਲੋਂ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਗੁਣਤਾਮਕ ਸਿੱਖਿਆ ਲਈ ਵਚਨਬੱਧ ਹੈ। ਇਸ ਦੇ ਨਾਲ ਨਾਲ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਪੜ੍ਹਾਈ ਲਈ ਕਰੋੜਾਂ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਜਿਸ ਨਾਲ ਸਮਾਰਟ ਕਮਰਿਆਂ ਦੀ ਉਸਾਰੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਤੇ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਇਸ ਤੇ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ ।ਇਸੇ ਲੜੀ ਤਹਿਤ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਘਨੌਰ ਵਿੱਚ ਨਵੇਂ ਬਣੇ ਕਮਰਿਆਂ ਦਾ ਉਦਘਾਟਨ ਕੀਤਾ ਗਿਆ ਹੈ ਜੋ ਕਿ ਪ੍ਰੋਜੈਕਟਰ, ਉੱਚ ਕੋਟੀ ਦੇ ਮਜਬੂਤ ਡੈਸਕ ਤੇ ਹੋਰ ਆਧੁਨਿਕ ਸਹੂਲਤਾਂ ਨਾਲ ਲੈਸ ਹਨ, ਜਿਸ ਨਾਲ ਵਿਦਿਆਰਥੀ ਵਧੀਆ ਢੰਗ ਨਾਲ ਸਿੱਖਿਆ ਹਾਸਲ ਕਰ ਸਕਣਗੇ। ਉਨ੍ਹਾਂ ਸਮੂਹ ਮਾਤਾ-ਪਿਤਾ ਅਤੇ ਸਮਾਜਿਕ ਭਾਈਚਾਰੇ ਨੂੰ ਅਪੀਲ ਕੀਤੀ ਕਿ ਸਰਕਾਰੀ ਸਹੂਲਤਾਂ ਦਾ ਲਾਭ ਪ੍ਰਾਪਤ ਕਰਨ ਲਈ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਓ। ਇਸ ਮੌਕੇ ਸ. ਧਰਮਿੰਦਰ ਸਿੰਘ ਬੀ.ਪੀ.ਈ.ਓ.ਘਨੌਰ,ਨਗਰ ਪੰਚਾਇਤ ਪ੍ਰਧਾਨ ਸ੍ਰੀਮਤੀ ਮਨਦੀਪ ਕੌਰ ਸਿੱਧੂ, ਸ. ਜਸਵਿੰਦਰ ਸਿੰਘ ਚਪੜ੍ਹ -ਸਟੇਟ ਅਵਾਰਡੀ -ਜੋਨ ਖੇਡ ਸਕੱਤਰ ਘਨੋਰ, ਅਤੇ ਸਮੂਹ ਐਮ.ਸੀ. ਸਕੂਲ ਐਸ.ਐਮ.ਸੀ. ਕਮੇਟੀ , ਸੀ.ਐੱਚ.ਟੀ. ਮੰਜ਼ੋਲੀ ਸੁਨੀਲ ਕੁਮਾਰ, ਬੀ.ਐਸ.ਓ.ਘਨੌਰ ਹਰਮੋਹਿੰਦਰ ਸਿੰਘ, ਸੀ.ਐੱਚ.ਟੀ. ਬਘੌਰਾ ਕੁਲਵੰਤ ਸਿੰਘ,ਸਕੂਲ ਇੰਚਾਰਜ ਮਨਮੋਹਣ ਸਿੰਘ, ਰਜਿੰਦਰ ਕੌਰ, ਪਲਵਿੰਦਰ ਕੌਰ, ਅਮਰਜੀਤ ਕੌਰ, ਕਮਲਜੀਤ ਕੌਰ, ਮੋਹਿਤ ਬਾਵਾ, ਬੀ.ਆਰ.ਸੀ. ਅਮਨ ਸਿੰਘ ਅਤੇ ਨਿਰਭੈ ਜਰਗ, ਹਰਦੀਪ ਸੰਧੂ , ਗੁਰਦੀਪ ਅੰਟਾਲ, ਕ੍ਰਿਸ਼ਨ ਸਿੰਘ, ਰਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਡਾ ਚੱਬੇਵਾਲ ਵੱਲੋਂ ਫਗਵਾੜਾ ਵਿਖੇ ਸਰਕਾਰੀ ਸਕੂਲਾਂ ਵਿਚ 31 ਲੱਖ ਦੇ ਵਿਕਾਸ ਕਾਰਜ ਲੋਕ ਅਰਪਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਫਗਵਾੜਾ 9 ਅਪ੍ਰੈਲ (ਸ਼ਿਵ ਕੌੜਾ) ਡਾ ਰਾਜ ਕੁਮਾਰ ਚੱਬੇਵਾਲ ਸੰਸਦ ਮੈਂਬਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਹਾਈ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਹਦੀਆਬਾਦ ਵਿਖੇ 31.40 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਉਨ੍ਹਾਂ ਸਰਕਾਰੀ ਹਾਈ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਹਦੀਆਬਾਦ ਵਿਖੇ 17 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਐਡੀਸ਼ਨਲ ਕਲਾਸ ਰੂਮਾਂ ਤੋਂ ਇਲਾਵਾ





13 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਸਾਇੰਸ ਲੈਬ ਅਤੇ 1.40 ਲੱਖ ਰੁਪਏ ਦੀ ਲਾਗਤ ਨਾਲ ਲੜਕੀਆਂ ਲਈ ਪਖ਼ਾਨਿਆਂ ਦਾ ਉਦਘਾਟਨ ਕੀਤਾ ਉਨ੍ਹਾਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਵਲੋਂ ਲਗਭਗ 10 ਹਜ਼ਾਰ ਸਕੂਲਾਂ ਨੂੰ ਬੁਨਿਆਦੀ ਢਾਂਚੇ ਅਤੇ ਹੋਰ ਸਹੂਲਤਾਂ ਦੇ ਮਾਮਲੇ ਵਿੱਚ ਨਿੱਜੀ ਸਕੂਲਾਂ ਤੋਂ ਵੀ ਬਿਹਤਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵਲੋਂ ਮੁਫ਼ਤ ਪ੍ਰਦਾਨ ਕੀਤੀ ਜਾ ਰਹੀ ਮਿਆਰੀ ਸਿੱਖਿਆ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲਾ ਦੁਆਉਣ ਇਸ ਮੌਕੇ ਸਾਬਕਾ ਮੰਤਰੀ ਅਤੇ ਫਗਵਾੜਾ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ, ਮੇਅਰ ਰਾਮਪਾਲ ਉੱਪਲ ਵਧੀਕ ਡਿਪਟੀ ਕਮਿਸ਼ਨਰ ਡਾ.ਅਕਸ਼ਿਤਾ ਗੁਪਤਾ ਤੇ ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਅਕਲਾਨੀ, ਆਮ ਆਦਮੀ ਪਾਰਟੀ ਦੇ ਬੁਲਾਰੇ ਹਰਜੀਮਾਨ ਐਸ.ਡੀ.ਐਮ ਜਸ਼ਨਜੀਤ ਸਿੰਘ ਤੇ ਹੋਰ ਹਾਜ਼ਰ ਸਨ

# ਤਹੱਵੁਰ ਰਾਣਾ ਨੂੰ 'ਜਲਦੀ' ਭਾਰਤ ਹਵਾਲੇ ਕੀਤਾ ਜਾ ਸਕਦੈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਮੁੰਬਈ ਦਹਿਸ਼ਤੀ ਹਮਲੇ ਦੇ ਦੋਸ਼ੀ ਤਹੱਵੁਰ ਰਾਣਾ ਨੂੰ 'ਜਲਦੀ ਹੀ' ਅਮਰੀਕਾ ਤੋਂ ਭਾਰਤ ਹਵਾਲੇ ਕੀਤਾ ਜਾ ਸਕਦਾ ਹੈ। ਸੂਤਰਾਂ ਨੇ ਕਿਹਾ ਕਿ ਤਹੱਵੁਰ ਦੀ ਹਵਾਲਗੀ ਨਾਲ ਜਾਂਚ ਏਜੰਸੀਆਂ ਨੂੰ 26/11 ਮੁੰਬਈ ਦਹਿਸ਼ਤੀ ਹਮਲੇ, ਜਿਸ ਵਿਚ 166 ਜਾਨਾਂ ਜਾਂਦੀਆਂ ਰਹੀਆਂ ਸਨ, 'ਚ ਪਾਕਿਸਤਾਨ ਦੀ ਭੂਮਿਕਾ ਦਾ ਪਰਦਾਫਾਸ਼ ਕਰਨ 'ਚ ਮਦਦ ਮਿਲੇਗੀ। ਭਾਰਤ ਦੇ ਸਰਕਾਰੀ ਸੂਤਰਾਂ ਮੁਤਾਬਕ ਮੁਲਕ ਤੋਂ ਵੱਖ ਵੱਖ ਏਜੰਸੀਆਂ ਦੀ ਇਕ ਟੀਮ ਅਮਰੀਕਾ ਵਿਚ ਹੈ, ਜਿਸ ਵੱਲੋਂ ਅਮਰੀਕੀ ਅਧਿਕਾਰੀਆਂ ਨਾਲ ਮਿਲ ਕੇ ਹਵਾਲਗੀ ਸਬੰਧੀ ਕਾਨੂੰਨੀ ਅਮਲ ਪੂਰਾ ਕੀਤਾ ਜਾ ਰਿਹਾ ਹੈ ਤਾਂ ਜੋ ਪਾਕਿਸਤਾਨੀ ਮੂਲ ਦੇ ਕੈਨੇਡੀਅਨ ਨਾਗਰਿਕ ਨੂੰ ਭਾਰਤ ਲਿਆਂਦਾ ਜਾ ਸਕੇ।

# ਹਲਕਾ ਵਿਧਾਇਕ ਡੇਰਾਬਸੀ ਵੱਲੋਂ ਤਸਿੰਬਲੀ ਦੇ ਸਰਕਾਰੀ ਸਕੂਲ ਵਿੱਚ ਕੀਤਾ ਨਵੇਂ ਕਮਰੇ ਅਤੇ ਚਾਰਦੀਵਾਰੀ ਦਾ ਉਦਘਾਟਨ

## ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਲਾਲੜੂ / ਡੇਰਾਬਸੀ ਮਿਤੀ 9 ਅਪ੍ਰੈਲ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਜੀ, ਸਿੱਖਿਆ ਮੰਤਰੀ ਪੰਜਾਬ ਸ.ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਅੱਜ ਇੱਥੇ ਨੇੜਲੇ ਪਿੰਡ ਤਸਿੰਬਲੀ ਦੇ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਕੂਲ ਵਿੱਚ ਹਲਕਾ ਵਿਧਾਇਕ ਡੇਰਾਬਸੀ ਸ.ਕੁਲਜੀਤ ਸਿੰਘ ਰੰਧਾਵਾ ਨੇ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਤੇ ਲੋਕ ਅਰਪਿਤ ਕੀਤਾ ਗਿਆ। ਜਾਣਕਾਰੀ ਦਿੰਦਿਆਂ ਸਕੂਲ ਮੁਖੀ ਦੇਵ ਕਰਨ ਸਿੰਘ ਨੇ ਦੱਸਿਆ ਕਿ ਤਹਿ ਪ੍ਰੋਗਰਾਮ ਤਹਿਤ ਹਲਕਾ ਵਿਧਾਇਕ ਡੇਰਾਬਸੀ ਨੇ ਸਰਕਾਰੀ ਪ੍ਰਾਇਮਰੀ ਸਕੂਲ ਤਸਿੰਬਲੀ ਵਿੱਚ ਨਵੀਂ ਬਣੀ ਚਾਰਦੀਵਾਰੀ ਅਤੇ ਨਵੇਂ ਬਣੇ ਆਧੁਨਿਕ ਕਮਰਿਆਂ ਨੂੰ ਲੋਕ ਅਰਪਿਤ ਕੀਤਾ। ਸੱਭ ਤੋਂ ਪਹਿਲਾਂ ਇੱਥੇ ਪਹੁੰਚਣ ਤੇ ਉਹਨਾਂ ਦਾ ਨਿੱਘਾ ਸਵਾਗਤ ਸਕੂਲ ਸਟਾਫ਼ ਸਮੇਤ,ਗ੍ਰਾਮ ਪੰਚਾਇਤ ਅਤੇ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਗੁਲਦਸਤਾ ਦੇ ਕੇ ਕੀਤਾ,ਇਸ ਉਪਰੰਤ ਉਨ੍ਹਾਂ ਵੱਲੋਂ ਚਾਰਦੀਵਾਰੀ ਅਤੇ ਆਧੁਨਿਕ ਨਵੇਂ ਕਮਰੇ ਦੇ ਪੱਥਰ ਤੋਂ ਪਰਦਾ ਉਠਾਇਆ ਅਤੇ ਇਹਨਾਂ ਨੂੰ ਲੋਕ ਅਰਪਿਤ ਕੀਤਾ। ਇਸ ਮੌਕੇ ਉਨ੍ਹਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੇ ਕਮਰਿਆਂ ਨੂੰ ਨਿਹਾਰਿਆ ਅਤੇ ਸਕੂਲ ਵਿੱਚ ਹੋਏ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ ਸਕੂਲ ਸਿੱਖਿਆ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਕਿ ਪੰਜਾਬ ਨੂੰ ਸਿੱਖਿਆ ਦੇ ਖ਼ੇਤਰ ਵਿੱਚ ਬੁਲੰਦੀਆਂ ਤੇ ਪਹੁੰਚਾਇਆ ਜਾ ਸਕੇ। ਉਹਨਾਂ ਵੱਲੋਂ ਬੱਚਿਆਂ ਨਾਲ ਗੱਲਬਾਤ ਕਰਦਿਆਂ ਆਪਣੀ ਸਕੂਲੀ ਪੜ੍ਹਾਈ ਬਾਰੇ ਵੀ ਦੱਸਿਆ ਅਤੇ ਬੱਚਿਆਂ ਨੂੰ ਵਿੱਦਿਆ ਹਾਸਲ ਕਰਕੇ ਚੰਗੇ ਇਨਸਾਨ ਬਣਦਿਆਂ ਚੰਗੇ ਲੀਡਰ ਬਣਨ ਦੀ ਪ੍ਰੇਰਨਾ ਦਿੱਤੀ। ਬੱਚਿਆਂ ਅਤੇ ਮਾਪਿਆਂ ਸਮੇਤ ਹਾਜ਼ਰੀਨ ਲਈ ਨਾਸ਼ਤੇ ਦਾ ਪ੍ਰਬੰਧ ਵੀ ਸਕੂਲ ਵੱਲੋਂ ਕੀਤਾ ਗਿਆ ਸੀ। ਇਸ ਮੌਕੇ ਵੱਡੇ ਇਕੱਠ ਵਿੱਚ ਪਿੰਡ ਤਸਿੰਬਲੀ ਦੀ ਸਰਪੰਚ ਹਰਜਿੰਦਰ ਕੌਰ (ਪਤਨੀ ਲੰਬੜਦਾਰ ਦਰਬਾਰਾ ਸਿੰਘ) ਅਤੇ ਗ੍ਰਾਮ ਪੰਚਾਇਤ ਦੇ ਨੁਮਾਇੰਦੇ,ਸਕੂਲ ਪ੍ਰਬੰਧਕ ਕਮੇਟੀ ਦੇ ਨੁਮਾਇੰਦੇ,ਬੱਚਿਆਂ ਦੇ ਮਾਪੇ ਸਮੇਤ,ਪਤਵੰਤੇ, ਬੀਪੀਈਓ ਡੇਰਾਬਸੀ ਜਸਵੀਰ ਕੌਰ, ਕਲੱਸਟਰ ਮੁਖੀ ਹਰਪ੍ਰੀਤ ਸਿੰਘ, ਸੁਰੇਸ਼ ਕੁਮਾਰ ਕੋਆਰਡੀਨੇਟਰ, ਗਗਨ ਮੋਂਗਾ ਸਹਾਇਕ ਕੋਆਰਡੀਨੇਟਰ, ਰਾਜੇਸ਼ ਕੁਮਾਰ ਸਹਾਇਕ ਕੋਆਰਡੀਨੇਟਰ, ਗੁਰਮੀਤ ਸਿੰਘ ਕਸੇਲੀ ਸਕੂਲ ਮੁਖੀ, ਸਕੂਲ ਸਟਾਫ਼ ਵਿੱਚ ਮੀਨਾਕਸ਼ੀ ਸ਼ਰਮਾ, ਬੰਧਨਾਂ ਅਤੇ ਆਨੰਦ ਕੁਮਾਰ ਹਾਜ਼ਰ ਸਨ।

# ਸੰਵਿਧਾਨ ਬਚਾਓ ਸੰਘਰਸ਼ ਕਮੇਟੀ ਵੱਲੋਂ ਡੀ ਸੀ ਰੂਪਨਗਰ ਨੂੰ ਦਿਤਾ ਮੰਗ ਪੱਤਰ

## ਰਾਈਟ ਐਜੂਕੇਸ਼ਨ ਐਕਟ ਤਹਿਤ ਨਿਜੀ ਸਕੂਲਾਂ ਵਿੱਚ ਕਮਜ਼ੋਰ ਵਰਗ ਦੇ ਵਿਦਿਆਰਥੀਆਂ ਦੇ ਦਾਖ਼ਲੇ ਯਕੀਨੀ ਬਣਾਉਣ ਦੀ ਮੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਮੋਰਿੰਡਾ 9 ਅਪ੍ਰੈਲ,( ਪਤਰ ਪ੍ਰੇਰਕ,) ਸੰਵਿਧਾਨ ਬਚਾਓ ਸੰਘਰਸ਼ ਕਮੇਟੀ ਦਾ ਇਕ ਵਫ਼ਦ ਪ੍ਰਧਾਨ ਕਰਨੈਲ ਸਿੰਘ ਜੀਤ ਦੀ ਅਗਵਾਈ ਵਿੱਚ ਜ਼ਿਲ੍ਹਾ ਰੂਪਨਗਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੂੰ ਮਿਲਿਆ। ਇਸ ਸਮੇਂ ਵਫ਼ਦ ਨੇ ਡੀ ਸੀ ਰੂਪਨਗਰ ਨੂੰ ਇਕ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਰਾਈਟ ਐਜੂਕੇਸ਼ਨ ਐਕਟ 2009 ਦੇ ਤਹਿਤ ਪ੍ਰਾਈਵੇਟ ਗੈਰ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਕਮਜ਼ੋਰ ਅਤੇ ਗ਼ਰੀਬ ਵਰਗ ਦੇ ਵਿਦਿਆਰਥੀਆਂ ਦਾ 25 ਪ੍ਰਤੀਸ਼ਤ ਦਾਖ਼ਲਾ ਯਕੀਨੀ ਬਣਾਇਆ ਜਾਵੇ। ਇਸ ਸਮੇਂ ਕਰਨੈਲ ਸਿੰਘ ਜੀਤ ਨੇ ਦੱਸਿਆ ਕਿ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ 19 ਮਾਰਚ ਨੂੰ ਇਕ ਪਟੀਸ਼ਨ ਤੇ ਫ਼ੈਸਲਾ ਸੁਣਾਉਂਦਿਆਂ ਪੰਜਾਬ ਸਰਕਾਰ ਨੂੰ ਹਦਾਇਤ ਜਾਰੀ ਕੀਤੀ ਸੀ ਕਿ ਰਾਈਟ ਐਜੂਕੇਸ਼ਨ ਐਕਟ 2009 ਨੂੰ ਪੰਜਾਬ ਅੰਦਰ ਤੁਰੰਤ ਲਾਗੂ ਕੀਤਾ ਜਾਵੇ। ਪੰਜਾਬ ਸਰਕਾਰ ਨੇ 24 ਮਾਰਚ ਨੂੰ ਮਾਨਯੋਗ ਅਦਾਲਤ ਦੇ ਫੈਸਲੇ ਨੂੰ ਲਾਗੂ ਕਰਨ ਲਈ ਬਣਦੀ ਕਾਰਵਾਈ ਕਰਦਿਆਂ ਪੰਜਾਬ ਦੇ ਸਿੱਖਿਆ ਸਕੱਤਰ, ਡੀ ਪੀ ਆਈ ਪ੍ਰਾਇਮਰੀ ਅਤੇ ਐਲੀਮੈਂਟਰੀ ਸਮੇਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਪੱਤਰ ਜਾਰੀ ਕਰਕੇ ਨਿਜੀ ਸਕੂਲਾਂ ਵਿੱਚ ਕਮਜ਼ੋਰ ਵਰਗ ਦੇ ਵਿਦਿਆਰਥੀਆਂ ਦੇ 25 ਪ੍ਰਤੀਸ਼ਤ ਦਾਖਲੇ ਕਰਵਾਉਣ ਲਈ ਹੁਕਮ ਜਾਰੀ ਕੀਤੇ। ਕਰਨੈਲ ਸਿੰਘ ਜੀਤ ਨੇ ਦੱਸਿਆ ਕਿ ਭਾਵੇਂ ਸਿੱਖਿਆ ਵਿਭਾਗ ਦੇ ਵੱਡੇ ਅਧਿਕਾਰੀਆਂ ਨੂੰ ਇਸ ਸਬੰਧੀ ਪਤਰ ਮਿਲ ਚੁੱਕੇ ਹਨ ਪ੍ਰੰਤੂ ਬਲਾਕ ਸਿੱਖਿਆ ਅਫ਼ਸਰਾਂ ਦੀ ਇਸ ਸਬੰਧੀ ਕਾਰਗੁਜ਼ਾਰੀ ਜ਼ੀਰੋ ਹੈ। ਇਸ ਕਾਰਨ ਕਿਸੇ ਵੀ ਨਿਜੀ ਸਕੂਲ ਨੇ ਇਸ ਐਕਟ ਸਬੰਧੀ ਕੋਈ ਵਿਦਿਆਰਥੀ ਦਾਖਲ ਨਹੀਂ ਕੀਤਾ। ਜਦੋਂ ਕਿ ਆਮ ਸਕੂਲਾਂ ਵਿੱਚ ਵੱਡੇ ਪੱਧਰ ਤੇ ਵਿਦਿਆਰਥੀ ਦਾਖਲ ਕੀਤੇ ਜਾ ਰਹੇ ਹਨ। ਦਾਖਲੇ ਬੰਦ ਹੋਣ ਦੇ ਨੇੜੇ ਹਨ। ਵਫ਼ਦ ਨੇ ਡੀ ਸੀ ਤੋਂ ਤੁਰੰਤ ਦਖਲ ਦੀ ਮੰਗ ਕਰਦਿਆਂ ਆਖਿਆ ਕਿ ਰਾਈਟ ਐਜੂਕੇਸ਼ਨ ਐਕਟ 2009 ਤੇ ਅਮਲ ਕਰਦਿਆਂ ਕਮਜ਼ੋਰ ਵਰਗ ਅਤੇ ਗ਼ਰੀਬ ਵਰਗ ਨਾਲ ਸਬੰਧਤ 25 ਪ੍ਰਤੀਸ਼ਤ ਵਿਦਿਆਰਥੀਆਂ ਨੂੰ ਤੁਰੰਤ ਦਾਖਲ ਕਰਵਾਇਆ ਜਾਵੇ। ਡਿਪਟੀ ਕਮਿਸ਼ਨਰ ਰੂਪਨਗਰ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਸਬੰਧੀ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣਗੇ।

ਜ਼ਿਕਰਯੋਗ ਹੈ ਕਿ ਰਾਈਟ ਐਜੂਕੇਸ਼ਨ ਐਕਟ 2009 ਕੇਂਦਰ ਦੀ ਮਨਮੋਹਨ ਸਿੰਘ ਦੀ ਸਰਕਾਰ ਨੇ ਬਣਾਇਆ ਸੀ। ਇਸ ਐਕਟ ਤਹਿਤ ਗੈਰ ਸਰਕਾਰੀ ਸਹਾਇਤਾ ਪ੍ਰਾਪਤ ਨਿਜੀ ਸਕੂਲਾਂ ਨੂੰ ਕਮਜ਼ੋਰ ਵਰਗ ਦੇ 25 ਪ੍ਰਤੀਸ਼ਤ ਬੱਚੇ ਦਾਖਲ ਕਰਨ ਦੇ ਪਾਬੰਦ ਕੀਤੇ ਗਏ ਸਨ। ਉਸੇ ਸਮੇਂ ਸਾਰੇ ਦੇਸ਼ ਵਿਚ ਲਾਗੂ ਹੋ ਗਿਆ ਸੀ। ਪ੍ਰੰਤੂ ਪੰਜਾਬ ਦੀ ਬਾਦਲ ਸਰਕਾਰ ਨੇ ਇਸ ਨੂੰ ਗੈਰ ਸੰਵਿਧਾਨਕ ਤਰੀਕੇ ਨਾਲ ਰੋਕ ਲਿਆ ਸੀ। ਸਮਾਜਿਕ ਜਥੇਬੰਦੀਆਂ ਨੇ ਇਸ ਲਈ ਲੰਮਾ ਸਮਾਂ ਸੰਘਰਸ਼ ਕੀਤਾ। ਸੰਘਰਸ਼ ਦੀ ਅਗਲੀ ਲੜੀ ਤਹਿਤ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਚ ਪਟੀਸ਼ਨ ਦਾਇਰ ਕੀਤੀ। ਮਾਨਯੋਗ ਅਦਾਲਤ ਨੇ ਇਸ ਪਟੀਸ਼ਨ ਦਾ ਫੈਸਲਾ ਸੁਣਾਉਂਦਿਆਂ ਪੰਜਾਬ ਸਰਕਾਰ ਨੂੰ ਇਹ ਐਕਟ ਤੁਰੰਤ ਲਾਗੂ ਕਰਨ ਦੇ ਹੁਕਮ ਦਿੱਤੇ। ਪੰਜਾਬ ਸਰਕਾਰ ਨੇ ਅਦਾਲਤ ਦੇ ਹੁਕਮਾਂ ਦੀ ਪਾਲਣਾ ਕਰਦਿਆਂ 24 ਮਾਰਚ ਨੂੰ ਸਿੱਖਿਆ ਵਿਭਾਗ ਦੇ ਸਾਰੇ ਅਧਿਕਾਰੀਆਂ ਨੂੰ ਪੱਤਰ ਜਾਰੀ ਕਰ ਦਿੱਤੇ। ਪ੍ਰੰਤੂ ਨਿਚਲੇ ਪੱਧਰ ਦੇ ਸਿੱਖਿਆ ਅਧਿਕਾਰੀ ਇਸ ਐਕਟ ਨੂੰ ਨਿਜੀ ਸਕੂਲਾਂ ਵਿੱਚ ਲਾਗੂ ਕਰਵਾਉਣ ਵਿੱਚ ਆਪਣੀ ਡਿਊਟੀ ਇਮਾਨਦਾਰੀ ਨਾਲ ਨਹੀਂ ਨਿਭਾ ਰਹੇ। ਇਸ ਵਫ਼ਦ ਵਿੱਚ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਮੋਨਿਕਾ ਰਾਣੀ, ਸੰਦੀਪ ਕੁਮਾਰ ਸੋਨੂੰ, ਹਰਮਿੰਦਰ ਸਿੰਘ ਲੱਕੀ, ਸਾਬਕਾ ਕੌਂਸਲਰ ਮੋਹਨ ਲਾਲ ਕਾਲਾ, ਮੁਲਾਜ਼ਮ ਆਗੂ ਮਲਾਗਰ ਸਿੰਘ ਖਮਾਣੋਂ, ਡਾ ਜਸਵਿੰਦਰ ਸਿੰਘ ਕਕਰਾਲੀ,ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾਈ ਆਗੂ ਰਾਣਾ ਪ੍ਰਤਾਪ ਸਿੰਘ ਮਜ਼ਦੂਰ ਯੂਨੀਅਨ ਦੇ ਨੇਤਾ ਬਲਵਿੰਦਰ ਸਿੰਘ ਆਦਿ ਸੰਘਰਸ਼ ਕਮੇਟੀ ਦੇ ਆਗੂ ਹਾਜਰ ਸਨ।

# ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਲਹਿਰਾ ਹਲਕੇ ਦੇ ਸਰਕਾਰੀ ਸਕੂਲਾਂ ਵਿੱਚ 84.36 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਲਹਿਰਾ/ਮੂਨਕ/ਸੰਗਰੂਰ, 9 ਅਪ੍ਰੈਲ, 2025: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਤੇ ਹਲਕਾ ਲਹਿਰਾ ਤੋਂ ਵਿਧਾਇਕ ਬਰਿੰਦਰ ਗੋਇਲ ਵੱਲੋਂ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 84.36 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਪਿੰਡ ਕੜੈਲ ਦੇ ਸਰਕਾਰੀ ਮਿਡਲ ਸਕੂਲ ਵਿੱਚ ਮਾਨ ਸਰਕਾਰ ਵੱਲੋਂ 33.03 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਰਵਾਏ ਗਏ ਵਾਧੂ ਕਮਰੇ, ਚਾਰਦਿਵਾਰੀ ਅਤੇ ਪਖਾਨਿਆਂ ਵਾਲੇ ਬਲਾਕ ਦਾ ਉਦਘਾਟਨ ਕੀਤਾ। ਇਸਦੇ ਨਾਲ ਹੀ ਮੰਤਰੀ ਗੋਇਲ ਵੱਲੋਂ ਸਰਕਾਰੀ ਮਿਡਲ ਸਕੂਲ ਆਲਮਪੁਰ ਵਿਖੇ 23.90 ਲੱਖ ਰੁਪਏ ਦੀ ਲਾਗਤ ਨਾਲ ਵਾਧੂ ਕਮਰਿਆਂ ਤੇ ਚਾਰਦਿਵਾਰੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਖੋਰਾ ਕਲਾਂ ਵਿਖੇ 19.73 ਲੱਖ ਰੁਪਏ ਦੀ ਲਾਗਤ ਨਾਲ ਸਪੋਰਟ ਟਰੈਕ, ਚਾਰਦਿਵਾਰੀ ਅਤੇ ਲੜਕੇ-ਲੜਕੀਆਂ ਲਈ ਵੱਖੋ-ਵੱਖਰੇ ਪਖਾਨਿਆਂ ਦੇ ਬਲਾਕਾਂ ਦਾ ਉਦਘਾਟਨ ਕੀਤਾ। ਇਸੇ ਤਰ੍ਹਾਂ ਉਨ੍ਹਾਂ ਵੱਲੋਂ ਸਰਕਾਰੀ ਹਾਈ ਸਕੂਲ ਅਲੀਸ਼ੇਰ ਵਿਖੇ 7.70 ਲੱਖ ਰੁਪਏ ਦੀ ਲਾਗਤ ਨਾਲ ਮੁੜ ਉਸਾਰੀ ਚਾਰਦਿਵਾਰੀ ਅਤੇ ਪਖਾਨਿਆਂ ਵਾਲੇ ਬਲਾਕ ਦਾ ਉਦਘਾਟਨ ਕੀਤਾ। ਇਨ੍ਹਾਂ ਸਮਾਗਮਾਂ ਦੌਰਾਨ ਕੈਬਨਿਟ ਮੰਤਰੀ ਗੋਇਲ ਨੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ।

ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਮੇਸ਼ਾ ਹੀ ਸਿੱਖਿਆ ਅਤੇ ਸਿਹਤ ਦੇ ਖੇਤਰਾਂ ਨੂੰ ਤਰਜੀਹੀ ਖੇਤਰਾਂ ਵਜੋਂ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਮਾਨ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੂਰੇ ਸੂਬੇ ਦੇ ਸਰਕਾਰੀ ਸਕੂਲਾਂ ਦੀ ਬੁਨਿਆਦੀ ਢਾਂਚੇ ਪੱਖੋਂ ਨੁਹਾਰ ਬਦਲਣ ਦਾ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਭਵਿੱਖ ਵਿੱਚ ਬਹੁਤ ਸਾਰਥਕ ਨਤੀਜੇ ਨਿਕਲ ਕੇ ਸਾਹਮਣੇ ਆਉਣਗੇ ਕਿਉਂਕਿ ਇਸ ਸਾਲ ਸਰਕਾਰੀ ਸਕੂਲਾਂ ਦੇ ਲਗਭਗ 200 ਵਿਦਿਆਰਥੀਆਂ ਨੇ ਜੇ.ਈ.ਈ. ਦਾ ਟੈਸਟ ਪਾਸ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਮਾਨ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਉਨ੍ਹਾਂ ਦੀ ਸਰਕਾਰ ਵੱਲੋਂ ਸਕੂਲਾਂ ਵਿੱਚ ਪੂਰੇ ਪਾਰਦਰਸ਼ੀ ਢੰਗ ਨਾਲ ਹਰ ਲੋੜੀਂਦੀ ਸਹੂਲਤ ਮੁਹੱਈਆ ਕਰਵਾਉਣ ਲਈ ਪੂਰੀ ਵਾਹ ਲਗਾਈ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਜੋ ਪੱਛੜ ਗਏ ਸਨ ਹੁਣ ਮੁੜ ਆਧੁਨਿਕਤਾ ਦੀ ਲੀਹ ਤੇ ਲਿਆਂਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਬੁਨਿਆਦੀ ਢਾਂਚੇ ਦੇ ਨਾਲ-ਨਾਲ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤ ਤੋਂ ਅਧਿਆਪਕਾਂ ਦੀ ਪੱਕੀ ਭਰਤੀ ਕਰਨੀ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੀ ਅੱਜ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਵਧੀਆ ਸਹੂਲਤਾਂ ਉਪਲਬਧ ਹਨ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਵਿੰਦਰ ਕੌਰ, ਡੀ.ਐਸ.ਪੀ. ਗੁਰਿੰਦਰ ਸਿੰਘ ਬੱਲ, ਡੀ.ਐਸ.ਪੀ. ਦਲਜੀਤ ਸਿੰਘ ਵਿਰਕ, ਬਲਾਕ ਨੋਡਲ ਅਫ਼ਸਰ ਮੂਨਕ ਅਰੁਣ ਗਰਗ, ਬਲਾਕ ਨੋਡਲ ਅਫ਼ਸਰ ਦਿਲਦੀਪ ਕੌਰ, ਪ੍ਰਿੰਸੀਪਲ ਅਨਿਲ ਜੈਨ, ਰਾਕੇਸ਼ ਕੁਮਾਰ ਸਰਕਾਰੀ ਹਾਈ ਸਕੂਲ ਅਲੀਸ਼ੇਰ, ਕਿਰਨਦੀਪ ਸਿੰਘ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਖੋਰਾ ਕਲਾਂ, ਅਵਤਾਰ ਸਿੰਘ ਸਕੂਲ ਮੁਖੀ ਸਰਕਾਰੀ ਮਿਡਲ ਸਕੂਲ ਆਲਮਪੁਰ, ਅਮਨ ਸਿੰਘ ਸਕੂਲ ਮੁਖੀ ਸਰਕਾਰੀ ਮਿਡਲ ਸਕੂਲ ਕੜੈਲ, ਸੰਦੀਪ ਕੁਮਾਰ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂਨਕ, ਪੀ.ਏ. ਰਾਕੇਸ਼ ਗੁਪਤਾ, ਬੂਟਾ ਸਿੰਘ ਆਲਮਪੁਰ, ਮਨਜੀਤ ਸਿੰਘ, ਗੁਰਲਾਲ ਸਿੰਘ ਸਰਪੰਚ ਬਖੋਰਾ ਕਲਾਂ ਬਹਾਦਰ ਸਿੰਘ ਬਖੋਰਾ, ਮਨਜੀਤ ਸਿੰਘ ਸਰਪੰਚ ਅਲੀਸ਼ੇਰ, ਕਾਕਾ ਸਿੰਘ ਅਲੀਸ਼ੇਰ, ਸਾਰਜ ਸਿੰਘ ਸਰਪੰਚ ਕੜੈਲ, ਰਿੰਕੂ ਸਿੰਘ ਕੁਦਨੀ, ਨੰਛਤਰ ਰਾਊ ਐਮ ਸੀ ਮੂਨਕ, ਬਲਵੀਰ ਸੈਣੀ, ਰਾਜਵੀਰ ਸਿੰਘ ਸਰਪੰਚ ਸੁਰਜਨ ਭੈਣੀ, ਗੁਰਲਾਲ ਸਿੰਘ ਸਾਬਕਾ ਵਾਈਸ ਪਧਾਨ ਨਗਰ ਕੌਂਸਲ ਲਹਿਰਾ, ਸਕੂਲਾਂ ਦਾ ਸਟਾਫ਼, ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਲੌਂਗੋਵਾਲ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ 40 ਕਰੋੜ ਰੁਪਏ ਤੋਂ ਵੀ ਵੱਧ ਲਾਗਤ ਨਾਲ ਵਿਕਾਸ ਕਾਰਜ ਕਰਵਾਏ: ਅਮਨ ਅਰੋੜਾ

## ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲੌਂਗੋਵਾਲ ਵਿਖੇ ਪਟਵਾਰਖ਼ਾਨੇ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਲੌਂਗੋਵਾਲ/ਸੰਗਰੂਰ, 9 ਅਪ੍ਰੈਲ, 2025: ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲੌਂਗੋਵਾਲ ਦੇ ਪਟਵਾਰੀਆਂ ਦੀ ਇਕ ਅਹਿਮ ਮੰਗ ਨੂੰ ਪੂਰਾ ਕਰਦੇ ਹੋਏ ਪਟਵਾਰਖਾਨੇ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਐਸਡੀਐਮ ਚਰਨਜੋਤ ਸਿੰਘ ਵਾਲੀਆ ਵੀ ਉਨ੍ਹਾਂ ਦੇ ਨਾਲ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪਟਵਾਰਖਾਨੇ ਦੀ ਹਾਲਤ ਤਰਸਯੋਗ ਸੀ ਅਤੇ ਪਟਵਾਰੀਆਂ ਸਮੇਤ ਕੰਮ ਕਾਰ ਕਰਵਾਉਣ ਲਈ ਆਉਣ ਵਾਲੇ ਲੋਕਾਂ ਨੂੰ ਇਮਾਰਤ ਦੀ ਖ਼ਸਤਾ ਹਾਲਤ ਅਤੇ ਬੁਨਿਆਦੀ ਸੁਵਿਧਾਵਾਂ ਦੀ ਘਾਟ ਕਾਰਨ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਜਿਸ ਨੂੰ ਦੇਖਦਿਆਂ 34.48 ਲੱਖ ਰੁਪਏ ਦੀ ਰਾਸ਼ੀ ਨਾਲ ਇਸ ਪਟਵਾਰਖਾਨੇ ਦਾ ਕਾਇਆ ਕਲਪ ਕੀਤਾ ਜਾਵੇਗਾ ਜਿਸ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਮਾਲ ਵਿਭਾਗ ਨਾਲ ਸੰਬੰਧਿਤ ਸੇਵਾਵਾਂ ਹਾਸਿਲ ਕਰਨ ਵਿੱਚ ਲੋਕਾਂ ਨੂੰ ਸੁਵਿਧਾ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਨਵੀਨੀਕਰਨ ਪ੍ਰੋਜੈਕਟ ਵਿੱਚ ਜਿੱਥੇ ਪਟਵਾਰ ਸਟੇਸ਼ਨ ਨੂੰ ਨਵੇਂ ਸਿਰਿਉਂ ਤਿਆਰ ਕੀਤਾ ਜਾਵੇਗਾ ਉੱਥੇ ਹੀ ਇੰਟਰਲਾਕਿੰਗ ਟਾਈਲ , ਨਵੇਂ ਬਾਥਰੂਮਾਂ ਦੀ ਉਸਾਰੀ ਅਤੇ ਨਵੀਂ ਰਸੋਈ ਦੀ ਉਸਾਰੀ ਵੀ ਹੋਵੇਗੀ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ 52 ਸ਼ਹੀਦਾਂ ਦੀ ਧਰਤੀ ਲੌਂਗੋਵਾਲ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ 40 ਕਰੋੜ ਰੁਪਏ ਤੋਂ ਵੀ ਵੱਧ ਲਾਗਤ ਨਾਲ ਵੱਡੀ ਗਿਣਤੀ ਵਿੱਚ ਵਿਕਾਸ ਪ੍ਰੋਜੈਕਟ ਮੁਕੰਮਲ ਕਰਵਾਏ ਜਾ ਚੁੱਕੇ ਹਨ ਅਤੇ ਅਨੇਕਾਂ ਹੀ ਹੋਰ ਪ੍ਰੋਜੈਕਟ ਪ੍ਰਗਤੀ ਅਧੀਨ ਹਨ ਜਿਨਾਂ ਦੇ ਪੂਰਾ ਹੋਣ ਨਾਲ ਲੌਂਗੋਵਾਲ ਨਿਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ।

ਇਸ ਮੌਕੇ ਪਰਮਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ, ਵਿੱਕੀ ਵਸ਼ਿਸ਼ਟ ਬਲਾਕ ਪ੍ਰਧਾਨ, ਸੂਬੇਦਾਰ ਮੇਲਾ ਸਿੰਘ ਐਮਸੀ, ਗੁਰਮੀਤ ਸਿੰਘ ਫੌਜੀ ਐਮਸੀ, ਬਲਵਿੰਦਰ ਸਿੰਘ ਐਮਸੀ, ਦਵਿੰਦਰ ਢਿੱਲੋਂ, ਸੀਸ਼ਨਪਾਲ ਐਮਸੀ ਵੀ ਹਾਜ਼ਰ ਸਨ।

# ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਸੰਗਰੂਰ ਸਮੇਤ ਪੰਜਾਬ ਦੇ 7 ਜ਼ਿਲ੍ਹਿਆਂ ਦੇ ਅਧਿਕਾਰੀਆਂ ਨਾਲ ਕਣਕ ਦੇ ਖਰੀਦ ਪ੍ਰਬੰਧਾਂ ਬਾਰੇ ਸਮੀਖਿਆ ਮੀਟਿੰਗ

- ਪੰਜਾਬ ਦੀਆਂ ਅਨਾਜ ਮੰਡੀਆਂ ਕਿਸਾਨਾਂ ਦੇ ਸਵਾਗਤ ਲਈ ਤਿਆਰ: ਲਾਲ ਚੰਦ ਕਟਾਰੂਚੱਕ
- ਕਣਕ ਦੀ ਬੰਪਰ ਫ਼ਸਲ ਦੀ ਸੰਭਾਵਨਾ ਦੇ ਚਲਦਿਆਂ 124 ਲੱਖ ਮੀਟਰਿਕ ਟਨ ਖਰੀਦ ਦਾ ਟੀਚਾ ਮਿਥਿਆ, 1864 ਖਰੀਦ ਕੇਂਦਰ ਸਥਾਪਤ, 600 ਆਰਜ਼ੀ ਮੰਡੀਆਂ ਦਾ ਵੀ ਕੀਤਾ ਪ੍ਰਬੰਧ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪ੍ਰੈਲ INTERNATIONAL PAPER, 94636 01616 hardipchumber57@gmail.com



ਦਲਜੀਤ ਕੌਰ

ਸੰਗਰੂਰ, 9 ਅਪ੍ਰੈਲ, 2025: ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੰਗਰੂਰ ਜ਼ਿਲ੍ਹੇ ਸਮੇਤ ਪੰਜਾਬ ਦੇ 7 ਜ਼ਿਲ੍ਹਿਆਂ ਵਿੱਚ ਕਣਕ ਦੀ ਖਰੀਦ ਲਈ ਕੀਤੇ ਪ੍ਰਬੰਧਾਂ ਬਾਰੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਪੱਸ਼ਟ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਸਮੁੱਚੇ ਸੀਜ਼ਨ ਦੌਰਾਨ ਕਿਸੇ ਵੀ ਅਨਾਜ ਮੰਡੀ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਕਣਕ ਦੇ ਖਰੀਦ ਪ੍ਰਬੰਧਾਂ ਨਾਲ ਜੁੜੇ ਕਿਸੇ ਵੀ ਵਰਗ ਨੂੰ ਕੋਈ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮੰਡੀਆਂ ਜਿਣਸ ਲੈ ਕੇ ਆਉਣ ਵਾਲੇ ਕਿਸਾਨਾਂ ਦੇ ਸਵਾਗਤ ਲਈ ਪੂਰੀ ਤਰ੍ਹਾਂ ਤਿਆਰ ਹਨ ਅਤੇ ਮੰਡੀਆਂ ਵਿੱਚ ਖਰੀਦ, ਲਿਫਟਿੰਗ, ਬਾਰਦਾਨੇ, ਕਰੇਟਾਂ ਤੇ ਅਦਾਇਗੀ ਸਬੰਧੀ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਅਧਿਕਾਰੀਆਂ ਦੀ ਮੀਟਿੰਗ ਦੌਰਾਨ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਜਿਵੇਂ ਪੀਣ ਵਾਲੇ ਪਾਣੀ, ਸਾਫ਼ ਸਫਾਈ, ਰੌਸ਼ਨੀ ਪ੍ਰਬੰਧਾਂ, ਗੁਸਲਖਾਨਿਆਂ ਦੀ ਸਫਾਈ ਆਦਿ ਸਬੰਧੀ ਵਧੀਆ ਫੀਡਬੈਕ ਮਿਲੀ ਹੈ ਅਤੇ ਇਸ ਵਾਰ ਵੀ ਕਣਕ ਦੀ ਖਰੀਦ ਦਾ ਸੀਜ਼ਨ ਸ਼ਾਨਦਾਰ ਰਹੇਗਾ। ਉਨ੍ਹਾਂ ਦੱਸਿਆ ਕਿ ਇਸ ਸਾਲ ਕਣਕ ਦੀ ਬੰਪਰ ਫਸਲ ਹੋਣ ਦੀ ਸੰਭਾਵਨਾ ਹੈ ਅਤੇ 124 ਲੱਖ ਮੀਟਰਿਕ ਟਨ ਕਣਕ ਖਰੀਦਣ ਦਾ ਟੀਚਾ ਮਿਥਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਨੇ 28 ਹਜ਼ਾਰ 894 ਕਰੋੜ ਰੁਪਏ ਦੀ ਕੈਸ਼ ਕ੍ਰੈਡਿਟ ਲਿਮਟ (ਸੀਸੀਐਲ) ਦਾ ਪ੍ਰਬੰਧ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸੀਜ਼ਨ ਦੌਰਾਨ ਪੰਜਾਬ ਦੀਆਂ ਮੰਡੀਆਂ ਵਿੱਚ 8 ਲੱਖ ਦੇ ਕਰੀਬ ਕਿਸਾਨ ਆਪਣੀ ਜਿਣਸ ਲੈ ਕੇ ਆਉਣਗੇ ਜਿਸ ਦੇ ਸਨਮੁੱਖ 1864 ਖਰੀਦ ਕੇਂਦਰ ਬਣਾਏ ਗਏ ਹਨ ਅਤੇ ਇਸ ਤੋਂ ਇਲਾਵਾ 600 ਆਰਜ਼ੀ ਮੰਡੀਆਂ ਵੀ ਬਣਾਈਆਂ ਗਈਆਂ ਹਨ ਜਿਨ੍ਹਾਂ ਦੀ ਲੋੜ ਅਨੁਸਾਰ ਵਰਤੋਂ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਦੀਆਂ ਅਨਾਜ ਮੰਡੀਆਂ ਵਿੱਚ ਵਿਸਾਖੀ ਨੇੜੇ ਭਰਪੂਰ ਫਸਲ ਆਉਣੀ ਸ਼ੁਰੂ ਹੋ ਜਾਵੇਗੀ ਅਤੇ ਮੰਡੀਆਂ ਵਿੱਚ ਆਉਣ ਵਾਲੇ ਕਣਕ ਦੇ ਹਰੇਕ ਦਾਣੇ ਦੀ ਖਰੀਦ ਨੂੰ ਯਕੀਨੀ ਬਣਾਉਣ ਅਤੇ 24 ਘੰਟਿਆਂ ਅੰਦਰ ਅਦਾਇਗੀ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸੰਗਰੂਰ, ਬਠਿੰਡਾ, ਮਾਨਸਾ, ਮਲੇਰਕੋਟਲਾ, ਫਤਿਹਗੜ੍ਹ ਸਾਹਿਬ, ਮੁਕਤਸਰ ਸਾਹਿਬ ਤੇ ਫਾਜ਼ਿਲਕਾ ਜ਼ਿਲ੍ਹਿਆਂ ਦੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰਾਂ, ਫੂਡ ਸਪਲਾਈ ਅਫ਼ਸਰਾਂ, ਸਰਕਾਰੀ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਨੂੰ ਹਦਾਇਤ ਕੀਤੀ ਕਿ ਉਹ ਬਿਨਾਂ ਕਿਸੇ ਠੋਸ ਕਾਰਨ ਤੋਂ ਛੁੱਟੀ ਨਹੀਂ ਲੈਣਗੇ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀਆਂ ਦਿੱਕਤਾਂ ਦਾ ਸਾਹਮਣਾ ਨਾ ਕਰਨਾ ਪਵੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ, ਵਧੀਕ ਡਿਪਟੀ ਕਮਿਸ਼ਨਰ ਅਮਿਤ ਬੈਂਬੀ, ਐਸ.ਪੀ ਨਵਰੀਤ ਸਿੰਘ ਵਿਰਕ, ਐਸ.ਡੀ.ਐਮ ਚਰਨਜੋਤ ਸਿੰਘ ਵਾਲੀਆ, ਡਿਪਟੀ ਡਾਇਰੈਕਟਰ ਫੂਡ ਤੇ ਸਿਵਲ ਸਪਲਾਈ ਪਟਿਆਲਾ, ਫਰੀਦਕੋਟ ਤੇ ਫਿਰੋਜ਼ਪੁਰ ਡਵੀਜ਼ਨ ਵੀ ਹਾਜ਼ਰ ਸਨ।

# ਕੈਬਨਿਟ ਮੰਤਰੀ ਅਮਨ ਅਰੋੜਾ ਨੇ 47.23 ਕਰੋੜ ਦੀ ਲਾਗਤ ਨਾਲ ਬਣਨ ਵਾਲੀਆਂ ਤਿੰਨ ਸੜਕਾਂ ਦੇ ਨੀਂਹ ਪੱਥਰ ਰੱਖੇ

## ਅਗਲੇ 6 ਮਹੀਨਿਆਂ ਦੇ ਅੰਦਰ ਅੰਦਰ ਹੋਣਗੀਆਂ ਮੁਕੰਮਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪ੍ਰੈਲ INTERNATIONAL PAPER, 94636 01616 hardipchumber57@gmail.com



ਦਲਜੀਤ ਕੌਰ

ਸੁਨਾਮ ਊਧਮ ਸਿੰਘ ਵਾਲਾ, 9 ਅਪ੍ਰੈਲ, 2025: ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਅਧੀਨ ਆਉਂਦੀਆਂ ਤਿੰਨ ਅਹਿਮ ਸੜਕਾਂ ਦੀ ਅਪਗ੍ਰੇਡੇਸ਼ਨ ਕਰਨ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਦਿਆਂ ਰਸਮੀ ਸ਼ੁਰੂਆਤ ਕਰਵਾਈ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਲੋਕਾਂ ਨੂੰ ਸਰਵੋਤਮ ਸੁਵਿਧਾਵਾਂ ਦੇਣ ਲਈ ਵਚਨਬੱਧ ਹੈ ਅਤੇ ਲੋੜੀਂਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ 19.59 ਕਰੋੜ ਰੁਪਏ ਦੀ ਲਾਗਤ ਨਾਲ ਸੁਨਾਮ ਜਖੇਪਾਲ ਧਰਮਗੜ੍ਹ ਰੋਡ ਨੂੰ ਅਪਗ੍ਰੇਡ ਕਰਨ ਦਾ ਕੰਮ ਸ਼ੁਰੂ ਕਰਵਾਉਂਦਿਆਂ ਦੱਸਿਆ ਕਿ 20.54 ਕਿਲੋਮੀਟਰ ਲੰਬੀ ਸੜਕ ਨੂੰ ਬਣਾਉਣ ਦਾ ਕੰਮ ਛੇ ਮਹੀਨਿਆਂ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਨੇ 23.16 ਕਰੋੜ ਦੀ ਲਾਗਤ ਨਾਲ ਸੁਨਾਮ ਬਖਸ਼ੀਵਾਲਾ ਬਰੇਟਾ ਰੋਡ ਦੀ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ ਵੀ ਰੱਖਿਆ ਅਤੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜ ਮਹੀਨਿਆਂ ਅੰਦਰ ਹੀ ਸੜਕ ਨਵੀਨੀਕਰਨ ਦੇ ਪ੍ਰੋਜੈਕਟ ਨੂੰ ਪੂਰਾ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਮੰਤਰੀ ਅਮਨ ਅਰੋੜਾ ਨੇ ਸੁਨਾਮ ਬਿਗੜਵਾਲ ਮਰਦਖੇੜਾ ਰੋਡ ਦੀ ਅਪਗ੍ਰੇਡੇਸ਼ਨ ਦਾ ਕੰਮ ਵੀ ਸ਼ੁਰੂ ਕਰਵਾਇਆ। ਉਹਨਾਂ ਦੱਸਿਆ ਕਿ 4.48 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਅਗਲੇ ਚਾਰ ਮਹੀਨਿਆਂ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਤਿੰਨੇ ਸੜਕਾਂ ਹੀ ਪਿਛਲੇ ਲੰਬੇ ਸਮੇਂ ਤੋਂ ਮੁਰੰਮਤ ਨੂੰ ਤਰਸ ਰਹੀਆਂ ਸਨ ਅਤੇ ਇੱਥੋਂ ਲੰਘਣ ਵਾਲਿਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਮ੍ਹਣਾ ਕਰਨਾ ਪੈ ਰਿਹਾ ਸੀ। ਸ਼੍ਰੀ ਅਰੋੜਾ ਨੇ ਕਿਹਾ ਕਿ ਹਲਕਾ ਸੁਨਾਮ ਦੇ ਸੜਕੀ ਨੈਟਵਰਕ ਨੂੰ ਨੰਬਰ ਇੱਕ ਬਣਾਉਣ ਲਈ ਉਹ ਯੋਜਨਾਬੱਧ ਤਰੀਕੇ ਨਾਲ ਵਿਕਾਸ ਕਾਰਜਾਂ ਨੂੰ ਅਮਲ ਵਿੱਚ ਲਿਆ ਰਹੇ ਹਨ ਅਤੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚੋਂ ਲੰਘਦੀਆਂ ਸੜਕਾਂ ਨੂੰ ਵੱਖ ਵੱਖ ਸਕੀਮਾਂ ਤਹਿਤ ਬਿਲਕੁਲ ਦਰੁਸਤ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਐਸ.ਡੀ.ਐਮ ਪ੍ਰਮੋਦ ਸਿੰਗਲਾ ਅਤੇ ਐਸ.ਡੀ.ਓ ਅਨਿਲ ਗਰਗ, ਨਿਸ਼ਾਨ ਸਿੰਘ ਟੋਨੀ ਪ੍ਰਧਾਨ ਨਗਰ ਕੌਂਸਲ, ਮੁਕੇਸ਼ ਜੁਨੇਜਾ ਚੇਅਰਮੈਨ ਮਾਰਕੀਟ ਕਮੇਟੀ, ਜਤਿੰਦਰ ਜੈਨ, ਸਾਹਿਬ ਸਿੰਘ ਬਲਾਕ ਪ੍ਰਧਾਨ, ਰਵੀ ਕਮਲ ਗੋਇਲ, ਹਰਵਿੰਦਰ ਸਿੰਘ ਨਾਮਧਾਰੀ, ਮਨਪ੍ਰੀਤ ਬਾਂਸਲ, ਨਰਿੰਦਰ ਸਿੰਘ ਠੇਕੇਦਾਰ, ਮਨੀਸ਼ ਸੋਨੀ, ਪਰਮਿੰਦਰ ਸਿੰਘ ਧਾਲੀਵਾਲ, ਮਨੀ ਸਰਾਓ, ਮੰਗਲ ਕਾਲਾ, ਸੁਭਾਸ਼ ਤਨੇਜਾ, ਲਵਦੀਪ ਸਿੰਘ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਬਿਗੜਵਾਲ, ਸਰਪੰਚ ਜਸਵੀਰ ਸਿੰਘ, ਰਾਮ ਕੁਮਾਰ ਰਿੰਪੀ ਬਿੰਦ, ਭਾਨੂੰ ਪ੍ਰਤਾਪ ਵੀ ਹਾਜ਼ਰ ਸਨ।

# ਬੰਗਾ ਵਿਖੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦੀ ਸ਼ੋਭਾ ਯਾਤਰਾ ਕੱਢੀ ਜਾਵੇਗੀ- ਡੋਗਰ ਰਾਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪ੍ਰੈਲ INTERNATIONAL PAPER, 94636 01616 hardipchumber57@gmail.com



ਬੰਗਾ (ਚਰਨਜੀਤ ਸੱਲ੍ਹਾ )ਹਰ ਸਾਲ ਦੀ ਤਰ੍ਹਾਂ ਇਸ ਸਾਲ 12 ਅਪ੍ਰੈਲ ਨੂੰ ਦਿਨ ਸ਼ਨੀਵਾਰ ਨੂੰ ਦੁਪਹਿਰ ਦੇ ਤਿੰਨ ਵਜੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦੇ ਆਦਮ ਕੱਦ ਬੁੱਤ ਤੋਂ ਸ਼ੋਭਾ ਯਾਤਰਾ ਅਰੰਭ ਹੋਵੇਗਾ ਇਸ ਸ਼ਬਦ ਡੋਗਰ ਰਾਮ ਡਾ ਅੰਬੇਡਕਰ ਸੈਨਾ ਮੂਲ ਨਿਵਾਸੀ ਦੇ ਜ਼ਿਲ੍ਹਾ ਪ੍ਰਧਾਨ ਨੇ ਅੱਜ ਬਾਬਾ ਸਾਹਿਬ ਦੇ ਬੁੱਤ ਤੇ ਕਹੇ। ਉਹਨਾਂ ਸਾਰੇ ਪਿੰਡਾਂ ਅਤੇ ਸ਼ਹਿਰ ਵਾਲਿਆਂ ਨੂੰ ਇਸ ਖੁਸ਼ੀ ਦੇ ਮੌਕੇ ਇੱਕਠੇ ਹੋਕੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਮਨਾਈਏ। ਉਨ੍ਹਾਂ ਇਹ ਵੀ ਦੱਸਿਆ ਕਿ 14 ਅਪ੍ਰੈਲ 2025 ਦਿਨ ਸੋਮਵਾਰ ਨੂੰ ਬਹੁਤ ਹੀ ਸ਼ਰਧਾ ਦੇ ਨਾਲ ਸਮਾਗਮ ਕਰਕੇ ਜਨਮ ਦਿਨ ਨੂੰ ਖੁਸ਼ੀਆਂ ਨਾਲ ਮਨਾਈਏ। ਇਸ ਮੌਕੇ ਅਰੁਣ ਘਈ ਸਾਹਿਬ, ਦੀਪਕ ਘਈ,ਪਾਲੇ ਬੈਂਸ ਐਮ ਸੀ, ਜੈ ਪਾਲ ਠੇਕੇਦਾਰ ,ਨਿਰਮਲ ਟੇਲਰ, ਬਲਜੀਤ ਕੁਮਾਰ, ਸੁਖਦੇਵ ਕੁਮਾਰ ਅਤੇ ਹੋਰ ਬਹੁਤ ਸਾਰੇ ਬਾਬਾ ਸਾਹਿਬ ਨੂੰ ਮੰਨਣ ਵਾਲੇ ਹਾਜ਼ਰ ਸਨ।

# ਸੂਬੇਦਾਰ ਹੇਮ ਸਿੰਘ ਨਮਿੱਤ ਸ਼ਰਧਾਂਜ਼ਲੀ ਸਮਾਗਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪ੍ਰੈਲ INTERNATIONAL PAPER, 94636 01616 hardipchumber57@gmail.com



ਬੰਗਾ (ਚਰਨਜੀਤ ਸੱਲ੍ਹਾ )ਪੱਤਰਕਾਰ ਭਾਈਚਾਰੇ ਦੇ ਮੈਂਬਰ ਸ.ਬਲਦੇਵ ਸਿੰਘ ਬੱਧਣ ਦੇ ਪਿਤਾ ਸੂਬੇਦਾਰ ਸ.ਹੇਮ ਸਿੰਘ ਜੀ ਸੰਖੇਪ ਬਿਮਾਰੀ ਤੋਂ ਬਾਅਦ ਗੁਰੂ ਚਰਨਾ ਵਿੱਚ ਜਾ ਬਿਰਾਜੇ ਸਨ। ਉਹਨਾਂ ਨਮਿੱਤ ਗੁਰਦੁਵਾਰਾ ਸ੍ਰੀ ਗੁਰੂ ਰਵਿਦਾਸ, ਮੁਹੱਲਾ ਭੀਮ ਰਾਓ ਕਲੋਨੀ ਬੰਗਾ ਵਿਖੇ ਸਮਾਗਮ ਦੇ ਅਰੰਭ ਵਿੱਚ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਕੀਰਤਨੀ ਜਥਾ ਮੋਹਣ ਸਿੰਘ ਥਾਂਦੀਆ ਦੇ ਜਥੇ ਨੇ ਵੈਰਾਗਮਈ ਕੀਰਤਨ ਕੀਤਾ ।ਇਸ ਮੌਕੇ ਤੇ ਸਿੱਖਿਆ ਜਗਤ ਨਾਲ ਜੁੜੇ ,ਰਾਜਨੀਤਿਕ ਅਤੇ ਸਮਾਜ ਸੇਵਾ ਨਾਲ ਜੁੜੇ ਵੱਖ ਵੱਖ ਬੁਲਾਰਿਆਂ ਨੇ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਵੱਖ ਵੱਖ ਬੁਲਾਰੇ ਜੋ ਇਸ ਸਮੇਂ ਤੇ ਪੁੱਜੇ ਹੋਏ ਸਨ ਨੇ, ਵਿਛੜੀ ਆਤਮਾ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕਰਦਿਆਂ ਉਹਨਾਂ ਦੇ ਸ਼ਖਸ਼ੀ ਗੁਣਾਂ ਦੀ ਗੱਲਬਾਤ ਕੀਤੀ। ਕਿਸ ਤਰਾਂ ਉਹਨਾਂ ਫੌਜ ਦੀ ਨੌਕਰੀ ਕਰਦਿਆਂ ਆਪਣੇ ਪਰਿਵਾਰ ਨੂੰ ਪੜ੍ਹਾ ਲਿਖਾ ਕੇ ਉੱਚੇ ਅਹੁਦਿਆਂ ਅਤੇ ਵਧੀਆ ਜਗਾਹ ਤੇ ਸੈੱਟ ਕੀਤਾ। ਬੁਲਾਰਿਆਂ ਵਿੱਚ ਲੈਕਚਰਾਰ ਸੁਭਾਸ਼ ਸੱਲਵੀ, ਮਾਸਟਰ ਅਸ਼ੋਕ ਕੁਮਾਰ ਹੀਉਂ ਅਤੇ ਪ੍ਰਿੰਸੀਪਲ ਸ਼ੰਕਰ ਦਾਸ ਨੇ ਜਿੱਥੇ ਉਹਨਾਂ ਦਾ ਪਰਿਵਾਰ ਲਈ ਸੰਘਰਸ਼ ਅਤੇ ਬਿਮਾਰੀ ਤੋਂ ਬਾਅਦ ਸਦਾ ਲਈ ਰੁਖ਼ਸਤ ਹੋਣ ਤੱਕ ਦੀ ਗੱਲ ਕੀਤੀ ਉੱਥੇ ਉਹਨਾਂ ਅੱਜ ਸਮੇਂ ਵਿੱਚ ਹਵਾ ਪਾਣੀ ਦੇ ਪਲੀਤ ਹੋਣ ਕਾਰਨ ਵੱਖ ਵੱਖ ਹੋ ਰਹੀਆਂ ਬਿਮਾਰੀਆਂ ਵਾਰੇ ਵੀ ਖੁੱਲ੍ਹ ਕੇ ਗੱਲਬਾਤ ਕੀਤੀ। ਸਾਰੇ ਬੁਲਾਰਿਆਂ ਨੇ ਇਕ ਮੱਤ ਹੋ ਕੇ ਫਾਸਟ ਫੂਡ ਅਤੇ ਨਸ਼ੇ ਦੀ ਅੰਨ੍ਹੀ ਦੌੜ ਵਿੱਚ ਲੋਕਾਂ ਨੂੰ ਜ਼ਹਿਰ ਪਰੋਸਣ ਵਾਲਿਆਂ ਤੋਂ ਬਚਣ ਲਈ ਸਮੂਹ ਲੋਕਾਂ ਨੂੰ ਅਪੀਲ ਕੀਤੀ। ਇਸ ਮੌਕੇ ਤੇ ਬੁਲਾਰਿਆਂ ਨੇ ਕਿਹਾ ਕਿ ਸੂਬੇਦਾਰ ਹੇਮ ਸਿੰਘ ਨੂੰ ਸੱਚੀ ਸਰਧਾਂਜਲੀ ਇਹ ਹੈ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਆ ਦਿਓ ਅਤੇ ਨਸ਼ਿਆਂ ਤੋਂ ਬਚਾ ਕੇ ਰੱਖੋ। ਇਸ ਮੌਕੇ ਤੇ ਪ੍ਰਿੰਸੀਪਲ ਹਰਭਜਨ ਸਿੰਘ ਬਿੱਲਾ, ਪ੍ਰਿੰਸੀਪਲ ਸ੍ਰੀ ਰਾਮ , ਮਾ ਰਮੇਸ਼ ਚੰਦਰ , ਅਜੀਤ ਸਮੂਹ ਦੇ ਸਭਸ ਨਗਰ ਦੇ ਮੁੱਖ ਜਸਵੀਰ ਸਿੰਘ ਨੂਰਪੁਰ, ਸੁਰਿੰਦਰ ਸਿੰਘ ਕਰਮ, ਰਾਮ ਗੋਪਾਲ ਮਹੇ ਜਲੰਧਰ, ਅਮਰ ਚੰਦ ,ਜੋਗਿੰਦਰ ਕੌਰ ,ਅਜੈਬ ਸਿੰਘ, ਇਕਬਾਲ ਸਿੰਘ, ਅਰਵਿੰਦ ਮਹੇ,ਸੁਰਜੀਤ ਕੌਰ ,ਮੰਗਤ ਰਾਮ, ਮੈਡਮ ਮਨਜੀਤ ਕੌਰ ,ਗੁਲਸ਼ਨ ਕੁਮਾਰ, ਜੀਤ ਸਿੰਘ ਭਾਟੀਆ , ਸਵਰਾਜ ਸਿੰਘ ਅਤੇ ਹੋਰ ਪਰਿਵਾਰਕ ਮੈਂਬਰ ਹਾਜ਼ਰ ਸਨ।

# ਦੁੱਧ ਦੀ ਪੈਦਾਵਰ ਵਧਾਓ..

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪ੍ਰੈਲ INTERNATIONAL PAPER, 94636 01616 hardipchumber57@gmail.com

ਦੇਸ਼ ਵਿੱਚ ਦੁੱਧ ਦੀ ਖ਼ਪਤ ਜਿਆਦਾ ਅਤੇ ਪੈਦਾਵਰ ਖ਼ਪਤ ਦੇ ਮੁਕਾਬਲੇ ਬਹੁਤ ਘੱਟ ਹੋਣ ਕਰਕੇ ਪੂਰੇ ਦੇਸ਼ ਵਿੱਚ ਨਕਲੀ ਦੁੱਧ ਦੀ ਵਿਕਰੀ ਆਮ ਹੀ ਹੋ ਰਹੀ ਹੈ। ਇਸ ਨਕਲੀ ਦੁੱਧ ਦੀ ਵਰਤੋਂ ਕਾਰਨ ਹੀ ਮਨੁੱਖ ਅਨੇਕਾਂ ਬਿਮਾਰੀਆਂ ਦਾ ਸ਼ਿਕਾਰ ਬਣਕੇ ਮੌਤ ਦੇ ਮੂੰਹ ਵਿੱਚ ਪੈ ਰਿਹਾ ਹੈ। ਜਿਆਦਾ ਮਹਿਗਾਈ ਹੋਣ ਕਾਰਨ ਆਮ ਕਿਰਤੀ ਲੋਕ ਵੀ ਪਸ਼ੂ ਪਾਲਣ ਤੋਂ ਮੂੰਹ ਮੋੜਨ ਲੱਗ ਪਏ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਦੁੱਧ ਦੀ ਖਪਤ ਨੂੰ ਧਿਆਨ ਵਿੱਚ ਰੱਖਦੇ ਹੋਏ , ਦੁੱਧ ਦੀ ਪੈਦਾਵਾਰ ਵਧਾਉਣ ਲਈ ਪਸ਼ੂ ਪਾਲਕਾਂ ਨੂੰ ਉਤਸਾਹਿਤ ਕਰਨਾ ਚਾਹੀਦਾ ਹੈ। ਗਰੀਬ ਲੋਕਾਂ ਨੂੰ ਪਸ਼ੂ ਪਾਲਣ/ਰੱਖਣ ਲਈ ਵਿਸ਼ੇਸ਼ ਰਿਆਇਤਾਂ ਦੇਣੀਆਂ ਚਾਹੀਦੀਆਂ ਹਨ। ਪਸ਼ੂਆਂ ਦਾ ਬੀਮਾ ਮੁਫ਼ਤ ਵਿੱਚ ਸਰਕਾਰ ਨੂੰ ਕਰਵਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਪਸ਼ੂਆਂ ਦਾ ਵੀ ਪੂਰਾ ਇਲਾਜ ਕਾਰਡ ਬਣਾਕੇ ਬਿਲਕੁੱਲ ਮੁਫ਼ਤ ਵਿੱਚ ਹੋਣਾ ਚਾਹੀਦਾ ਹੈ। ਸਰਕਾਰ ਵੱਲੋਂ ਅਜਿਹੀਆਂ ਰਿਆਇਤਾਂ ਦੇਣ ਸਦਕਾ ਹੀ ਆਮ ਲੋਕਾਂ ਦਾ ਪਸ਼ੂ ਪਾਲਣ ਪ੍ਰਤੀ ਮੋਹ ਉਜਾਗਰ ਹੋ ਸਕਦਾ ਹੈ।

ਅੰਗਰੇਜ ਸਿੰਘ ਵਿੱਕੀ
ਕੋਟਗੁਰੂ
ਪਿੰਡ + ਡਾਕ. ਕੋਟਗੁਰੂ
(ਬਠਿੰਡਾ),
ਮੋਬਾਇਲ 98888-70822,

# ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਦੀ ਹੋਈ ਸੂਬਾਈ ਵਧਵੀਂ ਮੀਟਿੰਗ

- ਆਦਰਸ਼ ਸਕੂਲ ਚਾਉਕੇ ਦੇ ਅਧਿਆਪਕ ਸੰਘਰਸ਼ ਦੀ ਕਰਾਂਗੇ ਡਟਵੀਂ ਹਮਾਇਤ: ਮਨਜੀਤ ਧਨੇਰ
- ਮੋਦੀ ਅਤੇ ਕਾਰਪੋਰੇਟਰਾਂ ਦੇ ਇਸ਼ਾਰਿਆਂ ਤੇ ਨੱਚ ਰਹੀ ਪੰਜਾਬ ਸਰਕਾਰ: ਹਰਨੇਕ ਮਹਿਮਾ
- ਪੰਜਾਬ ਸਰਕਾਰ ਨੇ ਜਲ ਸੋਧ ਐਕਟ 2024 ਲਾਗੂ ਕਰਕੇ ਲੋਕਾਂ ਨਾਲ ਕੀਤਾ ਧ੍ਰੋਹ: ਗੁਰਦੀਪ ਰਾਮਪੁਰਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਚੰਡੀਗੜ੍ਹ, 9 ਅਪ੍ਰੈਲ, 2025: ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਦੀ ਸੂਬਾਈ ਵਧਵੀਂ ਮੀਟਿੰਗ ਰਾਮਪੁਰਾ ਪਿੰਡ ਦੀ ਜੱਸਾ ਮੱਸਾ ਧਰਮਸ਼ਾਲਾ ਵਿਖੇ ਹੋਈ ਜਿਸ ਵਿੱਚ ਸੂਬਾ ਕਮੇਟੀ ਆਗੂਆਂ ਤੋਂ ਇਲਾਵਾ 14 ਜ਼ਿਲ੍ਹਿਆਂ ਚੋਂ ਜ਼ਿਲਾ, ਬਲਾਕ ਅਤੇ ਪਿੰਡ ਪੱਧਰ ਦੇ ਆਗੂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ।

ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ ਬਾਰੇ ਵਿਚਾਰ ਵਟਾਂਦਰਾ ਕਰਦਿਆਂ ਸਰਬ ਸੰਮਤੀ ਨਾਲ ਮਹਿਸੂਸ ਕੀਤਾ ਗਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਾਰਪੋਰੇਟ ਘਰਾਣਿਆਂ ਅਤੇ ਕੇਂਦਰ ਸਰਕਾਰ ਨਾਲ ਪੂਰੀ ਗਿੱਟ ਮਿੱਟ ਕਰਕੇ ਚੱਲ ਰਹੀ ਹੈ। ਤਿੰਨ ਮਾਰਚ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਵਿੱਚੋਂ ਮੁੱਖ ਮੰਤਰੀ ਦਾ ਹੰਕਾਰੀ ਤਰੀਕੇ ਨਾਲ ਵਾਕ ਆਊਟ ਕਰਨਾ, 5 ਮਾਰਚ ਨੂੰ ਚੰਡੀਗੜ੍ਹ ਵੱਲ ਜਾਣ ਵਾਲੇ ਕਿਸਾਨਾਂ ਤੇ ਜ਼ਬਰ ਕਰਨਾ ਅਤੇ 19 ਮਾਰਚ ਨੂੰ ਸ਼ੰਭੂ ਖਨੌਰੀ ਵਾਲੇ ਕਿਸਾਨਾਂ ਤੇ ਜ਼ਬਰ ਕਰਕੇ ਉਹਨਾਂ ਦੇ ਸਮਾਨ ਦੀ ਲੁੱਟ ਖੋਹ ਕਰਨ ਤੋਂ ਇਲਾਵਾ ਹੋਰ ਤਬਕਿਆਂ ਦੇ ਹੱਕੀ ਸੰਘਰਸ਼ਾਂ ਪ੍ਰਤੀ ਅਪਣਾਈ ਧੱਕੜ ਪਹੁੰਚ ਤੋਂ ਇਸ ਤੱਥ ਦੀ ਪੁਸ਼ਟੀ ਹੋ ਰਹੀ ਹੈ। ਭਾਵੇਂ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਪ੍ਰਤੀ ਅਪਣਾਇਆ ਗ਼ਲਤ ਅਤੇ ਜਾਬਰ ਤਰੀਕਾ ਹੋਵੇ ਜਾਂ ਲਾਡੀ ਢੋਸ ਦੇ ਗੁੰਡਿਆਂ ਵੱਲੋਂ ਕਿਸਾਨਾਂ ਤੇ ਹਮਲਾ ਕਰਨਾ, ਭਾਵੇਂ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕਿਸਾਨਾਂ ਨੂੰ ਲਲਕਾਰਨ ਦੀ ਘਟਨਾ ਹੋਵੇ, ਹੁਣ ਇਹ ਸਾਫ਼ ਹੋ ਗਿਆ ਹੈ ਕਿ ਭਗਵੰਤ ਮਾਨ ਸਰਕਾਰ ਲੋਕਾਂ ਦੀ ਆਵਾਜ਼ ਨੂੰ ਦਬਾਉਣ ਲਈ ਸੂਬੇ ਵਿੱਚ ਪੁਲਿਸ ਰਾਜ ਕਾਇਮ ਕਰਨਾ ਚਾਹੁੰਦੀ ਹੈ।

ਮੀਟਿੰਗ ਵਿੱਚ ਪਿਛਲੇ ਮਹੀਨੇ ਦੌਰਾਨ ਵਾਪਰੇ ਸਾਰੇ ਘਟਨਾ ਕ੍ਰਮ ਦਾ ਜਾਇਜ਼ਾ ਲੈਂਦੇ ਹੋਏ ਕਿਸਾਨ ਲਹਿਰ ਦੀ ਦਿਸ਼ਾ ਅਤੇ ਜਥੇਬੰਦੀ ਦੀ ਮਜ਼ਬੂਤੀ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਇਹ ਵਿਚਾਰ ਉੱਭਰ ਕੇ ਸਾਹਮਣੇ ਆਇਆ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਜਾਬਰ ਅਤੇ ਲੁਟੇਰੇ ਮਨਸੂਬਿਆਂ ਨੂੰ ਭਾਂਜ ਦੇਣ ਲਈ ਆਗੂ ਟੀਮਾਂ ਨੂੰ ਚੇਤੰਨ ਰੂਪ ਵਿੱਚ ਅਸੂਲਾਂ ਆਧਾਰਿਤ ਏਕਾ ਉਸਾਰਦਿਆਂ ਸਾਂਝੇ ਸੰਘਰਸ਼ ਲਾਮਬੰਦ ਕਰਨਾ ਸਮੇਂ ਦੀ ਹਕੀਕੀ ਲੋੜ ਹੈ।

ਮੀਟਿੰਗ ਵਿੱਚ 28 ਮਾਰਚ 2025 ਨੂੰ ਪੰਜਾਬ ਸਰਕਾਰ ਵੱਲੋਂ ਜਲ ਸੋਧ (ਪ੍ਰਦੂਸ਼ਣ ਕੰਟਰੋਲ ਅਤੇ ਰੋਕਥਾਮ) ਐਕਟ 2024 ਨੂੰ ਪੰਜਾਬ ਅੰਦਰ ਲਾਗੂ ਕਰਨ ਦੀ ਪ੍ਰਵਾਨਗੀ ਦੇਣ ਦੀ ਸਖ਼ਤ ਨਿਖੇਧੀ ਕੀਤੀ ਗਈ। ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਦੱਸਿਆ ਕਿ 3 ਮਾਰਚ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਭਗਵੰਤ ਮਾਨ ਨਾਲ ਹੋਈ ਮੀਟਿੰਗ ਵਿੱਚ ਇਸ ਜਲ ਸੋਧ ਐਕਟ ਦੇ ਖ਼ਤਰਿਆਂ ਬਾਰੇ ਦੱਸਿਆ ਗਿਆ ਸੀ ਅਤੇ ਇਸ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਸੀ। ਇਸ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਇਸ ਕਾਨੂੰਨ ਨੂੰ ਲਾਗੂ ਕਰਨਾ ਬਹੁਤ ਹੀ ਘਿਰਣਾਯੋਗ ਕਾਰਵਾਈ ਹੈ।

ਮੀਟਿੰਗ ਨੇ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਦੀ ਹਮਾਇਤ ਕਰਨ ਦਾ ਫੈਸਲਾ ਕਰਦਿਆਂ 12 ਅਪ੍ਰੈਲ ਦੇ ਇਕੱਠ ਵਿੱਚ ਵੱਧ ਚੜ੍ਹ ਕੇ ਸ਼ਾਮਿਲ ਹੋਣ ਦਾ ਫ਼ੈਸਲਾ ਕੀਤਾ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਭਾਰਤ ਅਤੇ ਅਮਰੀਕਾ ਵਿਚਕਾਰ ਹੋਣ ਵਾਲੇ ਟੈਕਸ ਮੁਕਤ ਵਪਾਰ ਸਮਝੌਤੇ ਦੇ ਖੇਤੀ ਖੇਤਰ ਨੂੰ ਦਰਪੇਸ਼ ਹੋਣ ਵਾਲੇ ਖ਼ਤਰਿਆਂ ਬਾਰੇ ਦੱਸਦਿਆਂ ਇਸ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ।

ਮੀਟਿੰਗ ਨੇ ਔਰਤਾਂ ਨੂੰ ਜਥੇਬੰਦ ਕਰਨ ਲਈ ਵਿਸ਼ੇਸ਼ ਯਤਨ ਜੁਟਾਉਣ ਦਾ ਤਹੱਈਆ ਕੀਤਾ। ਜਥੇਬੰਦੀ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਸ਼ਾਮਿਲ ਹੋਵੇਗੀ। ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਦਾ ਜ਼ਮੀਨ ਬਚਾਓ ਘੋਲ ਜਾਰੀ ਹੈ, ਜੇਕਰ ਪੰਜਾਬ ਸਰਕਾਰ ਨੇ ਕਿਸਾਨਾਂ ਤੋਂ ਜ਼ਮੀਨ ਖੋਹਣ ਦੀ ਜਾਂ ਹੋਰ ਧੱਕੇਸ਼ਾਹੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਜਥੇਬੰਦੀ ਇਸ ਦਾ ਪੂਰੀ ਤਾਕਤ ਨਾਲ ਜਵਾਬ ਦੇਵੇਗੀ।

ਮੀਟਿੰਗ ਵਿੱਚ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਹਰੀਸ਼ ਨੱਢਾ, ਕੁਲਵੰਤ ਸਿੰਘ ਕਿਸ਼ਨਗੜ੍ਹ, ਅੰਗਰੇਜ਼ ਸਿੰਘ ਭਦੌੜ, ਮੱਖਣ ਸਿੰਘ ਭੈਣੀਬਾਘਾ ਤੋਂ ਇਲਾਵਾ ਬਠਿੰਡਾ, ਬਰਨਾਲਾ, ਲੁਧਿਆਣਾ, ਮਾਨਸਾ, ਸੰਗਰੂਰ, ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ, ਕਪੂਰਥਲਾ, ਫਰੀਦਕੋਟ, ਮੁਹਾਲੀ, ਮੋਗਾ, ਮਲੇਰਕੋਟਲਾ ਅਤੇ ਜਲੰਧਰ ਜ਼ਿਲਿਆਂ ਤੋਂ ਕਿਸਾਨ ਆਗੂ ਸ਼ਾਮਲ ਸਨ। ਬਰਨਾਲਾ ਜ਼ਿਲ੍ਹੇ ਨਾਲ ਸਬੰਧਿਤ ਕਿਸਾਨ ਲਹਿਰ ਦੇ ਸੁਹਿਰਦ ਹਮਦਰਦ ਸਾਥੀਆਂ ਵੱਲੋਂ ਇਕੱਠਾ ਕੀਤਾ 45,200/- ਰੁਪਏ ਫੰਡ ਸਾਥੀ ਗੁਰਮੀਤ ਸੁਖਪੁਰ ਰਾਹੀਂ ਭੇਜਣ ਲਈ ਫੰਡ ਦੇਣ ਵਾਲੇ ਸਾਥੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਝੋਨੇ ਦੀ ਬਿਜਾਈ ਅਤੇ ਹੋਰ ਭੱਖਦੀਆਂ ਮੰਗਾਂ ਲਈ ਡੀਸੀ ਦਫ਼ਤਰ ਤੱਕ ਰੋਸ ਮਾਰਚ

## ਝੋਨੇ ਦੀ ਬਿਜਾਈ ਅਤੇ ਹੋਰ ਭੱਖਦੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਦੇ ਨਾਂ ਸੌਂਪਿਆ ਮੰਗ ਪੱਤਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੰਗਰੂਰ, 9 ਅਪ੍ਰੈਲ, 2025: ਅੱਜ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਸੰਗਰੂਰ ਜ਼ਿਲੇ ਦੇ ਕਿਸਾਨ ਆਗੂਆਂ ਦੀ ਇਕੱਤਰਤਾ ਸਥਾਨਕ ਗਦਰ ਮੈਮੋਰੀਅਲ ਭਵਨ ਸੰਗਰੂਰ ਵਿਖੇ ਹੋਈ ਜਿੱਥੇ ਕਿਸਾਨਾਂ ਦੇ ਭੱਖਦੇ ਮੁੱਦੇ ਜਿਵੇਂ ਕਿ ਝੋਨੇ ਦੀ ਬਿਜਾਈ, ਕਣਕ ਦੀ ਖਰੀਦ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ਾ ਮੁਕਤੀ, ਲਗਾਤਾਰ ਧਰਤੀ ਹੇਠਲਾ ਡੂੰਘਾ ਜਾ ਰਿਹਾ ਪਾਣੀ ਆਦ ਮੰਗਾਂ ਤੇ ਚਰਚਾ ਕਰਦਿਆਂ ਉਸ ਤੋਂ ਬਾਅਦ ਇਹਨਾਂ ਮੰਗਾਂ ਸਬੰਧੀ ਡੀਸੀ ਦਫ਼ਤਰ ਤੱਕ ਰੋਸ ਮਾਰਚ ਕਰਦਿਆਂ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਭੇਜਿਆ ਗਿਆ।

ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਅਤੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਮੌਜੂਦਾ ਸਮੇਂ ਕਣਕ ਦੀ ਫਸਲ ਪੱਕ ਕੇ ਤਿਆਰ ਹੈ ਪਰ ਮੰਡੀਆਂ ਵਿੱਚ ਅਜੇ ਤੱਕ ਖਰੀਦ ਦੇ ਕੋਈ ਪੁਖਤਾ ਪ੍ਰਬੰਧ ਨਜ਼ਰ ਨਹੀਂ ਆ ਰਹੇ ਕਿਸਾਨਾਂ ਨੂੰ ਖਦਸਾ ਹੈ ਕਿ ਝੋਨੇ ਦੇ ਸੀਜਨ ਵਾਂਗ ਉਹਨਾਂ ਨੂੰ ਮੰਡੀਆਂ ਵਿੱਚ ਨਾ ਰੁਲਣਾ ਪਵੇ, ਇਸੇ ਤਰ੍ਹਾਂ ਝੋਨੇ ਦੀ ਬਿਜਾਈ ਸਬੰਧੀ ਵੀ ਕਿਸਾਨਾਂ ਵਿੱਚ ਵੱਡਾ ਭੰਬਲਭੂਸਾ ਪਾਇਆ ਜਾ ਰਿਹਾ ਹੈ ਕਿਉਂਕਿ ਪਿਛਲੀ ਵਾਰ ਭਗਵੰਤ ਮਾਨ ਵੱਲੋਂ ਐਲਾਨ ਕੀਤਾ ਗਿਆ ਸੀ ਕਿ ਕਿਸਾਨ ਝੋਨੇ ਦੀ ਪੀਆਰ 126 ਕਿਸਮ ਬੀਜਣ ਤੱਦ ਕਿਸਾਨਾਂ ਨੇ ਵੱਡੀ ਪੱਧਰ ਤੇ ਇਸ ਕਿਸਮ ਦੀ ਬਿਜਾਈ ਕੀਤੀ ਸੀ, ਪਰ ਮੰਡੀਆਂ ਵਿੱਚ ਕਿਸਾਨਾਂ ਨੂੰ 15-15 ਦਿਨ ਖੱਜਲ ਖੁਆਰ ਹੋਣਾ ਪਿਆ ਤੇ ਪ੍ਰਤੀ ਕੁਇੰਟਲ ਪੰਜ ਤੋਂ ਲੈ ਕੇ 15 ਕਿਲੋ ਕਾਟ ਦੇ ਕੇ ਘਾਟੇ ਨਾਲ ਫਸਲ ਵੇਚਣੀ ਪਈ। ਉਸ ਤੋਂ ਡਰ ਕੇ ਕਿਸਾਨ 126 ਝੋਨਾ ਬੀਜਣ ਤੋਂ ਪਿੱਛੇ ਹਟ ਰਹੇ ਹਨ, ਪਰ ਜਿਸ ਫਸਲ ਨੂੰ ਸੈੱਲਰ ਮਾਲਕ ਖੁਸ਼ ਹੋ ਕੇ ਚੱਕਦੇ ਹਨ ਪੂਸ਼ਾ 44 ਉਸ ਤੇ ਸਰਕਾਰ ਨੇ ਪਾਬੰਦੀ ਲਾ ਦਿੱਤੀ ਹੈ ਜਿਸ ਦੇ ਬੀਜ ਪਹਿਲਾਂ ਹੀ ਕਿਸਾਨ ਪ੍ਰਾਈਵੇਟ ਡੀਲਰਾਂ ਕੋਲੋਂ ਮਹਿੰਗੇ ਮੁੱਲ ਖਰੀਦ ਚੁੱਕੇ ਹਨ। ਇਸ ਕਰਕੇ ਸਰਕਾਰ ਇਹ ਭੰਬਲਭੂਸਾ ਦੂਰ ਕਰੇ। ਬਾਸਮਤੀ, ਮੱਕੀ, ਮੂੰਗੀ ਤੇ ਐਮਐਸਪੀ ਦਾ ਐਲਾਨ ਕਰਕੇ ਖਰੀਦ ਦੀ ਗਾਰੰਟੀ ਕਰੇ ਅਤੇ ਝੋਨੇ ਦੀ ਕਿਹੜੀ ਫਸਲ ਸਰਕਾਰ ਆਪਦੀ ਗਰੰਟੀ ਤੇ ਖਰੀਦੇਗੀ ਉਸ ਦੀ ਬਿਜਾਈ ਆਪਣੀ ਜਿੰਮੇਵਾਰੀ ਤੇ ਕਰਵਾਵੇ ਅਤੇ ਕਿਸਾਨਾਂ ਨੂੰ ਇਹ ਭਰੋਸਾ ਦਿੱਤਾ ਜਾਵੇ ਕਿ ਤੁਹਾਡੀ ਫਸਲ ਤੇ ਕਾਟ ਨਹੀਂ ਲੱਗੇਗੀ। ਇਸ ਤੋਂ ਬਿਨਾਂ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਤੇ ਚਿੰਤਾ ਕਰਦਿਆਂ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਦਾ ਕੀਤਾ ਜਾਵੇ ਅਤੇ ਬਦਲਵੀਆਂ ਫਸਲਾਂ ਦੇ ਰੇਟ ਤੈਅ ਕਰਕੇ ਸਰਕਾਰ ਖਰੀਦਣ ਦੀ ਗਰੰਟੀ ਕਰੇ। ਫਿਰ ਹੀ ਕਿਸਾਨ ਕਣਕ ਝੋਨੇ ਤੋਂ ਪਿੱਛੇ ਆ ਸਕਦੇ ਹਨ ਪਰ ਸਰਕਾਰ ਲਗਾਤਾਰ ਆਪਣੀ ਜਿੰਮੇਵਾਰੀ ਤੋਂ ਭੱਜ ਰਹੀ ਹੈ। ਇਸ ਵਾਰ ਦੇ ਬਜਟ ਵਿੱਚ ਪਿਛਲੇ ਬਜਟ ਤੋਂ ਘੱਟ ਫੰਡ ਰੱਖਣਾ ਸਰਕਾਰ ਦੀ ਗੰਭੀਰਤਾ ਨੂੰ ਸਿੱਧ ਕਰਦਾ ਹੈ। ਮੰਗ ਪੱਤਰ ਵਿੱਚ ਕਿਸਾਨਾਂ ਨੇ ਇਹ ਵੀ ਮੰਗ ਕੀਤੀ ਕਿ ਜੋ ਲਗਾਤਾਰ ਪੰਜਾਬ ਵਿੱਚ ਮੱਝਾ ਦੀ ਗਿਣਤੀ ਘੱਟ ਰਹੀ ਹੈ ਪਰ ਆਬਾਦੀ ਵਧਣ ਦੇ ਨਾਲ ਦੁੱਧ ਦੀ ਖਪਤ ਵੱਧ ਰਹੀ ਹੈ। ਪਰ ਫਿਰ ਵੀ ਕਿਸੇ ਪਾਸਿਓਂ ਦੁੱਧ ਦੀ ਕਮੀ ਮਹਿਸੂਸ ਨਹੀਂ ਹੋ ਰਹੀ ਇਸਦਾ ਕਾਰਨ ਬਾਜ਼ਾਰ ਵਿੱਚ ਧੜੱਲੇ ਨਾਲ ਵਿਕ ਰਿਹਾ ਨਕਲੀ ਦੁੱਧ ਹੈ। ਇਸ ਤੇ ਲਗਾਮ ਕਸਣ ਲਈ ਸਰਕਾਰ ਬਲਾਕ ਪੱਧਰ ਤੇ ਦੁੱਧ ਚੈਕਿੰਗ ਲੈਬਾਂ ਬਣਾਵੇ ਜਿੱਥੋਂ ਖਪਤਕਾਰ ਕੱਟ ਕੀਮਤ ਤੇ ਦੁੱਧ ਤੇ ਹੋਰ ਉਤਪਾਦਾਂ ਨੂੰ ਚੈੱਕ ਕਰਵਾ ਸਕਣ, ਇਸੇ ਤਰ੍ਹਾਂ ਆਗੂਆਂ ਨੇ ਪੰਜਾਬ ਦੇ ਵਪਾਰ ਵਿੱਚ ਵਾਧਾ ਕਰਨ ਲਈ ਹੁਸੈਨੀਵਾਲਾ ਅਤੇ ਵਾਹਗਾ ਬਾਰਡਰਾਂ ਰਸਤੇ ਪਾਕਿਸਤਾਨ ਨਾਲ ਵਪਾਰ ਖੋਲਣ ਦੀ ਵੀ ਮੰਗ ਕੀਤੀ,ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ ਬਾਰੇ ਸਰਕਾਰ ਦੀ ਵੱਟੀ ਹੋਈ ਚੁੱਪ ਤੇ ਸਵਾਲ ਚੁੱਕਦਿਆਂ ਇਹਨਾਂ ਕਰਜ਼ਿਆਂ ਨੂੰ ਖਤਮ ਕਰਨ ਦੀ ਮੰਗ ਕੀਤੀ। ਇਕੱਤਰਤਾ ਵਿੱਚ ਚਰਚਾ ਕਰਨ ਤੋਂ ਬਾਅਦ ਕਿਸਾਨ ਕਾਫਲੇ ਦੇ ਰੂਪ ਵਿੱਚ ਗਦਰ ਭਵਨ ਤੋਂ ਡੀਸੀ ਦਫਤਰ ਤੱਕ ਰੋਸ ਮਾਰਚ ਕੱਢਦਿਆਂ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਡਿਊਟੀ ਮੈਜਿਸਟਰੇਟ ਨੂੰ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਸੌਂਪਿਆ।

ਅੱਜ ਦੀ ਇਕੱਤਰਤਾ ਦੀ ਪ੍ਰਧਾਨਗੀ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ, ਵਿੱਤ ਸਕੱਤਰ ਕੁਲਦੀਪ ਸਿੰਘ, ਬਲਾਕ ਸੰਗਰੂਰ ਦੇ ਪ੍ਰਧਾਨ ਸੁਖਦੇਵ ਸਿੰਘ ਉਭਾਵਾਲ, ਬਲਾਕ ਲੌਂਗੋਵਾਲ ਦੇ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ, ਬਲਾਕ ਲਹਿਰਾ ਮੂਨਕ ਦੇ ਆਗੂ ਕੁਲਦੀਪ ਸਿੰਘ ਚੂਲੜ, ਹਰਦਮ ਸਿੰਘ ਰਾਜੋਮਾਜਰਾ, ਜੁਝਾਰ ਸਿੰਘ ਬਡਰੁੱਖਾਂ, ਅਵਤਾਰ ਸਿੰਘ ਸਾਹੋਕੇ ਨੇ ਕੀਤੀ। ਮੰਚ ਸੰਚਾਲਣ ਦੀ ਭੂਮਿਕਾ ਜ਼ਿਲ੍ਹਾ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ ਨੇ ਨਿਭਾਈ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਖੇੜਾ ਰੋਡ ਵਿਖੇ ਕਰਵਾਇਆ 161ਵਾਂ ਮਹੀਨਾਵਾਰ ਸਮਾਗਮ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com




ਫਗਵਾੜਾ 9 ਅਪ੍ਰੈਲ (ਸ਼ਿਵ ਕੌੜਾ) ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਸ. ਅਜੀਤ ਸਿੰਘ ਢਿੱਲੋਂ ਦੀ ਯਾਦ ਵਿਚ 161ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੌਂਸਲਰ ਪ੍ਰਿਤਪਾਲ ਕੌਰ ਤੁਲੀ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਆਗੂ ਗੁਰਦੀਪ ਸਿੰਘ ਤੁਲੀ ਮੋਜੂਦ ਰਹੇ। ਮੁੱਖ ਮਹਿਮਾਨ ਨੇ ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ ਕਰੀਬ 14 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਦਵਿੰਦਰ ਸਿੰਘ, ਗੁਰਮਿੰਦਰ ਸਿੰਘ, ਬਰਿਜ ਭੂਸ਼ਨ, ਮੋਹਨ ਲਾਲ ਤਨੇਜਾ, ਮਨੀਸ਼ ਕਨੌਜੀਆ, ਸੁਧਾ ਬੇਦੀ, ਐਸ.ਸੀ. ਚਾਵਲਾ, ਰਾਜਕੁਮਾਰ ਕਨੌਜੀਆ, ਰਵੀਕਾਂਤ ਸਹਿਗਲ ਆਦਿ ਹਾਜ਼ਰ ਸਨ।

# ਸਰਕਾਰੀ ਸੈਕੰਡਰੀ ਸਕੂਲ ਗੋਬਿੰਦਪੁਰ ਖੁਣ-ਖੁਣ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਅਨਮੋਲਪ੍ਰੀਤ ਕੌਰ ਦੀ ਇਸਰੋ ਲਈ ਹੋਈ ਚੋਣ

## -ਸਕੂਲ ਦੇ ਬੱਚੇ ਦੀ ਲਗਾਤਾਰ ਤੀਸਰੀ ਵਾਰ ਇਸਰੋ ਲਈ ਹੋਈ ਹੈ ਚੋਣ- ਹੈਡਮਿਸਟ੍ਰੈਸ ਸਮਰਿਤੂ ਰਾਣਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ, 9 ਅਪ੍ਰੈਲ (ਤਰਸੇਮ ਦੀਵਾਨਾ)- ਸਰਕਾਰੀ ਸੈਕੰਡਰੀ ਸਕੂਲ ਗੋਬਿੰਦਪੁਰ ਖੁਣ-ਖੁਣ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਅਨਮੋਲਪ੍ਰੀਤ ਕੌਰ ‘ਇਸਰੋ ਯੁਵਿਕਾ ਸਾਇੰਟਿਸਟ ਟ੍ਰੇਨਿੰਗ ਪ੍ਰੋਗਰਾਮ’ ਲਈ ਚੁਣੇ ਜਾਣ ਤੇ ਇਲਾਕੇ ਭਰ ‘ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਸਬੰਧੀ ਸਕੂਲ ਹੈਡਮਿਸਟ੍ਰੈਸ ਸਮਰਿਤੂ ਰਾਣਾ ਨੇ ਦੱਸਿਆ ਕਿ ਇਸ ਪ੍ਰਾਪਤੀ ਨਾਲ ਵਿਦਿਆਰਥਣ ਅਨਮੋਲਪ੍ਰੀਤ ਕੌਰ ਨੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਇਸ ਸਫਲਤਾ ਦਾ ਸਿਹਰਾ ਵਿਦਿਆਰਥਣ ਅਨਮੋਲਪ੍ਰੀਤ ਕੌਰ ਅਤੇ ਸਾਇੰਸ ਗਾਈਡ ਅਧਿਆਪਕਾ ਪਵਨਦੀਪ ਚੌਧਰੀ ਦੀ ਸਖ਼ਤ ਮਿਹਨਤ ਨੂੰ ਦਿੱਤਾ ਹੈ। ਉਨ੍ਹਾਂ ਮਾਣ ਮਹਿਸੂਸ ਕਰਦੇ ਹੋਏ ਦੱਸਿਆ ਕਿ ਇਸ ਸਕੂਲ ਦੇ ਬੱਚੇ ਦੀ ਲਗਾਤਾਰ ਤੀਸਰੀ ਵਾਰ ਇਸਰੋ ਲਈ ਚੋਣ ਹੋਈ ਹੈ। ਇਸ ਮੌਕੇ ਸਪਨਾ ਸੂਦ, ਅਰਵਿੰਦਰ ਕੌਰ, ਮੀਨਾ ਸੋਂਖਲਾ, ਅਮਨਦੀਪ ਕੌਰ, ਪਵਨਦੀਪ ਚੌਧਰੀ, ਰਾਜਦੀਪ ਕੌਰ, ਅਨੀਤਾ ਰਾਜ, ਸਰੋਜ ਬਾਲਾ, ਜਸਪ੍ਰੀਤ ਕੌਰ, ਜਸਵਿੰਦਰ ਸਿੰਘ ਸਹੋਤਾ, ਰਨਦੀਪ ਕੁਮਾਰ, ਰਛਪਾਲ ਸਿੰਘ ਆਦਿ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਕਿਸਾਨ ਮੇਲੇ ਦੌਰਾਨ ਸਿਹਤ ਸੰਬੰਧੀ ਪ੍ਰਦਰਸ਼ਨੀ ਲਗਾਈ ਗਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com




ਭੱਠਾ ਸਾਹਿਬ (ਰੂਪਨਗਰ), 9 ਅਪ੍ਰੈਲ 2025: ਮਾਨਯੋਗ ਸਿਵਲ ਸਰਜਨ ਰੂਪਨਗਰ ਡਾ. ਤਰਸੇਮ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਦੀ ਯੋਗ ਅਗਵਾਈ ਹੇਠ ਅੱਜ ਮਿਤੀ 09 ਅਪ੍ਰੈਲ 2025 ਨੂੰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ, ਰੂਪਨਗਰ ਵੱਲੋਂ ਆਯੋਜਿਤ ਕਿਸਾਨ ਮੇਲੇ ਦੌਰਾਨ, ਭੱਠਾ ਸਾਹਿਬ ਅਨਾਜ ਮੰਡੀ ਵਿੱਚ ਭਰਤਗੜ੍ਹ ਬਲਾਕ ਦੇ ਪੈਰਾਮੈਡੀਕਲ ਸਟਾਫ ਵੱਲੋਂ ਸਿਹਤ ਸਬੰਧੀ ਪ੍ਰਦਰਸ਼ਨੀ ਲਗਾਈ ਗਈ।

ਇਸ ਪ੍ਰਦਰਸ਼ਨੀ ਰਾਹੀਂ ਕਿਸਾਨਾਂ ਅਤੇ ਆਮ ਲੋਕਾਂ ਨੂੰ ਸਿਹਤ ਸੰਬੰਧੀ ਜਾਣਕਾਰੀ ਦਿੱਤੀ ਗਈ। ਸਟਾਫ ਨੇ ਵਿਭਿੰਨ ਰੋਗਾਂ ਦੀ ਰੋਕਥਾਮ, ਸਾਫ਼-ਸਫ਼ਾਈ, ਟੀਕਾਕਰਨ ਅਤੇ ਮੁੱਢਲੀ ਸਹਾਇਤਾ ਸੰਬੰਧੀ ਲਿਟਰੇਚਰ ਵੀ ਵੰਡਿਆ।

ਸਿਵਲ ਸਰਜਨ ਰੂਪਨਗਰ ਡਾ. ਤਰਸੇਮ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਦਰਸ਼ਨੀਆਂ ਸਿਹਤ ਸੰਬੰਧੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਵਿੱਚ ਬਹੁਤ ਹੀ ਮਦਦਗਾਰ ਸਾਬਤ ਹੁੰਦੀਆਂ ਹਨ। ਭਰਤਗੜ੍ਹ ਬਲਾਕ ਦੇ ਪੈਰਾਮੈਡੀਕਲ ਸਟਾਫ ਵੱਲੋਂ ਕੀਤਾ ਗਿਆ ਇਹ ਉਪਰਾਲਾ ਕਾਬਿਲੇ-ਤਾਰੀਫ਼ ਹੈ। ਅਸੀਂ ਉਮੀਦ ਕਰਦੇ ਹਾਂ ਕਿ ਭਵਿੱਖ ਵਿੱਚ ਵੀ ਇੱਥੇ ਸਿਹਤ ਜਾਗਰੂਕਤਾ ਮੁਹਿੰਮਾਂ ਜਾਰੀ ਰਹਿਣਗੀਆਂ।

ਸੀਨੀਅਰ ਮੈਡੀਕਲ ਅਫਸਰ ਭਰਤਗੜ੍ਹ ਡਾ. ਆਨੰਦ ਘਈ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸਿਹਤ ਸੇਵਾਵਾਂ ਨੂੰ ਜਨਤਾ ਤੱਕ ਲਿਜਾਣ ਲਈ ਅਜਿਹੇ ਸਮਾਗਮ ਬਹੁਤ ਹੀ ਮਹੱਤਵਪੂਰਨ ਹਨ। ਕਿਸਾਨ ਮੇਲੇ ਵਰਗੇ ਪਲੇਟਫਾਰਮ 'ਤੇ ਸਿਹਤ ਦੀ ਜਾਣਕਾਰੀ ਦੇਣਾ ਲੋਕੀ ਜਾਗਰੂਕਤਾ ਵਧਾਉਣ ਵੱਲ ਇੱਕ ਵੱਡਾ ਕਦਮ ਹੈ। ਭਰਤਗੜ੍ਹ ਟੀਮ ਦੀ ਕੋਸ਼ਿਸ਼ ਸਾਫ਼ ਦਰਸਾਉਂਦੀ ਹੈ ਕਿ ਅਸੀਂ ਸਮਰਪਿਤ ਹੋ ਕੇ ਕੰਮ ਕਰ ਰਹੇ ਹਾਂ।

ਇਸ ਪ੍ਰਦਰਸ਼ਨੀ ਦੀ ਸਫਲਤਾ ਵਿੱਚ ਬਹੁਤ ਸਾਰੇ ਸਿਹਤ ਕਰਮਚਾਰੀਆਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਇਨ੍ਹਾਂ ਵਿੱਚ ਡਿਪਟੀ ਮਾਸ ਮੀਡੀਆ ਅਫਸਰ ਰਵਿੰਦਰ ਸਿੰਘ, ਬਲਾਕ ਐਕਸਟੈਂਸ਼ਨ ਐਜੂਕੇਟਰ ਸਾਹਿਲ ਸੁਖੇਰਾ, ਸੈਨੀਟਰੀ ਇੰਸਪੈਕਟਰ ਅਵਤਾਰ ਸਿੰਘ, ਸੈਨੀਟਰੀ ਇੰਸਪੈਕਟਰ ਜਗਤਾਰ ਸਿੰਘ, ਹੈਲਥ ਵਰਕਰ ਹਰਜੀਤ ਸਿੰਘ, ਸੂਚਨਾ ਸਹਾਇਕ ਤਰਲੋਚਨ ਸਿੰਘ, ਅਤੇ ਐਂਬੂਲੈਂਸ ਡਰਾਈਵਰ ਇਕਬਾਲ ਸਿੰਘ ਦੀ ਭੂਮਿਕਾ ਲਾਭਪ੍ਰਦ ਅਤੇ ਪ੍ਰਸ਼ੰਸਾਯੋਗ ਰਹੀ।

ਇਸ ਮੌਕੇ ਸੈਂਕੜਿਆਂ ਕਿਸਾਨਾਂ ਨੇ ਪ੍ਰਦਰਸ਼ਨੀ ਦਾ ਦੌਰਾ ਕੀਤਾ ਅਤੇ ਸਿਹਤ ਸਟਾਫ ਵੱਲੋਂ ਦਿੱਤੀ ਗਈ ਜਾਣਕਾਰੀ ਦੀ ਪ੍ਰਸ਼ੰਸਾ ਕੀਤੀ।

# ਸੂਬਾ ਸਰਕਾਰ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਮੁਹੱਈਆ ਕਰਵਾਕੇ ਬਣਾ ਰਹੀ ਹੈ ਸਮੇਂ ਦੇ ਹਾਣੀ : ਜਗਰੂਪ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਬਠਿੰਡਾ 9 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ"ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਮੁਹੱਈਆ ਕਰਵਾ ਕੇ ਸਮੇਂ ਦੇ ਹਾਣੀ ਬਣਾਇਆ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਨੇ ਸਥਾਨਕ ਸ਼ਹੀਦ ਮੇਜਰ ਰਵੀਇੰਦਰ ਸਿੰਘ ਸੰਧੂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮਾਲ ਰੋਡ ਵਿਖੇ ਸਿੱਖਿਆ ਕ੍ਰਾਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ।ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ ਸਥਾਨਕ ਸਰਕਾਰੀ ਐਲਮੈਂਟਰੀ ਸਕੂਲ (ਲੜਕੀਆਂ) ਦੇ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ ਗਿਆ।ਇਸ ਮੌਕੇ ਜਗਰੂਪ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਵਿਚ ਨਿਵੇਕਲੀਆਂ ਪਹਿਲ ਕਦਮੀਆਂ ਤੋਂ ਇਲਾਵਾ ਨਸ਼ਿਆਂ ਖਿਲਾਫ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਜੰਗੀ ਪੱਧਰ ਤੇ ਜਾਰੀ ਹੈ, ਜਿਸ ਤਹਿਤ ਨਸ਼ਿਆਂ ਦੇ ਸੌਦਾਗਰਾਂ ਨੂੰ ਫੜ ਕੇ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ।ਇਸ ਪ੍ਰੋਗਰਾਮ ਦੌਰਾਨ ਜਗਰੂਪ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸਥਾਨਕ ਸ਼ਹੀਦ ਮੇਜਰ ਰਵੀਇੰਦਰ ਸਿੰਘ ਸੰਧੂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮਾਲ ਰੋਡ ਦੇ 2 ਕਮਰਿਆਂ ਲਈ 19.10 ਲੱਖ, 120 ਮੀਟਰ ਬਾਊਂਡਰੀ ਵਾਲ ਲਈ 6 ਲੱਖ ਰੁਪਏ, ਐਮ.ਐਲ. ਫੰਡ ਵਿੱਚੋਂ 4.40 ਲੱਖ, ਬਾਕਸਿੰਗ ਲਈ 3.10 ਲੱਖ ਤੋਂ ਇਲਾਵਾ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਵੱਲੋਂ ਸਕੂਲ ਦੇ ਬਾਸਕਟ ਬਾਲ ਗਰਾਊਂਡ ਲਈ 6 ਲੱਖ ਰੁਪਏ ਦਿੱਤੇ ਜਾ ਚੁੱਕੇ ਹਨ। ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ ਸਥਾਨਕ ਸਰਕਾਰੀ ਐਲੀਮੈਂਟਰੀ ਸਕੂਲ (ਲੜਕੀਆਂ) ਮਾਲ ਰੋਡ ਵਿਖੇ 24.57 ਲੱਖ ਰੁਪਏ ਨਾਲ ਤਿਆਰ ਕਰਵਾਏ ਗਏ 3 ਕਮਰਿਆਂ ਦਾ ਉਦਘਾਟਨ ਵੀ ਕੀਤਾ ਗਿਆ।ਇਸ ਦੌਰਾਨ ਜਗਰੂਪ ਸਿੰਘ ਵੱਲੋਂ ਸਕੂਲ ਦੀਆਂ ਵਿਦਿਆਰਥਣਾਂ ਦੀਆਂ ਟੀਮਾਂ ਵੱਲੋਂ ਅਸਮਿਤਾ ਹਾਕੀ ਲੀਗ ਦੌਰਾਨ ਜੂਨੀਅਰ ਅਤੇ ਸਬ ਜੂਨੀਅਰ ਟੀਮਾਂ ਦੁਆਰਾ ਜਿੱਤੇ ਤਰਤੀਬਵਾਰ 2 ਲੱਖ ਰੁਪਏ ਅਤੇ 1.60 ਲੱਖ ਦੇ ਇਨਾਮਾਂ ਬਦਲੇ ਉਨ੍ਹਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਕੌਂਸਲਰ ਸੁਖਦੀਪ ਸਿੰਘ , ਪ੍ਰਿੰਸੀਪਲ ਕੁਲਵਿੰਦਰ ਸਿੰਘ, ਜਗਵੰਤ ਸਿੰਘ ਸਿੱਖਿਆ ਕੁਆਰਡੀਨੇਟਰ ਹਲਕਾ ਬਠਿੰਡਾ (ਸ਼ਹਿਰੀ), ਪ੍ਰਿੰਸੀਪਲ ਗੁਰਮੇਲ ਸਿੰਘ ਬਲਾਕ ਨੋਡਲ ਅਫ਼ਸਰ,ਮਨਪ੍ਰੀਤ ਕੌਰ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਹਰਜਿੰਦਰ ਸਿੰਘ, ਗੁਲਬਿੰਦਰ ਸਿੰਘ, ਪੂਨਮ, ਬੇਅੰਤ ਕੌਰ, ਸੰਦੀਪ ਸਿੰਘ, ਗੁਰਤੇਜ ਸਿੰਘ ਆਦਿ ਹਾਜ਼ਰ ਸਨ।

# ਸਲਾਈਟ ਦਾ ਸਲਾਨਾ ਸੱਭਿਆਚਾਰਕ ਮੇਲਾ "ਮਧੁਰਮ -25" ਯਾਦਗਾਰੀ ਹੋ ਨਿੱਬੜਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਲੌਂਗੋਵਾਲ,9 ਅਪ੍ਰੈਲ (ਜਗਸੀਰ ਸਿੰਘ) - ਸੰਤ ਲੌਂਗੋਵਾਲ ਇੰਸਟੀਟਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ (ਸਲਾਈਟ ਡੀਮਡ ਯੂਨੀਵਰਸਿਟੀ) ਦਾ ਸਲਾਨਾ ਸੱਭਿਆਚਾਰਕ ਮੇਲਾ "ਮਧੁਰਮ -25" ਸ਼ਾਨਦਾਰ ਢੰਗ ਨਾਲ ਸੰਪੰਨ ਹੋ ਗਿਆ ਹੈ।ਇਸ ਮੇਲੇ ਦੇ ਸ਼ੁਰੂਆਤ ਪਹਿਲੇ ਦਿਨ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਡਾਇਰੈਕਟਰ ਮਨੀ ਕਾਂਤ ਪਾਸਵਾਨ ਦੁਆਰਾ ਜੋਤੀ ਪ੍ਰਵਜਲ ਕਰਕੇ ਕੀਤੀ ਗਈ। ਡਾ. ਮਨੀਕਾਂਤ ਪਾਸਵਾਨ ਨਿਰਦੇਸ਼ਕ ਸਲਾਈਟ, ਡਾ. ਐਮ.ਐਮ.ਸਿਨਹਾ ਡੀਨ ਵਿਦਿਆਰਥੀ ਭਲਾਈ,ਈਵੈਂਟ ਚੇਅਰਮੈਨ ਇੰਦਰਾਜ ਸਿੰਘ, ਡਾ. ਗੁਰਜਿੰਦਰ ਕੌਰ ਅਤੇ ਡਾ. ਵਿਵੇਕ ਕੁਮਾਰ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਦੇ ਪਹਿਲੇ ਦਿਨ ਸ਼ਾਮ ਨੂੰ ਮੁੱਖ ਮੰਚ 'ਤੇ ਕਲਚਰ ਨਾਈਟ ਦੀ ਸ਼ੁਰੂਆਤ ਹੋਈ। ਜਿਸ ਵਿੱਚ ਵੱਖ-ਵੱਖ ਰਾਜਾਂ ਨਾਲ ਸਬੰਧਤ ਰੰਗ-ਬਿਰੰਗੇ ਪ੍ਰਦਰਸ਼ਨ ਪੇਸ਼ ਕੀਤੇ ਗਏ। ਮਧੁਰਮ 2025 ਦੇ ਦੂਜੇ ਦਿਨ ਪਲਵਿੰਦਰ ਸਿੰਘ ਚੀਮਾ ਐਸ.ਪੀ. ਸੰਗਰੂਰ ਨੇ ਮੁੱਖ ਮਹਿਮਾਨ ਵਜੋਂ ਅਤੇ ਥਾਪਰ ਯੂਨੀਵਰਸਿਟੀ ਤੋਂ ਡੀਨ ਪ੍ਰੋ. ਆਰ. ਐਸ. ਕਲੇਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਜਿਸ ਦੌਰਾਨ ਇੱਕ ਦਰਜਨ ਤੋਂ ਵੱਧ ਮਨੋਹਰ ਪੇਸ਼ਕਾਰੀਆਂ ਵੇਖਣ ਨੂੰ ਮਿਲੀਆਂ। ਇਨ੍ਹਾਂ ਵਿੱਚ ਨਾਟਕ, ਸੋਲੋ ਗਾਇਕੀ, ਨਾਟੀ (ਲੋਕ ਨਾਚ), ਮਾਡਲਿੰਗ, ਸਮੂਹ ਗਾਇਕੀ ਅਤੇ ਬਿਹਾਰ ਦਾ ਖੇਤਰੀ ਨਾਚ (ਆਪਣ ਬਿਹਾਰ) ਸ਼ਾਮਲ ਸਨ। ਖ਼ਾਸ ਕਰਕੇ ਭੰਗੜੇ ਨੇ ਮਾਹੌਲ ਵਿੱਚ ਉਰਜਾ ਭਰ ਦਿਤੀ। ਰਾਤ ਦਾ ਮੁੱਖ ਆਕਰਸ਼ਣ "ਸਟਾਰ ਨਾਈਟ" ਰਿਹਾ। ਜਿੱਥੇ ਇੰਡਿਅਨ ਆਇਡਲ ਫਾਈਨਲਿਸਟ ਕਲਾਕਾਰ ਹਰਮਨ ਸਿੰਘ ਅਤੇ ਹਰਿਆਣਵੀ ਕਲਾਕਾਰ ਖ਼ਾਸਾ ਆਲਾ ਚਾਹਰ ਨੇ ਆਪਣੀ ਕਲਾ ਦਾ ਜ਼ਬਰਦਸਤ ਪ੍ਰਦਰਸ਼ਨ ਦਿੱਤੀ।ਇਸ ਮੌਕੇ ਪ੍ਰਬੰਧਕਾਂ ਵਲੋ ਸਹਿਯੋਗ ਦੇਣ ਵਾਲੇ ਪ੍ਰਾਂਜਲ ਟੂਰ ਐਂਡ ਟਰੈਵਲ ਸੰਗਰੂਰ,ਰਾਮ ਪ੍ਰਤਾਪ ਜੀਤ ਪਾਲ ਜਵੈਲਰ ਸੰਗਰੂਰ,ਪਾਰਕ ਹੰਡੂਈ,ਮਹਾਰਾਜਾ ਸਿਲਕ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

**ਖਿੱਚ ਦਾ ਕੇਂਦਰ ਬਣਿਆ ਭੰਗੜਾ ਕੱਪ**

ਸਮਾਗਮ ਦੇ ਪਹਿਲੇ ਦਿਨ ਸਲਾਇਟ ਦੇ ਵਿਦਿਆਰਥੀ ਅਤੇ ਭੰਗੜਾ ਕੋਚ ਸੁਭਰੀਤ ਸ਼ਰਮਾਂ ਦੀ ਦੇਖ ਰੇਖ ਹੇਠ ਕਰਵਾਇਆ ਗਿਆ ਭੰਗੜਾ ਕੱਪ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ।ਇਸ ਮੁਕਾਬਲੇ ਵਿਚ ਪੰਜਾਬ ਅਤੇ ਹਰਿਆਣਾ ਦੀਆਂ ਇਕ ਦਰਜਨ ਦੇ ਕਰੀਬ ਟੀਮਾਂ ਨੇ ਹਿੱਸਾ ਲਿਆ।ਫਿਲਮੀ ਅਦਾਕਾਰ ਜੱਸੀ ਲੌਂਗੋਵਾਲੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਜਦ ਕਿ ਵਿਨਰਜੀਤ ਸਿੰਘ ਗੋਲਡੀ ਪ੍ਰਧਾਨ ਐਲੂਨਮਾਈ ਐਸੋ. ਸਲਾਈਟ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ।ਇਸ ਮੁਕਾਬਲੇ ਵਿਚ ਜੀ.ਆਰ.ਸੀ ਸੰਗਰੂਰ ਦੇ ਟੀਮ ਨੇ ਪਹਿਲਾ, ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਪਟਿਆਲਾ ਨੇ ਦੂਸਰਾ ਅਤੇ ਚੰਡੀਗੜ੍ਹ ਯੂਨੀਵਰਸਿਟੀ ਮੋਹਾਲੀ ਨੇ ਤੀਜਾ ਸਥਾਨ ਹਾਸਲ ਕੀਤਾ।ਜਸ਼ਨਦੀਪ ਸਿੰਘ ਨੂੰ ਬੈਸਟ ਡਾਂਸਰ ਘੋਸ਼ਿਤ ਕੀਤਾ ਗਿਆ।ਸੋਨੂੰ ਮੋਨੂੰ ਜਿੰਦਲ, ਜੀ. ਟੀ ਪਲਾਜ਼ਾ ਅਤੇ ਨਹਿਲ ਬੇਰਿੰਗ ਦੇ ਸਹਿਯੋਗ ਨਾਲ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਸਿਮਰਨ ਸਿੰਘ ਬਿੱਲ,ਇੰਦਰਦੀਪ ਸਿੰਘ ਢਿੱਲੋਂ ਅਤੇ ਮਨਦੀਪ ਸਿੰਘ ਟੱਲੇਵਾਲ ਦੁਆਰਾ ਕੀਤੀ ਗਈ।

# ਪੰਜਾਬ ਵਿੱਚ ਇਸਾਈ ਮੱਤ ਦਾ ਫੈਲਣਾ ਸਿੱਖ ਕੌਮ ਲਈ ਚਿੰਤਾ ਦਾ ਵਿਸ਼ਾ - ਢੱਡਰੀਆਂ ਵਾਲੇ

## ਪਿੰਡ ਮੜੌਲੀ ਕਲਾਂ ਵਿਖੇ ਪੰਜ ਰੋਜ਼ਾ ਧਾਰਮਿਕ ਸਮਾਗਮ ਕਰਵਾਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਮੋਰਿੰਡਾ 9 ਅਪ੍ਰੈਲ ,(ਪਤਰ ਪ੍ਰੇਰਕ,) ਨਜ਼ਦੀਕੀ ਪਿੰਡ ਮੜੌਲੀ ਕਲਾਂ ਵਿਖੇ ਭਾਈ ਸੁਰਿੰਦਰਪਾਲ ਸਿੰਘ ਸੇਢੀ ਦੇ ਉਪਰਾਲੇ ਸਦਕਾ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਏ ਗਏ। ਪੰਜ ਰੋਜ਼ਾ ਕਥਾ ਤੇ ਕੀਰਤਨ ਦੀਵਾਨ ਦੇ ਆਖਰੀ ਦਿਨ ਸਿੱਖ ਕੌਮ ਦੇ ਪ੍ਰਸਿੱਧ ਪ੍ਰਚਾਰਕ ਭਾਈ ਰਣਜੀਤ ਸਿੰਘ ਜੀ ਢੱਡਰੀਆਂ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ। ਸ਼ਹੀਦ ਕਾਂਸ਼ੀ ਰਾਮ ਸਟੇਡੀਅਮ ਮੜੌਲੀ ਕਲਾਂ ਵਿਖੇ ਸਜਾਏ ਦੀਵਾਨਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਤੋਂ ਪਹਿਲਾਂ ਭਾਈ ਗੁਰਪ੍ਰੀਤ ਸਿੰਘ ਜੀ ਪਰਮੇਸ਼ਰ ਦੁਆਰ ਸਾਹਿਬ ਦੇ ਜਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ। ਪੰਜਾਬ ਭਰ ਵਿੱਚ ਵੱਡੀ ਪੱਧਰ ਤੇ ਸਿੱਖ ਪਰਿਵਾਰਾਂ ਵੱਲੋਂ ਈਸਾਈ ਧਰਮ ਅਪਨਾਉਣ ਤੇ ਚਿੰਤਾ ਪ੍ਰਗਟ ਕਰਦਿਆਂ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਭਾਵੁਕ ਹੋ ਸ਼੍ਰੋਮਣੀ ਕਮੇਟੀ ਤੇ ਸਿੱਖ ਕੌਮ ਦੇ ਪ੍ਰਚਾਰਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿੱਖ ਕੌਮ ਦੀ ਵਾੜ ਨੂੰ ਮਜ਼ਬੂਤ ਕਰਨ ਤਾਂ ਜੋ ਕੋਈ ਵੀ ਸਿੱਖ ਪਰਿਵਾਰ ਕਿਸੇ ਹੋਰ ਦੇ ਬਹਿਕਾਵੇ ਵਿੱਚ ਆਕੇ ਅਪਣਾ ਧਰਮ ਪਰਿਵਰਤਨ ਨਾ ਕਰਨ। ਉਨ੍ਹਾਂ ਕਿਹਾ ਕਿ ਸਾਡੇ ਗੁਰੂਆਂ ਦੀਆਂ ਕੁਰਬਾਨੀਆਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿਧਾਂਤ ਜੋ ਸਾਰੇ ਹੀ ਧਰਮਾਂ ਦੇ ਗ੍ਰੰਥਾਂ ਤੋਂ ਵਿਲੱਖਣ ਹੈ ਉਸ ਸਿਧਾਂਤ ਨੂੰ ਅਸੀਂ ਆਮ ਲੋਕਾਂ ਤੱਕ ਪਹੁੰਚਾਉਣ ਦੀ ਬਜਾਏ ਸਿੱਖ ਕੌਮ ਆਪਸੀ ਮਤਭੇਦਾਂ ਵਿੱਚ ਉਲਝ ਕੇ ਰਹਿ ਗਏ। ਇਸ ਮੌਕੇ ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ, ਬਾਬਾ ਗੋਬਿੰਦ ਸਿੰਘ ਜੀ ਝੀਲ ਵਾਲੇ, ਬਾਬਾ ਭੁਪਿੰਦਰ ਸਿੰਘ ਜੀ ਮਾਜਰੇ ਵਾਲੇ, ਬਾਬਾ ਜਸਪ੍ਰੀਤ ਸਿੰਘ ਜੀ ਮਸਤੂਆਣਾ ਸਾਹਿਬ, ਬਾਬਾ ਗੁਰਪ੍ਰੀਤ ਸਿੰਘ ਭਾਮੀਆ, ਬਾਬਾ ਕੁਲਵਿੰਦਰ ਸਿੰਘ ਯੂਰੀ, ਗੁਰਮਤਿ ਪ੍ਰਚਾਰ ਸੇਵਾ ਦਲ ਮੋਰਿੰਡਾ, ਗੁਰਮਤਿ ਪ੍ਰਚਾਰ ਸੇਵਾ ਦਲ ਕੁਰਾਲੀ ਅਤੇ ਗੁਰਮਤਿ ਪ੍ਰਚਾਰ ਸੇਵਾ ਦਲ ਚੁੰਨੀ ਦੇ ਮੈਂਬਰਾਂ ਤੋਂ ਇਲਾਵਾ ਡੀ.ਐਸ.ਪੀ ਜਤਿੰਦਰਪਾਲ ਸਿੰਘ, ਐਸ ਐਚ ਓ ਹਰਜਿੰਦਰ ਸਿੰਘ, ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਕੌਂਸਲਰ ਹਰਜੀਤ ਸਿੰਘ ਸੋਢੀ, ਪੀ.ਏ.ਡੀ ਬੈਂਕ ਮੋਰਿੰਡਾ ਦੇ ਵਾਈਸ ਚੇਅਰਮੈਨ ਕਰਨੈਲ ਸਿੰਘ ਜੀਤ, ਕਿਸਾਨ ਆਗੂ ਪਰਗਟ ਸਿੰਘ ਰੌਲੂਮਾਜਰਾ, ਪਰਮਾਤਮਾ ਸਿੰਘ ਢੀਂਡਸਾ, ਬੇਅੰਤ ਸਿੰਘ ਕੰਗ, ਹਰਦੀਪ ਸਿੰਘ ਬੈਂਸ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਲਖਵੀਰ ਸਿੰਘ, ਸੁਦਾਗਰ ਸਿੰਘ ਮਾਨ, ਤਰਲੋਚਨ ਸਿੰਘ ਫੌਜੀ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਅਵਤਾਰ ਸਿੰਘ ਢੀਂਡਸਾ, ਸੁਖਵਿੰਦਰ ਸਿੰਘ ਅਤੇ ਪਰਮਿੰਦਰ ਸਿੰਘ ਟੋਨਾ ਆਦਿ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਇੱਕ ਪਰਿਵਾਰ,ਇੱਕ ਅਹੁਦਾ, ਇੱਕ ਟਿਕਟ ਵਰਗੀਆਂ ਪਾਰਟੀ ਦੇ ਸੰਵਿਧਾਨ 'ਚ ਕਰਾਂਗੇ ਅਹਿਮ ਸੋਧਾਂ,,,- ਪੰਜ ਮੈਂਬਰੀ ਭਰਤੀ ਕਮੇਟੀ

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਭਗੌੜੇ, ਆਪਣਾ ਭਗੌੜੇ ਪ੍ਰਧਾਨ ਦੀ ਕਰਨਗੇ ਚੋਣ, ਭਰਤੀ ਕਮੇਟੀ ਹੀ ਸ਼੍ਰੋਮਣੀ ਅਕਾਲੀ ਦਲ ਦੀ ਕਰੇਗੀ ਮਜ਼ਬੂਤੀ ਅਤੇ ਦੇਵੇਗੀ ਅਧਿਕਾਰਿਤ ਪ੍ਰਧਾਨ ,, ਬਾਦਲਾਂ ਦੇ ਗੜ੍ਹ 'ਚ ਹੋਏ ਵੱਡੇ ਇਕੱਠ ਨੇ ਭਰਤੀ ਲਹਿਰ ਦੀ ਛੇੜੀ ਚਰਚਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਮਾਨਸਾ/ਭੀਖੀ 9ਅਪਰੈਲ (ਆਤਮਾ ਸਿੰਘ ਪਮਾਰ) ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਲਈ ਲਈ ਮਨੋਨੀਤ ਭਰਤੀ ਕਮੇਟੀ ਦੀ ਬਾਦਲ ਪਰਿਵਾਰ ਦੇ ਗੜ੍ਹ ਮਾਨਸਾ ਵਿੱਚ 'ਚ ਅੱਜ ਉਸ ਸਮੇਂ ਨਵਾਂ ਇਤਿਹਾਸ ਸਿਰਜਿਆ ਗਿਆ ਜਦੋਂ ਪੰਜ ਮੈਂਬਰੀ ਭਰਤੀ ਦੀ ਭੀਖੀ ਆਮਦ 'ਤੇ ਰੱਖੀ ਗਈ ਮੀਟਿੰਗ ਇੱਕ ਵੱਡੀ ਰੈਲੀ ਦਾ ਰੂਪ ਧਾਰਨ ਕਰ ਗਈ। ਮੀਟਿੰਗ ਦੌਰਾਨ ਵਿੱਚ ਭਰਤੀ ਕਮੇਟੀ ਦੇ ਮੈਂਬਰ ਸ. ਮਨਪ੍ਰੀਤ ਸਿੰਘ ਇਯਾਲੀ, ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਜੱਥੇਦਾਰ ਇਕਬਾਲ ਸਿੰਘ ਝੂੰਦਾਂ, ਜੱਥੇਦਾਰ ਸੰਤਾ ਸਿੰਘ ਉਮੈਦਪੁਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਮਨਪ੍ਰੀਤ ਸਿੰਘ ਇਯਾਲੀ ਨੇ ਵੱਡੀ ਇਕੱਤਰਤਾ ਨੂੰ ਸੰਬੋਧਨ ਕਰਦਿਆ ਕਿਹਾ ਕਿ ਅੱਜ ਦੇ ਤਕਨੀਕੀ ਯੁੱਗ ਵਿੱਚ ਲੀਡਰਸ਼ਿਪ ਦੇ ਫੈਸਲਿਆਂ ਛੁਪਾਏ ਨਹੀਂ ਜਾ ਸਕਦਾ। ਲੀਡਰਸ਼ਿਪ ਨੂੰ ਵਰਕਰਾਂ ਅਤੇ ਵੋਟਰਾਂ ਦੀਆਂ ਭਾਵਨਾਵਾਂ ਅਨੁਸਾਰ ਕੰਮ ਕਰਨਾ ਪਵੇਗਾ। ਇਯਾਲੀ ਨੇ ਕਿਹਾ ਕਿ ਵਰਕਰ ਕਿਸੇ ਪਾਰਟੀ ਜਾਂ ਜੱਥੇਬੰਦੀ ਦੀ ਰੀੜ੍ਹ ਹੁੰਦੇ ਹਨ, ਇੰਨ੍ਹਾਂ ਨੂੰ ਅਣਗੌਲਿਆਂ ਕਰਕੇ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਦੇ ਉਲਟ ਫੈਸਲੇ ਲੈ ਕੇ ਸਹੀ ਨਤੀਜੇ ਨਹੀਂ ਮਿਲਦੇ ਸਗੋਂ ਇਸ ਦੀ ਸਜ਼ਾ ਵੀ ਭੁਗਤਣੀ ਪੈ ਸਕਦੀ ਹੈ।ਸ. ਇਯਾਲੀ ਨੇ ਕਿਹਾ ਕਿ ਜਿੰਨ੍ਹਾਂ ਗਲਤੀਆਂ, ਗੁਨਾਹਾਂ, ਹੁਕਮਨਾਮਿਆਂ ਦੀ ਉਲੰਘਣਾ ਕਰਕੇ ਅਜੋਕੇ ਹਾਲਾਤ ਬਣੇ,ਹਨ ਉਸ ਤੋਂ ਸਬਕ ਸਿੱਖਣ ਦੀ ਬਜਾਏ ਪਹਿਲਾਂ ਤੋਂ ਵੀ ਵੱਡੀਆਂ ਗਲਤੀਆਂ, ਗੁਨਾਹ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜਾ ਹੋਇਆ ਧੜਾ, ਜਿਸ ਨੇ ਹਮੇਸ਼ਾ ਬੀਜੇਪੀ ਦਾ ਪੱਖ ਪੂਰਿਆ, ਚਾਹੇ



ਕਿਸਾਨੀ ਅੰਦੋਲਨ ਦੀ ਗੱਲ ਹੋਵੇ ਜਾਂ ਇਸ ਤੋਂ ਬਾਅਦ ਰਾਸ਼ਟਰਪਤੀ ਦੀ ਚੋਣ ਵੇਲੇ ਬੀਜੇਪੀ ਉਮੀਦਵਾਰ ਨੂੰ ਵੋਟ ਪਾਉਣ ਦੀ ਗੱਲ ਹੋਵੇ,। ਇਯਾਲੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਦੋ ਵੱਡੇ ਨੁਕਤੇ ਕਿਸਾਨੀ ਅਤੇ ਪੰਥ ਹੀ ਹਨ ਇਸ ਦੀ ਲੀਡਰਸ਼ਿਪ ਨਾ ਪੰਥ ਨਾਲ ਖੜ੍ਹ ਸਕੀ ਅਤੇ ਨਾ ਹੀ ਕਿਸਾਨੀ ਨਾਲ। ਜਿਸ ਕਰਕੇ ਪਾਰਟੀ ਦੇ ਦੋਵੇਂ ਮੁੱਖ ਕਾਰਕਾਂ ਨੇ ਪਾਰਟੀ ਤੋਂ ਕਿਨਾਰਾ ਕਰ ਲਿਆ। ਉਨ੍ਹਾਂ ਅੱਗੇ ਕਿਹਾ ਕਿ ਅੱਜ ਪੰਜਾਬ ਆਪਣੀ ਖੇਤਰੀ ਪਾਰਟੀ 'ਤੇ ਉਮੀਦ ਲਗਾਈ ਬੈਠਾ ਹੈ, ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਕਦੇ ਪੰਜਾਬ ਦੀਆਂ ਸਕੀਆਂ ਨਹੀਂ ਹੋ ਸਕਦੀਆਂ। ਅਜ਼ਾਦੀ ਤੋਂ ਬਾਅਦ ਹੁਣ ਤੱਕ ਪੰਜਾਬ ਦੇ ਮੁੱਖ ਮਸਲੇ ਜਿਉਂ ਦੀ ਤਿਉਂ ਲਟਕ ਨਹੀਂ ਹੋ ਸਕੇ।ਇਸ ਮੌਕੇ ਉਨ੍ਹਾਂ ਨੌਜਵਾਨਾਂ ਨੂੰ ਵਿਸ਼ੇਸ਼ ਅਪੀਲ ਕਰਦਿਆਂ ਕਿਹਾ ਕਿ ਓਹ ਆਪਣੀ ਮਾਂ ਪਾਰਟੀ ਵਿੱਚ ਸਨਮਾਨ ਨਾਲ ਵਾਪਸੀ ਕਰਨ ਪਾਰਟੀ ਦੇ ਦਰਵਾਜ਼ੇ ਉਨ੍ਹਾਂ ਲਈ ਹਰ ਸਮੇਂ ਖੁੱਲ੍ਹੇ ਹਨ।

ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਪਾਰਟੀ ਦੇ ਨਿਘਾਰ ਵੱਲ ਜਾਣ ਦਾ ਸਭ ਤੋਂ ਵੱਡਾ ਕਾਰਨ ਬਰਗਾੜੀ ਅਤੇ ਬਹਿਬਲ ਕਲਾਂ ਕਾਂਡ ਲਈ ਪੰਥਕ ਸਰਕਾਰ ਤੋਂ ਸਿੱਖ ਕੌਮ ਨੂੰ ਇਨਸਾਫ ਨਾ ਮਿਲਣਾ ਦੱਸਿਆ। ਵਡਾਲਾ ਨੇ ਕਿਹਾ ਕਿ ਸਾਡਾ ਮਰਨਾ ਜਿਉਣਾ ਹੀ ਪੰਥ ਨਾਲ ਹੈ। ਅਕਾਲੀ ਸੋਚ ਨੂੰ ਸਮਰਪਿਤ ਲੀਡਰਸ਼ਿਪ ਨੂੰ ਸ਼ੋਭਦਾ ਨਹੀਂ ਕਿ ਅਕਾਲ ਤਖ਼ਤ ਸਾਹਮਣੇ ਕਬੂਲ ਕੀਤੇ ਗੁਨਾਹਾਂ ਤੋਂ ਮੁੱਕਰ ਜਾਣ। ਉਨ੍ਹਾਂ ਕਿਹਾ ਕਿ ਫ਼ਸੀਲ ਦੇ ਸਾਹਮਣੇ ਖੜ੍ਹ ਕੇ ਝੂਠ ਬੋਲਿਆ ਗਿਆ। ਡੇਰੇ ਸਿਰਸੇ ਤੇ ਹਿੰਦੀ ਵਿੱਚ ਆਈ ਚਿੱਠੀ ਨੂੰ ਪੰਜਾਬੀ ਵਿੱਚ ਅਨੁਵਾਦ ਕਰਨ ਵਾਲੇ ਲੀਡਰ ਝੂਠ ਬੋਲਦੇ ਰਹੇ। ਜੱਥੇਦਾਰ ਵਡਾਲਾ ਨੇ ਕਿਹਾ ਕਿ ਜਾਰੀ ਹੁਕਮਨਾਮਾ ਸਾਹਿਬ ਵਿੱਚ ਹੁਕਮ ਹੋਏ ਸਨ ਅਸਤੀਫ਼ਾ ਦੇ ਚੁੱਕੇ ਆਗੂਆਂ ਦੇ ਅਸਤੀਫ਼ੇ ਸਵੀਕਾਰ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਨੂੰ ਜਾਣਕਾਰੀ ਦਿੱਤੀ ਜਾਵੇ ਪਰ ਅੱਜ ਓਹ ਲੋਕ ਹੀ ਹੁਕਮਨਾਮਿਆਂ ਨੂੰ ਚੁਣੌਤੀ ਦੇ ਰਹੇ ਹਨ।

ਜੱਥੇਦਾਰ ਇਕਬਾਲ ਸਿੰਘ ਝੂੰਦਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਨਸਾ ਦੇ ਪੰਥ ਹਿਤੈਸ਼ੀ ਲੋਕਾਂ ਨੇ ਮੋਹਰ ਲਗਾ ਦਿੱਤੀ ਹੈ ਕਿ ਪੂਰਨ ਤੌਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹਨ। ਜੱਥੇਦਾਰ ਝੂੰਦਾਂ ਨੇ ਕਿਹਾ ਕਿ ਪੰਜ ਮੈਂਬਰੀ ਭਰਤੀ ਕਮੇਟੀ ਦੀ ਕੋਸ਼ਿਸ਼ ਰਹੇਗੀ ਕਿ ਪੰਥ ਪ੍ਰਵਾਣਿਤ ਏਜੰਡਿਆਂ ਤੇ ਸੁਹਿਰਦਤਾ ਨਾਲ ਪਹਿਰਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੇਵਾ, ਤਿਆਗ ਅਤੇ ਕੁਰਬਾਨੀ ਵਾਲੀ ਜਮਾਤ ਹੈ ਪਰ ਕੁੱਝ ਲੋਕਾਂ ਨੇ ਇਸ ਨੂੰ ਇੱਕ ਪਰਿਵਾਰ ਦੀ ਜਗੀਰ ਬਣਾ ਕੇ ਰੱਖਣ ਦੀ ਕੋਸ਼ਿਸ਼ ਕੀਤੀ ਜੋ ਬਾਦਸਤੂਰ ਜਾਰੀ ਹੈ। ਜੱਥੇਦਾਰ ਝੂੰਦਾਂ ਨੇ ਮੁੜ ਦੁਹਰਾਉਂਦੇ ਕਿਹਾ ਕਿ ਵਰਕਰਾਂ ਦੀ ਮੰਗ ਹੈ ਕਿ ਪਾਰਟੀ ਵਿੱਚ ਵੱਡੇ ਸੁਧਾਰ ਕੀਤੇ ਜਾਣ, ਇਸ ਕਰਕੇ ਝੂੰਦਾਂ ਕਮੇਟੀ ਦੀਆਂ ਸਿਫਾਰਿਸ਼ਾਂ ਵਾਲੀ ਰਿਪੋਰਟ ਨੂੰ ਜਲਦ ਜਨਤਕ ਕੀਤਾ ਜਾਵੇਗਾ। ਜੱਥੇਦਾਰ ਝੂੰਦਾਂ ਨੇ ਪਾਰਟੀ ਸੰਵਿਧਾਨ ਵਿੱਚ ਜਰੂਰੀ ਸੋਧ ਕਰਨ ਦਾ ਵੀ ਐਲਾਨ ਕੀਤਾ। ਜਿਸ ਅਨੁਸਾਰ*ਇੱਕ ਪਰਿਵਾਰ, ਇੱਕ ਅਹੁਦਾ,ਇੱਕ ਟਿਕਟ* ਨੂੰ ਲਾਜ਼ਮੀ ਕੀਤਾ ਜਾਵੇਗਾ।

ਜੱਥੇਦਾਰ ਉਮੈਦਪੁਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ,ਅੱਜ ਪੰਥ ਦੀ ਨੁਮਾਇੰਦਾ ਜਮਾਤ ਨੂੰ ਹਰ ਪਾਸੇ ਤੋਂ ਕਮਜ਼ੋਰ ਕੀਤਾ ਜਾ ਰਿਹਾ ਹੈ। ਸਿਆਸੀ ਅਗਵਾਈ ਦਾ ਨੈਤਿਕ ਅਧਾਰ ਗੁਆ ਚੁੱਕੀ ਲੀਡਰਸ਼ਿਪ ਨੇ ਪਾਰਟੀ ਨੂੰ ਆਪਣੇ ਮੁਫਾਦਾਂ ਲਈ ਵਰਤਿਆ। ਪਾਰਟੀ ਤੇ ਕਾਬਜ ਪਰਿਵਾਰ ਨੇ ਪਾਰਟੀ ਅਤੇ ਐਸ ਜੀ ਪੀ ਸੀ ਨੂੰ ਆਪਣੀਆਂ ਜਾਤੀ ਜਗੀਰਾਂ ਬਣਾ ਲਈਆਂ। ਪਾਰਟੀ ਤੇ ਕਾਬਜ ਪਰਿਵਾਰ ਨੇ ਪੰਥਕ ਸੰਸਥਾਵਾਂ ਵਿੱਚ ਸਿੱਧਾ ਦਖਲ ਦੇਕੇ ਸੰਸਥਾਵਾਂ ਦੀ ਸਰਵਉਚਤਾ ਨੂੰ ਬੁਰੀ ਤਰ੍ਹਾਂ ਢਾਹ ਲਗਾਈ ਹੈ। ਜੱਥੇਦਾਰ ਉਮੈਦਪੁਰੀ ਨੇ ਕਿਹਾ ਕਿ ਪਹਿਲਾਂ ਇੱਕ ਪਰਿਵਾਰ ਨੇ ਪੰਥ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਬਾਦਲ ਪਾਰਟੀ ਬਣਾਇਆ ਤੇ ਹੁਣ ਪਾਰਟੀ ਨੂੰ ਭਗੌੜਾ ਦਲ ਤੱਕ ਬਣਾ ਦਿੱਤਾ।

ਅੱਜ ਦੀ ਮੀਟਿੰਗ ਦੀ ਸਫਲਤਾ ਲਈ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ, ਮਨਜੀਤ ਸਿੰਘ ਬੱਪੀਆਣਾ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਸਖ਼ਤ ਮਿਹਨਤ ਅਤੇ ਪੰਥ ਪ੍ਰਤੀ ਸੁਹਿਰਦਤਾ ਦਾ ਵੱਡਾ ਯੋਗਦਾਨ ਰਿਹਾ।ਇਸ ਮੌਕੇ ਸ. ਸੁਰਜੀਤ ਸਿੰਘ ਰੱਖੜਾ ਸਾਬਕਾ ਮੰਤਰੀ ਨੇ ਭਰਤੀ ਕਮੇਟੀ ਨੂੰ ਜੀ ਆਇਆਂ ਕਿਹਾ ਤਾਂ ਸ. ਪਰਮਿੰਦਰ ਸਿੰਘ ਢੀਂਡਸਾ ਨੇ ਭਰਤੀ ਕਮੇਟੀ ਮੈਂਬਰਾਨ ਅਤੇ ਹਾਜ਼ਰ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਬੀਬੀ ਜਗੀਰ ਕੌਰ ਸਾਬਕਾ ਪ੍ਰਧਾਨ ਐਸਜੀਪੀਸੀ, ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ, ਨੇ ਵੀ ਖਾਸ ਤੌਰ ਤੇ ਹਾਜ਼ਰੀ ਲਗਵਾਈ। ਅੱਜ ਦੀ ਮੀਟਿੰਗ ਵਿੱਚ ਜ਼ਿਲ੍ਹਾ ਮਾਨਸਾ ਦੀਆਂ ਸੰਗਤਾਂ ਨੇ ਆਪ ਮੁਹਾਰੇ ਪਹੁੰਚ ਕੇ ਪੰਜ ਮੈਂਬਰੀ ਭਰਤੀ ਕਮੇਟੀ ਦੇ ਕਾਰਜ ਦੀ ਸ਼ਲਾਘਾ ਕੀਤੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉਚਤਾ ਆਪਣਾ ਵਿਸ਼ਵਾਸ ਵੀ ਪ੍ਰਗਟ ਕੀਤਾ।

# ਲੂ ਤੋਂ ਬਚਾਅ ਲਈ ਜਰੂਰੀ ਹੈ ਕਿ ਸ਼ਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦਿੱਤੀ ਜਾਵੇ: ਸਿਵਲ ਸਰਜਨ ਡਾ. ਪਵਨ ਕੁਮਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ 9 ਅਪ੍ਰੈਲ (ਤਰਸੇਮ ਦੀਵਾਨਾ ) ਆਉਣ ਵਾਲੇ ਦਿਨਾਂ ਵਿੱਚ ਗਰਮੀ ਦੇ ਮੌਸਮ ਦੌਰਾਨ ਲਗਾਤਾਰ ਦਿਨ ਦਾ ਤਾਪਮਾਨ ਵੱਧਣ ਦੇ ਆਸਾਰ ਹਨ। ਇਸ ਵਾਰ ਗਰਮੀ ਦੇ ਸ਼ੁਰੂਆਤੀ ਮੌਸਮ ਵਿੱਚ ਹੀ ਤਾਪਮਾਨ ਵਿੱਚ ਤੇਜ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਇਸ ਤੋਂ ਬਚਾਓ ਸਬੰਧੀ ਸਿਵਲ ਸਰਜਨ ਡਾ.ਪਵਨ ਕੁਮਾਰ ਸ਼ਗੋਤਰਾ ਵੱਲੋਂ ਲੋਕਾਂ ਨੂੰ ਗਰਮੀ ਤੋਂ ਬਚਾਉਣ ਲਈ ਲੋੜੀਂਦੇ ਉਪਰਾਲੇ ਕਰਨ ਦੀ ਅਪੀਲ ਕੀਤੀ ਗਈ ਹੈ।

ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਐਡਵਾਈਜ਼ਰੀ ਦੀ ਪਾਲਣਾ ਕਰਨ ਦੀ ਅਪੀਲ ਕਰਦਿਆਂ ਡਾ. ਪਵਨ ਕੁਮਾਰ ਨੇ ਕਿਹਾ ਕਿ ਇਹ ਉੱਚ ਤਾਪਮਾਨ ਸਰੀਰ ਦੇ ਤਾਪਮਾਨ ਨਿਯੰਤ੍ਰਣ ਪ੍ਰਣਾਲੀ ਨੂੰ ਵਿਗਾੜਦਾ ਹੈ ਅਤੇ ਗਰਮੀ ਨਾਲ ਸਬੰਧਤ ਬਿਮਾਰੀਆਂ ਦਾ ਕਾਰਨ ਬਣਦਾ ਹੈ। ਮਈ ਅਤੇ ਜੂਨ ਦੇ ਮਹੀਨਿਆਂ ਦੌਰਾਨ ਗਰਮੀ ਦੀਆਂ ਲਹਿਰਾਂ ਚੱਲਣ ਦੀ ਸੰਭਾਵਨਾ ਜ਼ਿਆਦਾ ਹੁੰਦੀ ਹੈ ਅਤੇ ਇਸ ਸਮੇਂ ਦੌਰਾਨ ਆਮ ਲੋਕਾਂ ਦੇ ਨਾਲ-ਨਾਲ ਖਾਸ ਕਰਕੇ ਉਹਨਾਂ ਲੋਕਾਂ, ਜਿਹੜੇ ਜੋਖਮ ਸ਼੍ਰੇਣੀ ਵਿੱਚ ਆਉਂਦੇ ਹਨ, ਨੂੰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ ਲੂ-ਲੱਗਣ ਦੇ ਲੱਛਣਾਂ ਵਿੱਚ ਸਰੀਰ ਦਾ ਤਾਪਮਾਨ 40° C ਤੋਂ ਵੱਧਣਾ, ਬੇਹੋਸ਼ੀ/ਭ੍ਰਮ ਦੀ ਸਥਿਤੀ ਹੋਈ, ਚੱਕਰ ਆਉਣੇ, ਚਮੜੀ ਦਾ ਖੁਸ਼ਕ ਅਤੇ ਲਾਲ ਹੋਣਾ, ਬਹੁਤ ਕਮਜ਼ੋਰੀ ਹੋਣਾ, ਬਹੁਤ ਤੇਜ ਸਿਰ ਦਰਦ, ਉਲਟੀ ਆਉਣਾ ਆਦਿ ਸ਼ਾਮਿਲ ਹਨ।

ਸਿਵਲ ਸਰਜਨ ਨੇ ਕਿਹਾ ਇਸ ਸਥਿਤੀ ਵਿੱਚ ਮਰੀਜ ਨੂੰ ਪ੍ਰਾਥਮਿਕ ਉਪਕਾਰ ਜਿਵੇਂ ਕਿ ਕੱਪੜੇ ਢਿੱਲੇ ਕਰਨੇ ਤੇ ਘੱਟ ਕਰਨੇ, ਠੰਡੀ ਜਗ੍ਹਾ ਤੇ ਲੈ ਕੇ ਜਾਣਾ, ਬਰਫ/ਆਈਸ ਪੈਕ ਸਰੀਰ ਤੇ ਰੱਖਣਾ ਤਾਂ ਜਰੂਰੀ ਹਨ ਹੀ ਇਸ ਦੇ ਨਾਲ ਹੀ ਮਰੀਜ ਨੂੰ ਤੁਰੰਤ ਹਸਪਤਾਲ ਵਿੱਚ ਦਾਖਲ ਕਰਵਾਉਣਾ ਬਹੁਤ ਜਰੂਰੀ ਹੈ ਤਾਂ ਜੋ ਸਹੀ ਤਰ੍ਹਾਂ ਨਾਲ ਇਲਾਜ ਕਰਕੇ ਮਰੀਜ ਦੀ ਜਾਨ ਬਚਾਈ ਜਾ ਸਕੇ। ਜੇਕਰ ਹੋ ਸਕੇ ਤਾਂ ਮਰੀਜ ਨੂੰ ਵਾਤਾਨੁਕੂਲਿਤ ਵਾਹਨ ਵਿੱਚ ਹੀ ਹਸਪਤਾਲ ਲਿਜਾਇਆ ਜਾਵੇ। ਜੇਕਰ ਮਰੀਜ ਨੂੰ ਹਸਪਤਾਲ ਪਹੁੰਚਾਉਣ ਵਿੱਚ ਦੇਰੀ ਹੋ ਜਾਏ ਤਾਂ ਸਥਿਤੀ ਜੋਖਿਮ ਭਰੀ ਹੋ ਸਕਦੀ ਹੈ।

ਡਾ. ਪਵਨ ਨੇ ਕਿਹਾ ਕਿ ਸ਼ਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦਿਓ। ਗਰਮੀ ਦੇ ਮੌਸਮ ਵਿੱਚ ਪਾਣੀ ਉਚਿਤ ਮਾਤਰਾ ਵਿੱਚ ਪੀਓ, ਪਾਣੀ ਦੀ ਬੋਤਲ ਹਮੇਸ਼ਾਂ ਨਾਲ ਰੱਖੋ। ਮਿੱਠੇ ਅਤੇ ਨਮਕ ਸਮੇਤ ਨਿੰਬੂ ਪਾਣੀ, ਲੱਸੀ, ਓ.ਆਰ.ਐਸ ਅਤੇ ਹੋਰ ਤਰਲ ਪਦਾਰਥ ਸਰੀਰ ਵਿੱਚ ਪਾਣੀ ਦੀ ਸਹੀ ਮਾਤਰਾ ਬਣਾਈ ਰੱਖਦੇ ਹਨ।

ਡਾ ਜਗਦੀਪ ਸਿੰਘ ਨੇ ਇਸ ਸੰਬੰਧੀ ਗੱਲ ਕਰਦਿਆਂ ਦੱਸਿਆ ਕਿ ਨਵਜੰਮੇ ਤੇ ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਵੱਧ ਉਮਰ ਦੇ ਬਜ਼ੁਰਗ, ਮੋਟਾਪੇ ਤੋਂ ਪੀੜਤ ਵਿਅਕਤੀ, ਮਾਨਸਿਕ ਰੋਗੀ, ਜੋ ਸਰੀਰਕ ਤੌਰ 'ਤੇ ਬਿਮਾਰ ਹਨ, ਖਾਸ ਕਰਕੇ ਜਿਨ੍ਹਾਂ ਨੂੰ ਦਿਲ ਦੀ ਬਿਮਾਰੀ ਜਾਂ ਹਾਈ ਬਲੱਡ ਪ੍ਰੈਸ਼ਰ ਹੈ, ਅਨਿਯੰਤ੍ਰਿਤ ਸ਼ੂਗਰ, ਜਿਆਦਾ ਸ਼ਰਾਬ ਪੀਣਾ, ਧੁੱਪ ਵਿੱਚ ਕੰਮ ਕਰਨ ਵਾਲੇ ਮਜਦੂਰ, ਖਿਡਾਰੀ, ਗਰਮੀ ਅਨੁਸਾਰ ਕੱਪੜੇ ਨਾ ਪਾਉਣ ਵਾਲੇ ਲੋਕਾਂ ਵਿੱਚ ਲੂ ਲੱਗਣ ਦਾ ਜਿਆਦਾ ਖਤਰਾ ਹੋ ਸਕਦਾ ਹੈ।

ਡਾ ਜਗਦੀਪ ਨੇ ਕਿਹਾ ਕਿ ਕੁੱਝ ਗੱਲਾਂ ਦਾ ਵਿਸ਼ੇਸ਼ ਧਿਆਨ ਰੱਖ ਕੇ ਲੂ ਤੋਂ ਬਚਿਆ ਜਾ ਸਕਦਾ ਹੈ। ਜਿਵੇਂ ਸੂਤੀ ਤੇ ਢਿੱਲੇ ਕੱਪੜੇ ਪਾਓ ਜੋ ਪਸੀਨੇ ਨਾਲ ਸਰੀਰ ਨੂੰ ਠੰਡਾ ਰੱਖਣ ਵਿੱਚ ਮਦਦ



ਕਰਦੇ ਹਨ। ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਧੁੱਪੇ ਨਿਕਲਣ ਤੋਂ ਪਰਹੇਜ ਕਰੋ। ਠੰਡੇ ਥਾਂ ਤੋਂ ਇੱਕਦਮ ਗਰਮ ਮੌਸਮ ਵਿੱਚ ਨਿਕਲਣ ਵਿੱਚ ਨੁਕਸਾਨ ਹੋ ਸਕਦਾ ਹੈ। ਸਿੱਧੀ ਧੁੱਪ ਤੋਂ ਆਪਣੇ ਸਿਰ ਨੂੰ ਢੱਕਣ ਲਈ ਛੱਤਰੀ, ਟੋਪੀ, ਤੌਲੀਆ, ਪੱਗ ਜਾਂ ਦੁਪੱਟੇ ਦੀ ਵਰਤੋਂ ਕਰੋ। ਨੰਗੇ ਪੈਰੀਂ ਬਾਹਰ ਨਾ ਨਿਕਲੋ, ਧੁੱਪ ਵਿਚ ਬਾਹਰ ਜਾਣ ਵੇਲੇ ਹਮੇਸ਼ਾ ਜੁੱਤੀ ਜਾਂ ਚੱਪਲਾਂ ਪਾਓ। ਮੌਸਮੀ ਫਲ ਅਤੇ ਸਬਜ਼ੀਆਂ ਜਿਵੇਂ ਕਿ ਤਰਬੂਜ, ਸੰਤਰਾ, ਅੰਗੂਰ, ਖੀਰੇ ਅਤੇ ਟਮਾਟਰ ਖਾਓ ਕਿਉਂਕਿ ਇਨ੍ਹਾਂ ਵਿਚ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਅਲਕੋਹਲ, ਚਾਹ, ਕੌਫੀ, ਅਤੇ ਕਾਰਬੋਨੇਟਿਡ ਅਤੇ ਵਾਧੂ ਮਿੱਠੇ ਪੀਣ ਵਾਲੇ ਪਦਾਰਥਾਂ ਤੋਂ ਪਰਹੇਜ਼ ਕਰੋ ਕਿਉਂਕਿ ਇਹ ਅਸਲ ਵਿੱਚ ਬਾਡੀ ਫਲੂਡਜ਼ ਨੂੰ ਖਤਮ ਕਰਦੇ ਹਨ। ਅੱਖਾਂ ਦੀ ਸੁਰੱਖਿਆ ਲਈ ਗੂੜ੍ਹੇ ਚਸ਼ਮੇ ਪਾਓ। ਲੰਬੇ ਸਮੇਂ ਤੱਕ ਧੁੱਪ ਵਿੱਚ ਖੜ੍ਹੇ ਵਾਹਨਾਂ ਵਿੱਚ ਬੈਠਣ ਸਮੇਂ ਸਾਵਧਾਨੀ ਵਰਤੋ।

# ਡਾ. ਦਰਸ਼ਨ ਸਿੰਘ ਆਸ਼ਟ ਦੀ ਪੁਸਤਕ 'ਨਾਟਕ ਵੰਨ ਸੁਵੰਨੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਸਿਲੇਬਸ ਵਿਚ ਸ਼ਾਮਿਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਪਟਿਆਲਾ, 9 ਅਪ੍ਰੈਲ, (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੁਲਾਰ)- ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਾਰਜਸ਼ੀਲ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ, ਸਾਹਿਤ ਅਕਾਦਮੀ ਬਾਲ ਸਾਹਿਤ ਐਵਾਰਡੀ, ਸਟੇਟ ਐਵਾਰਡੀ ਅਤੇ ਪੰਜਾਬੀ ਸਾਹਿਤ ਸਭਾ (ਰਜਿ.) ਪਟਿਆਲਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ ਦੀ ਬਾਲ ਨਾਟ— ਪੁਸਤਕ 'ਨਾਟਕ ਵੰਨ ਸੁਵੰਨੇ ਕੁਰਕਸ਼ੇਤਰ ਯੂਨੀਵਰਸਿਟੀ ਕੁਰਕਸ਼ੇਤਰ ਦੇ ਪੰਜਾਬੀ ਵਿਭਾਗ ਦੇ ਪੋਸਟਗ੍ਰੈਜੂਏਟ ਕਲਾਸਾਂ ਦੇ ਸਿਲੇਬਸ ਵਿਚ ਸ਼ਾਮਿਲ ਕੀਤੀ ਗਈ ਹੈ।ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਪ੍ਰੋਫੈਸਰ ਡਾ.ਕੁਲਦੀਪ ਸਿੰਘ ਅਨੁਸਾਰ ਪੰਜਾਬੀ ਅਕਾਦਮੀ, ਦਿੱਲੀ ਵੱਲੋਂ ਛਾਪੀ ਗਈ ਇਸ ਪੁਸਤਕ ਨੂੰ ਪੰਜਾਬੀ ਵਿਭਾਗ ਦੇ ਨਵੇਂ ਅਕਾਦਮਿਕ ਸੈਸ਼ਨ ਤੋਂ ਲਾਗੂ ਕੀਤਾ ਗਿਆ ਹੈ।ਇਸ ਸੰਬੰਧੀ ਹੋਰ ਵੇਰਵੇ ਦਿੰਦਿਆਂ ਉਘੇ ਵਿਦਵਾਨ ਡਾ.ਕੁਲਦੀਪ ਸਿੰਘ ਨੇ ਦੱਸਿਆ ਕਿ ਇਸ ਨਾਲ ਜਿੱਥੇ ਪੰਜਾਬ ਤੋਂ ਬਾਹਰ ਦੇ ਵਿਦਿਆਰਥੀ ਪੰਜਾਬੀ ਬਾਲ ਸਾਹਿਤ ਪਰੰਪਰਾ ਤੋਂ ਜਾਣੂੰ ਹੋਣਗੇ ਉਥੇ ਵਿਦਿਆਰਥੀਆਂ ਵਿਚ ਅਕਾਦਮਿਕ ਪੱਧਰ ਤੇ ਪੰਜਾਬੀ ਬਾਲ—ਮਨ ਦੀ ਸੰਵੇਦਨਾ ਨੂੰ ਸਮਝਣ ਦੀ ਸੂਝ ਵੀ ਪੈਦਾ ਹੋਵੇਗੀ।ਜ਼ਿਕਰਯੋਗ ਹੈ ਕਿ ਡਾ.'ਆਸ਼ਟ ਦੀ ਇਹ ਬਾਲ ਨਾਟਕ ਪੁਸਤਕ ਪੰਜਾਬੀ ਅਕਾਦਮੀ ਦਿੱਲੀ ਦੇ ਤਤਕਾਲੀਨ ਸਕੱਤਰ ਐਮ.ਐਸ.ਬਤਰਾ ਦੀ ਅਗਵਾਈ ਅਧੀਨ ਪੰਜਾਬੀ ਦੇ ਉਘੇ ਵਿਦਵਾਨ ਡਾ.ਹਰਿਭਜਨ ਸਿੰਘ,ਗਲਪਕਾਰ ਗੁਰਬਚਨ ਸਿੰਘ ਭੁੱਲਰ ਅਤੇ ਸਿੱਖਿਆ ਸ਼ਾਸਤਰੀ ਸ੍ਰੀ ਜਗਦੀਸ਼ ਕੌਸ਼ਲ ਤੇ ਆਧਾਰਿਤ ਬਾਲ ਸਾਹਿਤ ਕਮੇਟੀ ਨੇ ਛਾਪੀ ਸੀ ਜਿਸ ਦਾ ਕੁਝ ਸਾਲ ਪਹਿਲਾਂ ਦੂਜਾ ਸੰਸਕਰਣ ਖ਼ਤਮ ਹੋਣ ਉਪਰੰਤ ਤੀਜਾ ਸੰਸਕਰਣ ਛਾਪਣ ਦੀ ਤਿਆਰੀ ਹੈ।ਇਹਨਾਂ ਬਾਲ ਨਾਟਕਾਂ ਵਿਚ ਬੱਚਿਆਂ ਨੂੰ ਪੰਜਾਬੀ ਭਾਸ਼ਾ,ਸਾਹਿਤ ਅਤੇ ਸਭਿਆਚਾਰ ਦੇ ਬਹੁਦਿਸ਼ਾਵੀ ਵਿਕਾਸ ਦੇ ਆਸ਼ੇ ਅਧੀਨ ਗਿਆਨ—ਵਿਗਿਆਨ ਅਤੇ ਉਸਾਰੂ ਜੀਵਨ ਮੁੱਲਾਂ ਨਾਲ ਜੋੜਨ ਦੀ ਪ੍ਰੇਰਣਾ ਦਿੱਤੀ ਗਈ ਹੈ।ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਭਾਰਤ ਦੀ ਕਿਸੇ ਯੂਨੀਵਰਸਿਟੀ ਨੇ ਪਹਿਲੀ ਵਾਰੀ ਪੰਜਾਬੀ ਬਾਲ ਸਾਹਿਤ ਨੂੰ ਅਕਾਦਮਿਕ ਪੱਧਰ ਤੇ ਪ੍ਰਮਾਣਿਕਤਾ ਅਤੇ ਪ੍ਰਵਾਨਗੀ ਦਿੰਦੇ ਹੋਏ ਆਪਣੇ ਸਿਲੇਬਸ



ਦਾ ਹਿੱਸਾ ਬਣਾਇਆ ਹੈ।ਇਸ ਸਾਰਥਿਕ ਉਦਮ ਨਾਲ ਭਵਿੱਖ ਵਿਚ ਬਾਲ ਸਾਹਿਤ ਵਿਸ਼ੇਸ਼ ਕਰਕੇ ਪੰਜਾਬੀ ਬਾਲ ਨਾਟਕ ਪਰੰਪਰਾ ਹੋਰ ਡੂੰਘੀ ਖੋਜ ਦੀਆਂ ਸੰਭਾਵਨਾਵਾਂ ਮੋਕਲੀਆਂ ਹੋ ਗਈਆਂ ਹਨ।ਇਸ ਪੁਸਤਕ ਤੋਂ ਪਹਿਲਾਂ ਵੀ ਡਾ.'ਆਸ਼ਟ ਦੀਆਂ ਪੰਜਾਬ,ਹਰਿਆਣਾ, ਮਹਾਰਾਸ਼ਟਰ, ਦਿੱਲੀ ਆਦਿ ਪ੍ਰਾਂਤਾਂ ਦੇ ਸਰਕਾਰੀ ਸਕੂਲਾਂ ਦੀਆਂ ਵੱਖ ਵੱਖ ਸ਼੍ਰੇਣੀਆਂ ਦੀਆਂ ਪੰਜਾਬੀ ਪਾਠ— ਪੁਸਤਕਾਂ ਵਿਚ ਸਿਲੇਬਸ ਵਜੋਂ ਪਿਛਲੇ ਕਾਫੀ ਅਰਸੇ ਤੋਂ ਪੜ੍ਹਾਇਆ ਜਾ ਰਿਹਾ ਹੈ।

# ਕਿਰਤੀ ਲੋਕਾਂ ਨੂੰ ਵੀ ਮਿਲੇ ਕਿਸਾਨ ਨਿਧੀ ਸਕੀਮ ਦਾ ਲਾਭ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ INTERNATIONAL PAPER, 94636 01616 hardipchumber57@gmail.com

ਦੇਸ਼ ਦੇ ਪ੍ਰਧਾਨ ਮੰਤਰੀ ਮਾਨਯੋਗ ਨਰਿੰਦਰ ਮੋਦੀ ਜੀ ਵੱਲੋਂ ਦੇਸ਼ ਦੇ ਕਿਸਾਨਾਂ ਨੂੰ ਫ਼ਸਲਾਂ ਦੀ ਸਾਂਭ ਸੰਭਾਲ ਆਦਿ ਲਈ ਹਰ ਸਾਲ ਛੇ ਹਜ਼ਾਰ ਰੁਪਏ ਦਿੱਤੇ ਜਾ ਰਹੇ ਹਨ। ਸਰਕਾਰ ਵੱਲੋਂ ਮਿਲਣ ਵਾਲੀ ਇਸ ਰਾਸ਼ੀ ਨਾਲ ਛੋਟੇ ਕਿਸਾਨਾਂ ਨੂੰ ਕਾਫ਼ੀ ਜਿਆਦਾ ਲਾਭ/ਰਾਹਤ ਮਿਲ ਰਹੀ ਹੈ। ਪ੍ਰੰਤੂ ਸਰਕਾਰ ਨੂੰ ਚਾਹੀਦਾ ਹੈ ਕਿ ਖੇਤੀ ਖੇਤਰ ਨਾਲ ਸਿੱਧੇ/ਅਸਿੱਧੇ ਤਰੀਕੇ ਜੁੜੇ ਮਜ਼ਦੂਰ/ਕਿਰਤੀ ਤਬਕੇ ਨੂੰ ਵੀ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਕੀਮ ਦਾ ਲਾਭ ਦੇਣਾ ਚਾਹੀਦਾ ਹੈ। ਇਸ ਸਕੀਮ ਦਾ ਨਾਮ ਬਦਲਕੇ,ਪ੍ਰਧਾਨ ਮੰਤਰੀ ਕਿਰਤੀ ਸਨਮਾਨ ਨਿਧੀ ਸਕੀਮ ਕਰ ਦੇਣਾ ਚਾਹੀਦਾ ਹੈ। ਤਾਂ ਕਿ ਹਰ ਕਿਰਤੀ ਨੂੰ ਬਰਾਬਰ ਦਾ ਸਨਮਾਨ ਮਿਲ ਸਕੇ।

ਬਲਜੀਤ ਸਿੰਘ ਕੁਲਾਰ,
ਪਿੰਡ + ਡਾਕ. ਕੋਟਗੁਰੂ (ਬਠਿੰਡਾ),

# ਹਿਊਮਨ ਰਾਈਟਸ ਕੌਂਸਲ (ਇੰਡੀਆ) ਨੇ ਗੁਰਦੀਪ ਸਿੰਘ ਕੰਗ ਨੂੰ ਪੰਜਾਬ ਸਕੱਤਰ ਦੇ ਅਹੁਦੇ ਨਾਲ ਨਵਾਜਿਆ

## * ਕੌਂਸਲ ਨੂੰ ਸੂਬਾ ਪੱਧਰ 'ਤੇ ਮਜ਼ਬੂਤ ਸੰਗਠਨ ਬਣਾਇਆ ਜਾਵੇਗਾ: ਕੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਫਗਵਾੜਾ 9 ਅਪ੍ਰੈਲ (ਸ਼ਿਵ ਕੌੜਾ) ਹਿਊਮਨ ਰਾਈਟਸ ਕੌਂਸਲ (ਇੰਡੀਆ) ਵਲੋਂ ਪ੍ਰਸਿੱਧ ਸਮਾਜ ਸੇਵਕ ਗੁਰਦੀਪ ਸਿੰਘ ਕੰਗ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦੇ ਹੋਏ ਕੌਂਸਲ ਦੇ ਪੰਜਾਬ ਸਕੱਤਰ ਦੀ ਮਹੱਤਵਪੂਰਨ ਜ਼ਿੰਮੇਵਾਰੀ ਦਿੱਤੀ ਹੈ। ਗੁਰਦੀਪ ਸਿੰਘ ਕੰਗ ਨੇ ਆਪਣੀ ਨਿਯੁਕਤੀ ਲਈ ਕੌਂਸਲ ਦੇ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਅਤੇ ਪੰਜਾਬ ਪ੍ਰਧਾਨ ਸੁਖਵੰਤ ਸਿੰਘ ਪੱਡਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਇਸ ਨਵੀਂ ਅਤੇ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਵੀ ਇੱਕ ਚੁਣੌਤੀ ਵਜੋਂ ਲੈਣਗੇ ਅਤੇ ਪੂਰੀ ਤਨਦੇਹੀ ਨਾਲ ਸੰਗਠਨ ਦੀ ਮਜਬੂਤੀ ਲਈ ਕੰਮ ਕਰਨਗੇ। ਜਿਕਰ ਯੋਗ ਹੈ ਕਿ ਗੁਰਦੀਪ ਸਿੰਘ ਕੰਗ ਥੋੜਾ ਸਮਾਂ ਪਹਿਲਾਂ ਹੀ ਇਸ ਜੱਥੇਬੰਦੀ ਨਾਲ ਬਤੌਰ ਫਗਵਾੜਾ ਸ਼ਾਖਾ ਪ੍ਰਧਾਨ ਜੁੜੇ ਸਨ। ਪਰ ਥੋੜ੍ਹੇ ਸਮੇਂ ਵਿੱਚ ਹੀ, ਆਪਣੀ ਸਰਗਰਮੀ ਅਤੇ ਕੌਂਸਲ ਦੇ ਬੈਨਰ ਹੇਠ ਕਈ ਸਮਾਜ ਸੇਵੀ ਪ੍ਰੋਜੈਕਟਾਂ ਦੇ ਸਫਲ ਆਯੋਜਨ ਨਾਲ ਸੀਨੀਅਰ ਅਹੁਦੇਦਾਰਾਂ ਦਾ ਧਿਆਨ ਆਪਣੇ ਵੱਲ ਖਿੱਚਿਆ। ਜਿਸ ਦੇ ਮੱਦੇਨਜ਼ਰ ਉਨ੍ਹਾਂ ਨੂੰ ਪੰਜਾਬ ਸਕੱਤਰ ਬਣਾਇਆ ਗਿਆ ਹੈ। ਗੁਰਦੀਪ ਸਿੰਘ ਕੰਗ ਨੇ ਕਿਹਾ ਕਿ ਉਹ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਦੀ ਅਗਵਾਈ ਹੇਠ ਅਤੇ ਪੰਜਾਬ ਪ੍ਰਧਾਨ ਸੁਖਵੰਤ ਸਿੰਘ ਪੱਡਾ ਦੇ ਸਹਿਯੋਗ ਨਾਲ ਹਰੇਕ ਜ਼ਿਲ੍ਹੇ ਵਿੱਚ ਕੌਂਸਲ ਦੀਆਂ ਸ਼ਾਖਾਵਾਂ ਦਾ ਗਠਨ ਕਰਨਗੇ। ਜਿਸ ਤੋਂ ਬਾਅਦ ਬਲਾਕ ਪੱਧਰ 'ਤੇ ਇਕਾਈਆਂ ਬਣਾਈਆਂ ਜਾਣਗੀਆਂ। ਉਨ੍ਹਾਂ ਪੰਜਾਬ ਦੇ ਮਿਹਨਤੀ ਨੌਜਵਾਨਾਂ ਨੂੰ ਮਨੁੱਖੀ ਅਧਿਕਾਰ ਪ੍ਰੀਸ਼ਦ (ਭਾਰਤ) ਨਾਲ ਜੁੜ ਕੇ ਜਨਤਕ ਜਾਗਰੁਕਤਾ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਨਾਲ ਹੀ ਦੱਸਿਆ ਕਿ ਇਹ ਸੰਸਥਾ ਮਨੁੱਖੀ ਅਧਿਕਾਰਾਂ ਅਤੇ ਭ੍ਰਿਸ਼ਟਾਚਾਰ ਦੇ ਖਾਤਮੇ



ਸਮੇਤ ਕਈ ਹੋਰ ਸੈਂਲਾਂ ਰਾਹੀਂ ਬਹੁਤ ਸਾਰੇ ਸਮਾਜ ਸੇਵਾ ਦੇ ਕੰਮ ਕਰਦੀ ਹੈ। ਕੋਈ ਵੀ ਨੌਜਵਾਨ, ਭਾਵੇਂ ਉਹ ਔਰਤ ਹੋਵੇ ਜਾਂ ਮਰਦ, ਸਮਾਜ ਸੇਵਾ ਦੀ ਭਾਵਨਾ ਨਾਲ ਇਸ ਸੰਗਠਨ ਵਿੱਚ ਸ਼ਾਮਲ ਹੋ ਸਕਦਾ ਹੈ। ਗੁਰਦੀਪ ਸਿੰਘ ਕੰਗ ਨੂੰ ਉਨ੍ਹਾਂ ਦੇ ਸ਼ੁਭਚਿੰਤਕਾਂ ਵੱਲੋਂ ਸਟੇਟ ਸਕੱਤਰ ਬਣਨ 'ਤੇ ਸ਼ੁੱਭ ਇੱਛਾਵਾਂ ਮਿਲਣ ਦਾ ਸਿਲਸਿਲਾ ਜਾਰੀ ਹੈ।

# ਪੰਜਾਬ ਸਰਕਾਰ ਸਿੱਖਿਆ ਮਿਆਰ ਨੂੰ ਉੱਚਾ ਚੁੱਕਣ ਲਈ ਯਤਨਸ਼ੀਲ : ਅਨਿੱਲ ਠਾਕੁਰ

## ਆਧੁਨਿਕ ਕਲਾਸ ਰੂਮ ਦਾ ਕੀਤਾ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਬਠਿੰਡਾ 9 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਯਤਨਸ਼ੀਲ ਤੇ ਵਚਨਵੱਧ ਹੈ। ਇਨ੍ਹਾਂ ਗੱਲਾ ਦਾ ਪ੍ਰਗਟਾਵਾਂ ਚੇਅਰਮੈਨ ਆਬਕਾਰੀ ਤੇ ਕਰ ਵਿਭਾਗ ਸ਼੍ਰੀ ਅਨਿਲ ਠਾਕੁਰ ਨੇ ਜ਼ਿਲ੍ਹੇ ਦੇ ਪਿੰਡ ਚੱਕ ਅਤਰ ਸਿੰਘ ਵਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਆਧੁਨਿਕ ਕਲਾਸ ਰੂਮ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਵਿਸ਼ੇਸ਼ ਤੌਰ 'ਤੇ



ਹਾਜ਼ਰ ਰਹੇ। ਇਸ ਦੌਰਾਨ ਚੇਅਰਮੈਨ ਸ੍ਰੀ ਅਨਿੱਲ ਠਾਕੁਰ ਨੇ ਕਿਹਾ ਕਿ ਸੂਬਾ ਸਰਕਾਰ ਆਮ ਲੋਕਾਂ ਨੂੰ ਉਨ੍ਹਾਂ ਦੇ ਦਰਾਂ ਨੇੜੇ ਵਧੀਆਂ ਸਿਹਤ ਸਹੂਲਤਾਂ ਦੇਣ ਲਈ ਵਚਨਵੱਧ ਹੈ। ਉਨ੍ਹਾਂ ਕਿਹਾ ਕਿ ਰਾਜ ਅੰਦਰ ਮੁਹੱਲਾ ਕਲੀਨਿਕ ਚਾਲੂ ਹੋਣ ਨਾਲ 3 ਕਰੋੜ ਤੋਂ ਵੀ ਵੱਧ ਲੋਕਾਂ ਨੇ ਇਸ ਸਹੂਲਤ ਦਾ ਫਾਇਦਾ ਲਿਆ। ਇਨ੍ਹਾਂ ਕਲੀਨਿਕਾਂ ਵਿੱਚ ਮੁਫਤ ਇਲਾਜ, ਦਵਾਈਆਂ ਅਤੇ ਟੈਸਟ ਕੀਤੇ ਜਾ ਰਹੇ ਹਨ। ਇਸ ਦੌਰਾਨ ਚੇਅਰਮੈਨ ਆਬਕਾਰੀ ਤੇ ਕਰ ਵਿਭਾਗ ਸ਼੍ਰੀ ਅਨਿਲ ਠਾਕੁਰ ਨੇ ਕਿਹਾ ਕਿ ਸੂਬਾ ਸਰਕਾਰ 'ਜ਼ੀਰੋ ਟਾਲਰੈਂਸ' ਨੀਤੀ ਤਹਿਤ ਪੂਰਨ ਕੰਮ ਕਰ ਰਹੀ ਹੈ ਅਤੇ ਰਿਸ਼ਵਤਖੋਰਾਂ ਨੂੰ ਕਰੜੇ ਹੱਥੀਂ ਲੈ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਸੂਬੇ 'ਚ ਕਾਨੂੰਨ ਦੀ ਵਿਵਸਥਾ ਵਿੱਚ ਸੁਧਾਰ ਲਈ ਵਿਸ਼ੇਸ਼ ਪਹਿਲਕਦਮੀਆਂ ਵੀ ਕਰ ਰਹੀ ਹੈ।

ਇਸ ਮੌਕੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਰੋਜਗਾਰ ਦੇਣ ਤੇ ਉਨ੍ਹਾਂ ਨੂੰ ਸਵੈ ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਯਤਨਸ਼ੀਲ ਅਤੇ ਵਚਨਵੱਧ ਹੈ। ਉਨ੍ਹਾਂ ਕਿਹਾ ਕਿ ਜੇਕਰ ਰੋਜ਼ਗਾਰ ਦੀ ਗੱਲ ਕਰੀਏ ਤਾਂ ਪੰਜਾਬ ਸਰਕਾਰ ਨੇ ਹੁਣ ਤੱਕ ਨੌਜਵਾਨ ਲੜਕੇ ਤੇ ਲੜਕੀਆਂ ਨੂੰ 56 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਬਿਨਾਂ ਕਿਸੇ ਰਿਸ਼ਵਤ ਦੇ ਦਿੱਤੀਆਂ ਜਾ ਚੁੱਕੀਆਂ ਹਨ। ਇਸ ਮੌਕੇ ਚੇਅਰਮੈਨ ਆਬਕਾਰੀ ਤੇ ਕਰ ਵਿਭਾਗ ਸ਼੍ਰੀ ਅਨਿਲ ਠਾਕੁਰ ਵਲੋਂ ਜ਼ਿਲ੍ਹੇ ਦੇ ਪਿੰਡ ਕਾਲਝਰਾਣੀ ਦੇ ਸਰਕਾਰੀ ਸਕੂਲ ਦੇ ਵਿਕਾਸ ਕਾਰਜਾਂ ਦਾ ਵੀ ਉਦਘਾਟਨ ਕੀਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।

# ਸਰਕਾਰੀ ਸਕੂਲਾਂ ਦੀ ਬਦਲੀ ਜਾ ਰਹੀ ਹੈ ਨੁਹਾਰ: ਸੁਖਬੀਰ ਸਿੰਘ ਮਾਈਸਰਖਾਨਾ

## ਮੰਡੀ ਕਲਾਂ ਤੇ ਮੌੜ ਮੰਡੀ ਦੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਬਠਿੰਡਾ 9 ਅਪ੍ਰੈਲ (ਗੁਰਦੇਵ ਸਿੰਘ ਬਰਾੜ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਭ੍ਰਿਸ਼ਟਾਚਾਰ ਤੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਨੂੰ ਵਚਨਵੱਧ ਅਤੇ ਯਤਨਸ਼ੀਲ ਹੈ, ਜਿਸ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਸੁਖਬੀਰ ਸਿੰਘ ਮਾਈਸਰਖਾਨਾ ਨੇ ਜ਼ਿਲ੍ਹੇ ਦੇ ਪਿੰਡ ਕੋਟਲੀ ਖੁਰਦ ਦੇ ਸਰਕਾਰੀ ਹਾਈ ਸਕੂਲ ਵਿਖੇ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆ ਕੀਤਾ।ਇਸ ਮੌਕੇ ਸੁਖਬੀਰ ਸਿੰਘ ਮਾਈਸਰਖਾਨਾ ਨੇ



ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਨੌਜਵਾਨਾਂ ਲੜਕੇ ਅਤੇ ਲੜਕੀਆਂ ਨੂੰ ਸਵੈ ਰੋਜ਼ਗਾਰ ਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਿਕ ਫੈਸਲੇ ਲੈਂਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਸ ਦੌਰਾਨ ਸੁਖਬੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾ/ਸ਼ਹਿਰਾਂ ਅੰਦਰ ਖੇਡ ਗਰਾਊਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ। ਇਸ ਮੌਕੇ ਵਿਧਾਇਕ ਸੁਖਬੀਰ ਸਿੰਘ ਮਾਈਸਰਖਾਨਾ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਤੋਂ ਸਖਤ ਮਿਹਨਤ ਕਰਨ ਤਾਂ ਮਿੱਥੇ ਟੀਚੇ ਨੂੰ ਸਰ ਕਰ ਸਕਨ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ। ਇਸ ਉਪਰੰਤ ਸੁਖਬੀਰ ਸਿੰਘ ਮਾਈਸਰਖਾਨਾਂ ਨੇ ਮੰਡੀ ਕਲਾਂ ਅਤੇ ਮੌੜ ਮੰਡੀ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ। ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਆਦਿ ਹਾਜ਼ਰ ਸਨ।

# ਸੂਬਾ ਸਰਕਾਰ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਵਚਨਵੱਧ : ਜਗਸੀਰ ਸਿੰਘ

## ਵੱਖ-ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਬਠਿੰਡਾ 9 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਜਿੱਥੇ ਰਾਜ ਨੂੰ ਨਸ਼ਾ, ਭ੍ਰਿਸ਼ਟਾਚਾਰ, ਬੇਰੋਜ਼ਗਾਰੀ ਮੁਕਤ ਬਣਾਉਣ ਚਾਹੁੰਦੀ ਹੈ ਉਥੇ ਹੀ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਵੀ ਪੂਰੀ ਤਰ੍ਹਾਂ ਵਚਨਵੱਧ ਤੇ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ



ਨੇ ਜ਼ਿਲ੍ਹੇ ਦੇ ਪਿੰਡ ਲਹਿਰਾ ਖਾਨਾ ਦੇ ਸਰਕਾਰੀ ਹਾਈ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਕਰਵਾਏ ਗਏ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਸਮਾਗਮ 'ਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਬੱਚਿਆਂ ਦੇ ਸੁਨਹਿਰੀ ਭਵਿੱਖ ਨੂੰ ਸਿਰਜਣ ਲਈ ਸੂਬਾ ਸਰਕਾਰ ਹਮੇਸ਼ਾ ਤਤਪਰ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨਸ਼ਿਆ ਦੀ ਚੇਨ ਨੂੰ ਤੋੜਨ ਦੇ ਲਈ ਵੱਡੀ ਲੜਾਈ ਲੜ ਰਹੀ ਹੈ, ਜਿਸ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਸੁਪਨਾ ਹੈ ਕਿ ਪੰਜਾਬ ਦਾ ਹਰ ਨੌਜਵਾਨ ਪੜ੍ਹ-ਲਿਖ ਕੇ ਆਪਣੇ ਸੁਪਨਿਆਂ ਦੀ ਪੂਰਤੀ ਕਰੇ।ਇਸ ਮੌਕੇ ਮਾਸਟਰ ਜਗਸੀਰ ਸਿੰਘ ਨੇ ਵਿਦਿਆਰਥੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਮਿਹਨਤ ਕਰਕੇ ਬੁਲੰਦੀਆਂ ਨੂੰ ਛੂੰਹਣ ਅਤੇ ਆਪਣੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ। ਇਸ ਉਪਰੰਤ ਉਨ੍ਹਾਂ ਵਲੋਂ ਹਲਕੇ ਦੇ ਪਿੰਡਾਂ ਲਹਿਰਾ ਧੂਰਕੋਟ, ਲਹਿਰਾ ਮੁਹੱਬਤ ਅਤੇ ਲਹਿਰਾ ਖਾਨਾ ਵਿਖੇ ਵੀ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਸਕੂਲਾਂ ਵਿੱਚ ਹੋਏ ਕਾਰਜਾਂ ਦਾ ਉਦਘਾਟਨ ਵੀ ਕੀਤਾ।ਇਸ ਦੌਰਾਨ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

# ਬਠਿੰਡਾ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ : ਜਗਰੂਪ ਸਿੰਘ

## ਇੱਕ ਕਰੋੜ ਰੁਪਏ ਦੀ ਲਾਗਤ ਨਾਲ ਬਣੇ ਪੁਲ ਨੂੰ ਕੀਤਾ ਲੋਕ ਸਮਰਪਿਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਬਠਿੰਡਾ, 9 ਅਪ੍ਰੈਲ (ਅੰਗਰੇਜ ਸਿੰਘ ਵਿੱਕੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਕਾਰਜਾਂ ਲਈ ਵਚਨਵੱਧ ਅਤੇ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਨੇ ਸਥਾਨਕ ਪਰਸਰਾਮ ਨਗਰ ਬਹਿਮਣ ਰੋੜ ਨਹਿਰ ਉੱਤੇ 1 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਪੁਲ ਦਾ ਉਦਘਾਟਨ ਕਰਨ ਉਪਰੰਤ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਵਿਧਾਇਕ ਜਗਰੂਪ ਸਿੰਘ ਨੇ ਕਿਹਾ ਕਿ ਬਠਿੰਡਾ ਸ਼ਹਿਰ ਦੇ ਵਿਕਾਸ ਲਈ ਕੋਈ ਵੀ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀ ਭਾਰੀ ਮੰਗ ਨੂੰ ਦੇਖਦੇ ਹੋਏ ਇਸ ਪੁਲ ਨੂੰ ਬਣਾਇਆ ਗਿਆ, ਇਸ



ਪੁਲ ਦੇ ਬਨਣ ਨਾਲ ਬਹਿਮਣ ਦੀਵਾਨਾ ਤੋਂ ਇਲਾਵਾ ਆਸ-ਪਾਸ ਦੇ ਪਿੰਡਾਂ ਦੇ ਬਹੁਤ ਫਾਇਦਾ ਹੋਵੇਗਾ। ਇਸ ਤੋਂ ਪਹਿਲਾਂ ਇਸ ਰਾਸਤੇ ਤੋਂ ਲੰਘਣ ਲਈ ਰਾਹਗੀਰਾਂ ਨੂੰ 14-15 ਕਿਲੋਮੀਟਰ ਦੂਰ ਘੁੰਮ ਕੇ ਜਾਣਾ ਪੈਂਦਾ ਸੀ। ਇਸ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਬਠਿੰਡਾ ਦੀ ਤਰੱਕੀ ਲਈ ਦਿਨ-ਰਾਤ ਇਕ ਕਰਕੇ ਕੰਮ ਕਰ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਵਿਕਾਸ ਕਾਰਜਾਂ ਦੇ ਸਬੰਧ ਵਿੱਚ ਜੇਕਰ ਕਿਸੇ ਵੀ ਜ਼ਿਲ੍ਹਾ ਵਾਸੀ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਕਿਸੇ ਵੀ ਸਮੇਂ ਉਨ੍ਹਾਂ ਨੂੰ ਦਫਤਰ ਆ ਕੇ ਮਿਲ ਸਕਦੇ ਹਨ। ਇਸ ਦੌਰਾਨ ਬਲਾਕ ਪ੍ਰਧਾਨ ਜਗਤਾਰ ਸਿੰਘ ਵਿੱਕੀ ਤੇ ਜਗਦੀਸ਼ ਸਿੰਘ, ਕੌਂਸਲਰ ਸੁਖਦੀਪ ਸਿੰਘ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਆਦਿ ਹਾਜ਼ਰ ਸਨ।

# ਟੈਗੋਰ ਵਿਦਿਆਲਿਆ ਦਾ ਨਤੀਜਾ ਸ਼ਾਨਦਾਰ ਰਿਹਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਲੌਂਗੋਵਾਲ,9 ਅਪ੍ਰੈਲ (ਜਗਸੀਰ ਸਿੰਘ)- ਇਲਾਕੇ ਦੀ ਨਾਮਵਰ ਸੰਸਥਾ ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਦੀ ਅੱਠਵੀਂ ਦੀ ਪ੍ਰੀਖਿਆ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਰਿਹਾ ਹੈ । ਇਸ ਸਕੂਲ ਦੇ ਵਿਦਿਆਰਥੀ ਨਵਦੀਪ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਨੇ 90.5 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ । ਅੰਚਦੀਪ ਕੌਰ ਪੁੱਤਰੀ ਕੁਲਦੀਪ ਸਿੰਘ ਨੇ 89.3 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ। ਹਰਮਨਪ੍ਰੀਤ ਕੌਰ ਪੁੱਤਰੀ ਲੱਖਾ ਸਿੰਘ ਨੇ 89.3 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ। ਨੂਰਦੀਪ ਕੌਰ ਪੁੱਤਰੀ ਗੁਰਜੀਤ ਸਿੰਘ ਨੇ 88.6 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਜਮਾਤ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੀ ਵੱਧ ਅੰਕ ਪ੍ਰਾਪਤ ਕਰਕੇ ਪ੍ਰੀਖਿਆ ਪਾਸ ਕੀਤੀ ਹੈ ,ਸਕੂਲ ਦੀ ਇਸ ਵੱਡੀ ਸਫਲਤਾ ਤੋਂ ਪ੍ਰਸੰਨ ਹੋ ਕੇ ਸੰਸਥਾ ਦੇ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ ਮੈਨੇਜਮੈਂਟ ਮੈਂਬਰ ਸ. ਕੁਲਦੀਪ ਸਿੰਘ ਮੰਡੇਰ ਸ. ਗੋਬਿੰਦ ਸਿੰਘ ਗਿੱਲ ਅਤੇ ਸ੍ਰੀ ਜਤਿੰਦਰ ਰਿਸ਼ੀ ਵੱਲੋਂ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦਾ ਸਨਮਾਨ ਕੀਤਾ।

# ਸਰਕਾਰੀ ਹਾਈ ਸਮਾਰਟ ਸਕੂਲ ਡਘਾਮ ਵਿਖੇ ਬਣੀ 11 ਲੱਖ ਰੁਪਏ ਦੀ ਲਾਗਤ ਨਾਲ ਬਣੀ ਆਧੁਨਿਕ ਲੈਬ ਦਾ ਡਿਪਟੀ ਸਪੀਕਰ ਵੱਲੋਂ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com





ਗੜ੍ਹਸ਼ੰਕਰ , 9 ਅਪ੍ਰੈਲ : ( ਬਲਵੀਰ ਚੌਪੜਾ ) ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਪੰਜਾਬ ਦੇ ਵੱਖ ਵੱਖ ਸਕੂਲਾਂ ਵਿੱਚ ਹੋਏ ਵਿਕਾਸ ਕੰਮਾਂ ਦੇ ਕਾਰਜਾਂ ਦੇ ਉਦਘਾਟਨ ਦੀ ਲੜੀ ਤਹਿਤ ਬਲਾਕ ਗੜ੍ਹਸ਼ੰਕਰ-2 ਦੇ ਸਰਕਾਰੀ ਹਾਈ ਸਮਾਰਟ ਸਕੂਲ ਡਘਾਮ ਵਿਖੇ ਬਣੀ 11 ਲੱਖ ਦੀ ਲਾਗਤ ਨਾਲ ਬਣੀ ਆਧੁਨਿਕ ਲੈਬ ਦਾ ਉਦਘਾਟਨ ਹਲਕਾ ਵਿਧਾਇਕ ਤੇ ਡਿਪਟੀ ਸਪੀਕਰ ਸ੍ਰੀ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਕੀਤਾ। ਇਸ ਮੌਕੇ ਸਕੂਲ ਵਿੱਚ ਆਯੋਜਿਤ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਪਹੁੰਚੇ ਡਿਪਟੀ ਸਪੀਕਰ ਸ੍ਰੀ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੁਆਰਾ ਸਿੱਖਿਆ ਦੇ ਵਿਕਾਸ ਲਈ ਕੀਤੇ ਕੰਮਾਂ ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਮਾਨਯੋਗ ਅਰਵਿੰਦ ਕੇਜਰੀਵਾਲ ਜੀ ਦੀ ਅਗਵਾਈ ਵਿੱਚ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਨੇ ਸਿੱਖਿਆ ਕ੍ਰਾਂਤੀ ਲਿਆ ਕੇ ਲੋਕਾਂ ਦੀ ਮਜਬੂਰੀ ਨੂੰ ਮਰਜ਼ੀ ਵਿੱਚ ਬਦਲਿਆ ਹੈ ਤੇ ਹੁਣ ਲੋਕਾਂ ਦਾ ਰੁਝਾਨ ਸਰਕਾਰੀ ਸਕੂਲਾਂ ਵੱਲ ਨੂੰ ਵਧਿਆ ਹੈ। ਉਹਨਾਂ ਕਿਹਾ ਕਿ ਇੱਕ ਦਿਨ ਆਵੇਗਾ ਜਦੋਂ ਲੋਕ ਸਿਫਾਰਿਸ਼ ਕਰਨਗੇ ਕਿ ਸਾਡੇ ਬੱਚੇ ਨੂੰ ਸਰਕਾਰੀ ਸਕੂਲ ਵਿੱਚ ਦਾਖਲ ਕਰਵਾ ਦਿਓ।

ਸਕੂਲ ਪਹੁੰਚਣ ਤੇ ਸਕੂਲ ਇੰਚਾਰਜ ਹਰਦੀਪ ਕੁਮਾਰ ਨੇ ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਅਤੇ ਮਾਪਿਆਂ ਦਾ ਸਵਾਗਤ ਕੀਤਾ। ਉਹਨਾਂ ਨੇ ਸੰਬੋਧਨ ਕਰਦਿਆਂ ਸਰਕਾਰ ਦੁਆਰਾ ਸਕੂਲਾਂ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੇ ਚਾਨਣਾ ਪਾਉਂਦੇ ਹੋਏ ਮਾਪਿਆਂ ਨੂੰ ਇਸ ਸਕੂਲ ਵਿੱਚ ਵੱਧ ਤੋਂ ਵੱਧ ਬੱਚੇ ਦਾਖਲ ਕਰਾਉਣ ਲਈ ਅਪੀਲ ਕੀਤੀ। ਇਸ ਮੌਕੇ ਬੱਚਿਆਂ ਦੁਆਰਾ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਮਾਗਮ ਦੌਰਾਨ ਸਕੂਲ ਦੁਆਰਾ ਤਿਆਰ ਸਲਾਨਾ ਮੈਗਜ਼ੀਨ "ਸਾਹਿਤਕ ਪਰਵਾਜ" ਮੁੱਖ ਮਹਿਮਾਨ ਜੈ ਕ੍ਰਿਸ਼ਨ ਸਿੰਘ ਰੌੜੀ ਦੁਆਰਾ ਰਿਲੀਜ਼ ਕੀਤਾ ਗਿਆ ਅਤੇ ਅੱਠਵੀਂ ਜਮਾਤ ਵਿੱਚੋਂ ਪਹਿਲੇ ਤਿੰਨ ਸਥਾਨਾਂ ਤੇ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਨ ਮੈਡਮ ਜੋਤੀ ਸ਼ਰਮਾ ਦੁਆਰਾ ਬਾਖੂਬੀ ਕੀਤਾ ਗਿਆ। ਅੰਤ ਵਿੱਚ ਧੰਨਵਾਦ ਸਰਪੰਚ ਬਲਵੀਰ ਸਿੰਘ ਜੱਸੀ ਦੁਆਰਾ ਕੀਤਾ ਗਿਆ।

ਇਸ ਮੌਕੇ ਸਕੂਲ ਇੰਚਾਰਜ ਹਰਦੀਪ ਕੁਮਾਰ, ਸਰਪੰਚ ਬਲਵੀਰ ਸਿੰਘ ਜੱਸੀ ਡਘਾਮ, ਸੁਖਵਿੰਦਰ ਪਾਲ, ਜਸਵਿੰਦਰ ਸਿੰਘ ਪੰਚ, ਪਰਮਿੰਦਰ ਕੌਰ ਪੰਚ, ਅਮਰਜੀਤ ਸਿੰਘ ਲੌਂਗੀਆ ਪੰਚ, ਧਰਮ ਪਾਲ ਸਾਬਕਾ ਪੰਚ, ਲੈਂਹਬਰ ਸਿੰਘ, ਰੇਸ਼ਮ ਸਿੰਘ ਸਰਪੰਚ ਮੇਹਨੋਵਾਲ, ਬਲਵਿੰਦਰ ਸਿੰਘ ਸਰਪੰਚ ਮੇਇਲਾ, ਸੁਖਵਿੰਦਰ ਸਿੰਘ ਸਰਪੰਚ ਫਤਿਹਪੁਰ ਕਲਾਂ, ਸੁਰਿੰਦਰ ਸਿੰਦੀ ਸਰਪੰਚ ਬੀਰਮਪੁਰ, ਮੇਨੂ ਸਰਪੰਚ ਸੌਲੀ, ਪੰਚਾਇਤ ਮੈਂਬਰ ਚੌਹੜਾ, ਧਰਮਪਾਲ ਕਾਨੂੰਗੋ, ਸੁਖਵਿੰਦਰ ਸਿੰਘ ਡਘਾਮ, ਮਾਸਟਰ ਜਰਨੈਲ ਸਿੰਘ, ਸਕੂਲ ਸਟਾਫ ਮੈਂਬਰ ਮੈਡਮ ਜੋਤੀਕਾ ਲੱਧੜ , ਵਰਿੰਦਰ ਕੌਰ, ਮੈਡਮ ਅੰਸ਼ੂ ਰਾਣਾ, ਜਤਿੰਦਰ ਕੁਮਾਰ, ਹਰਕਮਲਪ੍ਰੀਤ ਸਿੰਘ, ਜੋਤੀ ਸ਼ਰਮਾ ਆਦਿ ਸਮੇਤ ਵੱਡੀ ਗਿਣਤੀ ਵਿਚ ਪਤਵੰਤੇ ਅਤੇ ਮਾਪੇ ਹਾਜ਼ਰ ਸਨ।

# ਜਸਵੀਰ ਸਿੰਘ ਸੰਧੂ ਨੇ ਮੋਰਿੰਡਾ ਵਿਖੇ ਨਾਇਬ ਤਹਿਸੀਲਦਾਰ ਵਜੋਂ ਕਾਰਜਭਾਰ ਸੰਭਾਲਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਮੋਰਿੰਡਾ 9 ਅਪ੍ਰੈਲ ,(ਪਤਰ ਪ੍ਰੇਰਕ,) ਜਸਵੀਰ ਸਿੰਘ ਸੰਧੂ ਨੇ ਮੋਰਿੰਡਾ ਤਹਿਸੀਲ ਵਿਖੇ ਨਾਇਬ ਤਹਿਸੀਲਦਾਰ ਵਜੋਂ ਕਾਰਜਭਾਰ ਸੰਭਾਲ ਲਿਆ ਹੈ। ਇਹ ਹੁਣ ਰਜਿਸਟਰੀਆਂ ਦਾ ਕੰਮ ਕਾਜ ਵੇਖਣਗੇ। ਮੋਰਿੰਡਾ ਵਿਖੇ ਤਹਿਸੀਲਦਾਰ ਦੀ ਪੋਸਟ ਵੀ ਇਸ ਸਮੇਂ ਖ਼ਾਲੀ ਪਈ ਹੈ। ਜਸਵੀਰ ਸਿੰਘ ਨਾਇਬ ਤਹਿਸੀਲਦਾਰ ਸਾਹਿਬ ਤਹਿਸੀਲਦਾਰ ਦਾ ਕੰਮ ਵੀ ਖੁਦ ਹੀ ਦੇਖਣਗੇ। ਸ੍ਰ ਜਸਵੀਰ ਸਿੰਘ ਸੰਧੂ ਦੇ ਮੋਰਿੰਡਾ ਤਹਿਸੀਲ ਕੰਪਲੈਕਸ ਵਿਖੇ ਪਹੁੰਚਣ ਤੇ ਤਹਿਸੀਲ ਦੇ ਸਮੂਹ ਸਟਾਫ ਮੈਂਬਰਾਂ ਅਤੇ ਬਲਾਕ ਸੰਮਤੀ ਮੋਰਿੰਡਾ ਦੇ ਸਟਾਫ ਮੈਂਬਰਾਂ ਨੇ ਭਰਵਾਂ ਸਵਾਗਤ ਕਰਦਿਆਂ ਜੀ ਆਇਆਂ ਆਖਿਆ। ਇਸ ਮੌਕੇ ਬਹੁਤ ਸਾਰੇ ਪਤਵੰਤੇ ਸੱਜਣ ਹਾਜ਼ਰ ਸਨ।



# ਸੂਬਾ ਸਰਕਾਰ ਸਕੂਲਾਂ 'ਚ ਆਧੁਨਿਕ ਸਿੱਖਿਆ ਦੇਣ ਲਈ ਕਰ ਰਹੀ ਹੈ ਕ੍ਰਾਂਤੀਕਾਰੀ ਪਹਿਲਕਦਮੀਆਂ : ਪ੍ਰੋ.ਬਲਜਿੰਦਰ ਕੌਰ

## ਵੱਖ-ਵੱਖ ਪਿੰਡਾਂ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਬਠਿੰਡਾ 9 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਕ੍ਰਾਂਤੀਕਾਰੀ ਪਹਿਲਕਦਮੀਆਂ ਕਰ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਚੀਫ ਵਿੱਪ ਅਤੇ ਤਲਵੰਡੀ ਸਾਬੋ ਦੇ ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ ਜ਼ਿਲ੍ਹੇ ਅਧੀਨ ਪੈਂਦੇ ਪਿੰਡ ਭਗਵਾਨਗੜ੍ਹ ਭੁਖਿਆ ਵਾਲੀ ਦੇ ਸਰਕਾਰੀ ਹਾਈ ਸਕੂਲ ਵਿਖੇ ਕਰਵਾਏ ਗਏ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਸਮਾਗਮ 'ਚ ਸ਼ਿਰਕਤ ਕਰਨ ਮੌਕੇ ਕੀਤਾ।ਇਸ ਦੌਰਾਨ ਵਿਧਾਇਕ ਪ੍ਰੋ.ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ।

ਇਸ ਮੌਕੇ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਸਿੱਖਿਆ ਦੇ ਖੇਤਰ 'ਚ ਅਹਿਮ ਪਹਿਲਕਦਮੀਆਂ ਕਰ ਰਹੀ ਹੈ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਅਤੇ ਉਨ੍ਹਾਂ ਨੂੰ ਸਵੈ ਰੋਜਗਾਰ ਦੇ ਕਾਬਿਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਜੋ-ਜੋ ਵਾਅਦੇ ਪੰਜਾਬ ਸਰਕਾਰ ਨੇ ਆਮ ਲੋਕਾਂ ਨਾਲ ਕੀਤੇ ਉਨ੍ਹਾਂ 'ਤੇ ਖਰੀ ਉਤਰੀ ਹੈ। ਇਸ ਦੌਰਾਨ ਵਿਧਾਇਕ ਪ੍ਰੋ.ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾਂ/ਸ਼ਹਿਰਾਂ ਅੰਦਰ ਖੇਡ ਗਰਾਉਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ। ਇਸ ਉਪਰੰਤ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਮਾਨਵਾਲਾ, ਕੋਟਬਖਤੂ, ਬੰਗੀ ਨਿਹਾਲ ਸਿੰਘ ਵਾਲਾ ਅਤੇ ਪਿੰਡ ਬੰਗੀ ਕਲਾਂ ਦੇ ਸਕੂਲ ਦੇ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ।

ਇਸ ਮੌਕੇ ਵਿਧਾਇਕ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਤੋਂ ਸਖਤ ਮਿਹਨਤ ਕਰਨ ਤਾਂ ਜਿੱਥੇ ਟੀਚੇ ਨੂੰ ਸਰ ਕਰ ਸਕਣ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ।ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਵਿਸਾਖੀ ਮੇਲੇ ਦੀਆਂ ਅਗਾਊਂ ਤਿਆਰੀਆਂ ਸਬੰਧੀ ਕੀਤੀ ਰੀਵਿਊ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਤਲਵੰਡੀ ਸਾਬੋ (ਬਠਿੰਡਾ) 9 ਅਪ੍ਰੈਲ (ਬਲਜੀਤ ਸਿੰਘ ਕੁਲਾਰ)- ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਅੱਜ ਇਥੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ 13 ਅਪ੍ਰੈਲ ਨੂੰ ਮਨਾਏ ਜਾਣ ਵਾਲੇ ਵਿਸਾਖੀ ਮੇਲੇ ਦੇ ਮੱਦੇਨਜ਼ਰ ਅਗਾਊਂ ਤਿਆਰੀਆਂ ਬਾਰੇ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ ਕੀਤੀ।ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ ਉਨ੍ਹਾਂ ਦੇ ਨਾਲ ਐਸ.ਐਸ.ਪੀ ਮੈਡਮ ਅਮਨੀਤ ਕੌਂਡਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਵਾਲੇ ਸਥਾਨ 'ਤੇ ਕੰਟਰੋਲ ਰੂਮ ਸਥਾਪਤ ਕਰਨਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਟ੍ਰੈਫਿਕ ਦੀ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਆਰਜੀ ਰੂਟ ਪਲਾਨ ਤਿਆਰ ਕੀਤਾ ਜਾਵੇ।ਡਿਪਟੀ ਕਮਿਸ਼ਨਰ ਨੇ ਪੀਆਰਟੀਸੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਦੌਰਾਨ ਆਉਣ ਵਾਲੀ ਸੰਗਤ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਆਰਜੀ ਬੱਸ ਸਟੈਂਡ ਅਤੇ ਆਰਜੀ ਰੂਟਾਂ ਦਾ ਪ੍ਰਬੰਧ ਕੀਤਾ ਜਾਵੇ। ਇਸ ਦੌਰਾਨ ਉਨ੍ਹਾਂ ਐਨਡੀਆਰਐਫ ਦੇ ਅਧਿਕਾਰੀਆਂ ਨੂੰ ਵੀ ਸਰੋਵਰ ਨੇੜੇ ਆਪਣੀਆਂ ਟੀਮਾਂ ਤਾਇਨਾਤ ਕਰਨ ਲਈ ਹਦਾਇਤ ਕੀਤੀ।ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਮੇਲੇ ਦੌਰਾਨ ਮੈਡੀਕਲ ਟੀਮਾਂ ਦਾ ਖਾਸ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਮੇਲੇ ਦੌਰਾਨ ਆਮ ਜਨਤਾ ਅਤੇ ਸ਼ਰਧਾਲੂਆਂ (ਔਰਤਾਂ ਤੇ ਪੁਰਸ਼ਾਂ) ਲਈ ਵੱਖ-ਵੱਖ ਥਾਵਾਂ 'ਤੇ ਆਰਜੀ ਪਖਾਨੇ ਬਣਵਾਉਣੇ ਲਾਜ਼ਮੀ ਬਣਾਏ ਜਾਣ।ਇਸ ਦੌਰਾਨ ਉਨ੍ਹਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਤੋਂ ਇਲਾਵਾ ਜਿਥੇ ਕਿਤੇ ਵੀ ਢਿੱਲੀਆਂ ਜਾਂ ਨੰਗੀਆਂ ਤਾਰਾਂ ਹਨ, ਨੂੰ ਚੰਗੀ ਤਰ੍ਹਾਂ ਠੀਕ ਕਰਨਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਅੰਦਰ ਚੌਂਕਾਂ ਦੀ ਸਜਾਵਟ, ਮੇਲੇ ਦੌਰਾਨ ਪ੍ਰਮੁੱਖ ਸਥਾਨਾਂ 'ਤੇ ਸੀਸੀਟੀਵੀ ਕੈਮਰੇ, ਨਹਿਰਾ 'ਤੇ ਸੁਰੱਖਿਆ ਕਰਮੀਆਂ ਦੀ ਤਾਇਨਾਤੀ, ਸਾਫ-ਸਫਾਈ ਅਤੇ ਪੀਣ ਵਾਲੇ ਸਾਫ ਪਾਣੀ ਆਦਿ ਦੇ ਸਾਰੇ ਪ੍ਰਬੰਧ ਮੁਕੰਮਲ ਕਰਨੇ ਲਾਜ਼ਮੀ ਬਣਾਏ ਜਾਣ।ਇਸ ਉਪਰੰਤ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਵਲੋਂ ਤਖਤ ਸ਼੍ਰੀ ਦਮਦਮਾ ਸਾਹਿਬ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਉਹ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਵੀ ਹੋਏ।ਇਸ ਮੌਕੇ ਐਸਡੀਐਮ ਤਲਵੰਡੀ ਸਾਬੋ ਪੰਕਜ ਬਾਂਸਲ, ਤਖਤ ਸ਼੍ਰੀ ਦਮਦਮਾ ਸਾਹਿਬ ਦੇ ਮੈਨੇਜਰ ਭਾਈ ਰਣਜੀਤ ਸਿੰਘ, ਤਖਤ ਸ਼੍ਰੀ ਦਮਦਮਾ ਸਾਹਿਬ ਦੇ ਸਹਾਇਕ ਮੈਨੇਜਰ ਭਾਈ ਗੁਰਦੇਵ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਮੋਹਨ ਸਿੰਘ ਬੰਗੀ, ਨਗਰ ਕੌਂਸਲ ਦੇ ਪ੍ਰਧਾਨ ਬੀਬੀ ਕੁਲਬੀਰ ਕੌਰ,ਆਪ ਆਗੂ ਹਰਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਅਕਾਲ ਅਕੈਡਮੀ ਨਵਾਂ ਕਿਲ੍ਹਾ ਵਿਖੇ ਏ.ਆਈ ਸਬੰਧੀ ਸੈਮੀਨਾਰ ਦਾ ਆਯੋਜਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਸੰਗਰੂਰ,9 ਅਪ੍ਰੈਲ( ਜਗਸੀਰ ਸਿੰਘ) - ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਨਵਾਂ ਕਿਲ੍ਹਾ ਵਿਖੇ ਅੱਜ ਇੱਕ ਵਿਸ਼ੇਸ਼ ਸਮਾਗਮ ਦੌਰਾਨ ਡਾ. ਸੰਦੀਪ ਸਿੰਘ ਸੰਧਾ, ਜਗਦੀਪ ਸਿੰਘ ਅਤੇ ਭਵਨੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਕ੍ਰਾਂਤੀਕਾਰੀ ਤਕਨਾਲੋਜੀ ਏ. ਆਈ. ਤੇ 3 ਡੀ ਪ੍ਰਿੰਟਿੰਗ ਬਾਰੇ ਜਾਣਕਾਰੀ ਦਿੱਤੀ ਗਈ। ਇਹ ਸਮਾਗਮ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਵਿੱਦਿਆ ਦੀ ਇਕ ਨਵੀਂ ਲਹਿਰ ਦੀ ਸ਼ੁਰੂਆਤ ਮੰਨੀ ਜਾ ਰਹੀ ਹੈ। ਕਲਗੀਧਰ ਟਰੱਸਟ ਅਧੀਨ 2025-26 ਤੱਕ 100 ਅਕਾਲ ਅਕੈਡਮੀਆਂ ਵਿੱਚ ਸੱਤਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ (ਏ.ਆਈ.) ਬਾਰੇ ਪੜ੍ਹਾਉਣਾ ਸ਼ੁਰੂ ਕੀਤਾ ਜਾਵੇਗਾ। ਡਾ. ਸੰਦੀਪ ਸਿੰਘ ਸੰਧਾ, ਜੋ ਕਿ ਆਈ.ਆਈ.ਟੀ. ਗਰੈਜੂਏਟ ਹਨ ਅਤੇ ਅਮਰੀਕਾ ਵਿੱਚ ਆਪਣੀ ਸੁਖਦਾਈ ਨੌਕਰੀ ਛੱਡ ਕੇ ਇਸ ਮਿਸ਼ਨ ਦੀ ਅਗਵਾਈ ਕਰ ਰਹੇ ਹਨ, ਉਨ੍ਹਾਂ ਨੇ ਕਿਹਾ ਕਿ “ਪੇਂਡੂ ਇਲਾਕਿਆਂ ਵਿੱਚ ਏ.ਆਈ. ਨੂੰ ਕਲਾਸਰੂਮ ਦਾ ਹਿੱਸਾ ਬਣਾ ਕੇ ਅਣਮੋਲ ਪ੍ਰਤਿਭਾਵਾਂ ਨੂੰ ਚਮਕਣ ਦਾ ਮੌਕਾ ਮਿਲੇਗਾ। ਇਹ ਬੱਚੇ ਸਿਰਫ ਸਿੱਖਣ ਲਈ ਨਹੀਂ, ਸਗੋਂ ਭਵਿੱਖ ਨੂੰ ਬਦਲਣ ਲਈ ਤਿਆਰ ਹੋ ਰਹੇ ਹਨ।” ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਦੋਂ ਏ.ਆਈ. ਨੂੰ 3 ਡੀ ਪ੍ਰਿੰਟਿੰਗ ਨਾਲ ਜੋੜਿਆ ਜਾਂਦਾ ਹੈ, ਤਾਂ ਇਹ ਇੱਕ ਵੱਡੀ ਸੰਭਾਵਨਾ ਬਣ ਜਾਂਦੀ ਹੈ ਜਿਸ ਦਾ ਲਾਭ ਪੇਂਡੂ ਖੇਤਰਾਂ ਨੂੰ ਵਧੀਆ ਤਰੀਕੇ ਨਾਲ ਮਿਲ ਸਕਦਾ ਹੈ।” ਸਮਾਗਮ ਦੇ ਅੰਤ ਵਿੱਚ ਅਕਾਲ ਅਕੈਡਮੀ ਨਵਾਂ ਕਿਲ੍ਹਾ ਦੇ ਪ੍ਰਿੰਸੀਪਲ ਮੋਹਣਜੀਤ ਕੌਰ ਵੱਲੋਂ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦੇ ਵਿਚਾਰਾਂ ਅਤੇ ਯਤਨਾਂ ਦੀ ਸਾਰੀ ਟੀਮ ਵੱਲੋਂ ਸ਼ਲਾਘਾ ਕੀਤੀ ਗਈ।

# ਸਰਕਾਰੀ ਸਕੂਲ ਕੋਟਦੁੱਨਾ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਲੌਂਗੋਵਾਲ,9 ਅਪ੍ਰੈਲ (ਜਗਸੀਰ ਸਿੰਘ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਦੁੱਨਾ ਵਿਖ਼ੇ ਸਮੂਹ ਐਸ ਐਮ ਸੀ ਕਮੇਟੀ ਸਮੂਹ ਗ੍ਰਾਮ ਪੰਚਾਇਤ ਕੋਟਦੁੱਨਾ ਦੇ ਸਹਿਯੋਗ ਨਾਲ ਮਾਣਯੋਗ ਜਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਇੰਦੂ ਸਿਮਕ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਸ. ਬਰਜਿੰਦਰ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਇੰਚਾਰਜ ਸ੍ਰੀਮਤੀ ਹਰਵਿੰਦਰ ਕੌਰ ਦੀ ਯੋਗ ਅਗਵਾਈ ਵਿਚ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ l ਇਸ ਸਮਾਗਮ ਵਿਚ ਵੱਡੀ ਗਿਣਤੀ ਵਿਚ ਵਿਦਿਆਰਥੀਆ ਦੇ ਮਾਪੇ ਸਹਿਬਾਨ, ਪਿੰਡ ਦੇ ਪਤਵੰਤੇ ਸੱਜਣ, ਆਸੇ ਪਾਸੇ ਦੀਆ ਪਿੰਡਾਂ ਦੀਆ ਪੰਚਾਇਤਾ ਦੇ ਨੁਮਾਇੰਦੇ ਸ਼ਾਮਿਲ ਹੋਏ l ਸਮਾਗਮ ਦੀ ਰਸਮੀ ਸ਼ੁਰੂਆਤ ਬਲਾਕ ਨੋਡਲ ਅਫਸਰ ਸ੍ਰੀਮਤੀ ਹਰਪ੍ਰੀਤ ਕੌਰ ਨੇ ਕੀਤੀ l ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਹਲਕਾ ਭਦੌੜ ਤੋਂ ਵਿਧਾਇਕ ਸ.ਲਾਭ ਸਿੰਘ ਉਗੋਕੇ ਵਿਸ਼ੇਸ਼ ਤੌਰ ਤੇ ਪਹੁੰਚੇ l ਇਸ ਸਮੇਂ ਵਿਦਿਆਰਥੀਆ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਜਿਸ ਵਿਚ ਗਿੱਧਾ, ਭੰਗੜਾ, ਲੋਕ ਗੀਤ, ਨਸ਼ਿਆਂ ਵਿਰੁੱਧ ਨੁਕੜ ਨਾਟਕ ਆਦਿ ਸ਼ਾਮਿਲ ਸਨ, ਵਿਦਿਆਰਥੀਆ ਦੀ ਪੇਸ਼ਕਾਰੀ ਨੇ ਆਏ ਸਾਰੇ ਲੋਕਾ ਦਾ ਭਰਪੂਰ ਮਨੋਰੰਜਨ ਕੀਤਾ l ਹਲਕਾ ਵਿਧਾਇਕ ਸ.ਲਾਭ ਸਿੰਘ ਉਗੋਕੇ ਨੇ ਪੜ੍ਹਾਈ, ਖੇਡਾਂ ਤੇ ਹੋਰ ਗਤੀਵਿਧੀਆ ਵਿਚ ਪੁਜੀਸ਼ਨਾ ਪ੍ਰਾਪਤ ਕਰਨ ਵਾਲੇ ਵਿਦਿਅਰਥੀਆਂ ਨੂੰ ਸਨਮਾਨਿਤ ਕੀਤਾ ਤੇ ਸਾਰੇ ਸਟਾਫ, ਸਮੂਹ ਪੰਚਾਇਤ ਵੱਲੋਂ ਐਮ.ਐੱਲ.ਏ.ਸ.ਲਾਭ ਸਿੰਘ ਉਗੋਕੇ ਸਾਹਿਬ ਦਾ ਸਨਮਾਨ ਕੀਤਾ ਗਿਆ l ਸਕੂਲ ਦੀ ਸਾਲਾਨਾ ਰਿਪੋਰਟ ਸਕੂਲ ਇੰਚਾਰਜ ਸ੍ਰੀਮਤੀ ਹਰਵਿੰਦਰ ਕੌਰ ਵੱਲੋਂ ਪੇਸ਼ ਕੀਤੀ ਗਈ l ਜਿਸ ਵਿਚ ਪਿਛਲੇ ਸਾਲਾ ਦੌਰਾਨ ਸਕੂਲ ਦੀਆਂ ਪ੍ਰਾਪਤੀਆਂ, ਸਕੂਲ ਵਿਚ ਚੱਲ ਰਹੇ ਵੱਖ ਵੱਖ ਪ੍ਰੋਜੈਕਟ, ਸਕੀਮਾਂ ਬਾਰੇ ਚਾਨਣਾ ਪਾਇਆ ਅਤੇ ਸਾਰੇ ਲੋਕਾਂ ਦਾ ਇਸ ਸਮਾਗਮ ਵਿਚ ਪਹੁੰਚਣ ਤੇ ਧੰਨਵਾਦ ਕੀਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਵੱਧ ਆਪਣੇ ਬੱਚਿਆਂ ਦਾ ਦਾਖਲਾ ਸਰਕਾਰੀ ਸਕੂਲਾਂ ਵਿਚ ਕਰਵਾਓ l ਇਸ ਸਮੇਂ ਸਟੇਜ ਦੀ ਕਾਰਵਾਈ ਸ. ਬਲਵਿੰਦਰ ਸਿੰਘ, ਸ੍ਰੀਮਤੀ ਅਮਨਜੀਤ ਕੌਰ, ਸ ਦਵਿੰਦਰ ਸਿੰਘ ਤੇ ਰਾਜਿੰਦਰਪਾਲ ਸਿੰਘ ਤੀਰ ਨੇ ਬਾਖੂਬੀ ਨਿਭਾਈ l

# ਅਖਬਾਰਾਂ ਤੇ ਕਿਤਾਬਾਂ ਨਾਲ ਜੁੜਨ ਨੌਜਵਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com

ਵੱਡੀ ਗਿਣਤੀ ਅਜੋਕਾ ਨੌਜਵਾਨ ਵਰਗ ਅਖਬਾਰਾਂ ਅਤੇ ਕਿਤਾਬਾਂ ਪੜ੍ਹਨ ਤੋਂ ਪੂਰੀ ਤਰ੍ਹਾਂ ਕਿਨਾਰਾ ਕਰ ਚੁੱਕਾ ਹੈ। ਅੱਜ ਕੱਲ ਜਿਆਦਾਤਰ ਲੋਕ ਅਖਬਾਰਾਂ ਅਤੇ ਕਿਤਾਬਾਂ ਪੜ੍ਹਨ ਦੀ ਬਜਾਏ ਸਾਰਾ ਸਾਰਾ ਦਿਨ ਮੋਬਾਇਲ ਉਪਰ ਸੋਸ਼ਲ ਮੀਡੀਆ ਦੀ ਹੀ ਵਰਤੋਂ ਕਰਦੇ ਰਹਿੰਦੇ ਹਨ। ਕੋਈ ਸਮਾਂ ਹੁੰਦਾ ਸੀ ਜਦੋਂ ਲੋਕ ਚੰਗੀਆਂ ਕਿਤਾਬਾਂ ਤੇ ਨਿੱਤ ਦਿਨ ਅਖ਼ਬਾਰਾਂ ਪੜ੍ਹਦੇ ਸਨ, ਤੇ ਉਹਨਾਂ ਤੋਂ ਉਸਾਰੂ ਸੇਧ ਲੈਣ ਉਪਰੰਤ ਜ਼ਿੰਦਗੀ ਵਿੱਚ ਅੱਗੇ ਵੱਧਦੇ ਸਨ। ਅੱਜ ਕੱਲ ਅਖਬਾਰਾਂ ਪੜ੍ਹਨ ਦਾ ਰਿਵਾਜ਼ ਲਗਭੱਗ ਬੰਦ ਹੀ ਹੋ ਚੁੱਕਾ ਹੈ। ਜਦਕਿ ਇਨਸਾਨ ਦੀਆਂ ਸੱਚੀਆਂ ਦੋਸਤ ਸਿਰਫ਼ ਕਿਤਾਬਾਂ ਹੀ ਹੁੰਦੀਆਂ ਹਨ। ਅਖ਼ਬਾਰ ਖਰੀਦ ਕੇ ਪੜ੍ਹਨ ਨੂੰ ਅੱਜ ਕੱਲ ਲੋਕ ਫਜ਼ੂਲ ਖ਼ਰਚੀ ਹੀ ਸਮਝਣ ਲੱਗ ਪਏ ਹਨ। ਸਿਆਣੇ ਆਖਦੇ ਹਨ ਕਿ ਜੇਕਰ ਜ਼ਿੰਦਗੀ ਵਿੱਚ ਆਪਣੇ ਸੁਪਨੇ ਪੂਰੇ ਕਰਨੇ ਹਨ, ਤਾਂ ਆਪਣੇ ਨਾਲ ਹਮੇਸ਼ਾ ਚੰਗੀਆਂ ਕਿਤਾਬਾਂ ਜ਼ਰੂਰ ਰੱਖਣੀਆਂ ਚਾਹੀਦੀਆਂ ਹਨ। ਲੋੜ ਹੈ ਸਾਨੂੰ ਸਭ ਨੂੰ ਮੋਬਾਇਲ ਦੀ ਆਦਤ ਤੋਂ ਛੁਟਕਾਰਾ ਪਾਕੇ ਅਖਬਾਰਾਂ ਅਤੇ ਕਿਤਾਬਾਂ ਨਾਲ ਗੂੜਾ ਰਿਸ਼ਤਾ ਬਣਾਉਣ ਲਈ ਲਾਇਬ੍ਰੇਰੀਆਂ ਦਾ ਰਾਹ ਅਖਤਿਆਰ ਕਰਨਾ ਚਾਹੀਦਾ ਹੈ।

ਸਤਵੀਰ ਕੌਰ ਬੱਲੂਆਣਾ,
ਪਿੰਡ + ਡਾਕ. ਬੱਲੂਆਣਾ
(ਬਠਿੰਡਾ),

# ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ ਵਿਖੇ ਲਗਭਗ 11.05 ਕਰੋੜ ਰੁਪਏ ਦੀ ਲਾਗਤ ਵਾਲੇ ਐਸ.ਟੀ.ਪੀ ਦਾ ਉਦਘਾਟਨ

## 1.76 ਕਰੋੜ ਨਾਲ ਹੋਣ ਵਾਲੇ ਜ਼ਮੀਨਦੋਜ਼ ਪਾਈਪਲਾਈਨ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਲੌਂਗੋਵਾਲ, 9 ਅਪ੍ਰੈਲ (ਜਗਸੀਰ ਸਿੰਘ)- ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਤੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲੌਂਗੋਵਾਲ ਵਿਖੇ ਲਗਭਗ 11.05 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ 5 ਐਮ.ਐਲ.ਡੀ ਸੀਵਰੇਜ ਪਲਾਂਟ ਦਾ ਉਦਘਾਟਨ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਦੀਆਂ ਜ਼ਰੂਰਤਾਂ ਤੋਂ ਭਲੀਭਾਂਤ ਜਾਣੂ ਹੈ ਅਤੇ ਕਿਸੇ ਵੀ ਖੇਤਰ ਵਿੱਚ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਦੱਸਿਆ ਕਿ ਇਹ ਸੀਵਰੇਜ ਟਰੀਟਮੈਂਟ ਪਲਾਂਟ ਐਸ.ਬੀ.ਆਰ ਤਕਨੀਕ ਉੱਤੇ ਆਧਾਰਿਤ ਹੈ ਜੋ ਕਿ ਸਭ ਤੋਂ ਵਧੀਆ ਸੀਵਰੇਜ ਟਰੀਟਮੈਂਟ ਤਕਨੀਕ ਹੈ ਅਤੇ ਇਸ ਪਲਾਂਟ ਦੀ ਸਥਾਪਨਾ ਦੇ ਨਾਲ ਸ਼ਹਿਰ ਵਿੱਚ ਸੀਵਰੇਜ ਪ੍ਰਬੰਧਨ ਵਿੱਚ ਇੱਕ ਵੱਡਾ ਕਦਮ ਉਠਾਇਆ ਗਿਆ ਹੈ ਜੋ ਪਾਣੀ ਦੀ ਬੱਚਤ ਅਤੇ ਸਫਾਈ ਯਕੀਨੀ ਬਣਾਉਣ ਦੇ ਨਾਲ ਨਾਲ ਪ੍ਰਦੂਸ਼ਣ ਵਿੱਚ ਕਮੀ ਲਿਆਉਣ ਵਿੱਚ ਮਦਦ ਕਰੇਗਾ। ਉਨ੍ਹਾਂ ਦੱਸਿਆ ਕਿ ਇਹ ਪਾਣੀ ਸ਼ੁਧੀਕਰਨ ਮਗਰੋਂ ਖੇਤਾਂ ਵਿੱਚ ਵਰਤਿਆ ਜਾ ਸਕੇਗਾ ਜਿਸ ਨਾਲ ਵਾਤਾਵਰਣ ਵਿੱਚ ਬਿਹਤਰੀ ਹੋਵੇਗੀ ਅਤੇ ਪਾਣੀ ਦੇ ਸੰਸਾਧਨਾਂ ਦੀ ਬੱਚਤ ਹੋਵੇਗੀ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲੌਂਗੋਵਾਲ ਵਿਖੇ ਹੀ ਇੱਕ ਹੋਰ ਪ੍ਰੋਜੈਕਟ ਤਹਿਤ ਐਸ.ਟੀ.ਪੀ ਤੋਂ ਸੋਧੇ ਹੋਏ ਪਾਣੀ ਨੂੰ ਜ਼ਮੀਨਦੋਜ਼ ਪਾਈਪਲਾਈਨ ਰਾਹੀਂ ਵਰਤਣ ਲਈ ਸਿੰਚਾਈ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਉੱਤੇ 1 ਕਰੋੜ 76 ਲੱਖ ਦੀ ਲਾਗਤ ਆਵੇਗੀ ਅਤੇ 100 ਫੀਸਦੀ ਸਬਸਿਡੀ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਕੁੱਲ 5.2 ਕਿਲੋਮੀਟਰ ਲੰਬੀ ਐਚਡੀਐਫਈ ਪਾਈਪਲਾਈਨ ਵਿਛਾਈ ਜਾਵੇਗੀ ਅਤੇ ਲਗਭਗ 182 ਹੈਕਟੇਅਰ ਰਕਬਾ ਖੇਤਾਂ ਦੀ ਸਿੰਚਾਈ ਅਧੀਨ ਕਵਰ ਕੀਤਾ ਜਾਵੇਗਾ ਜਿਸ ਨਾਲ ਫਸਲ ਦੀ ਪੈਦਾਵਾਰ ਵਧੇਗੀ ਅਤੇ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਸਕੇਗਾ।ਇਸ ਮੌਕੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ, ਐਸ.ਡੀ.ਐਮ ਚਰਨਜੋਤ ਸਿੰਘ ਵਾਲੀਆ, ਭੂਮੀ ਰੱਖਿਆ ਅਫਸਰ ਕੇਸ਼ਵ ਕੁਮਾਰ ਡਾ.ਅਮ੍ਰਿਤ ਸਿੱਧੂ ਓਐਸਡੀ, ਸੰਜੀਵ ਕੁਮਾਰ ਸੰਜੂ ਪੀਏ,ਨਾਇਬ ਤਹਿਸੀਲਦਾਰ ਲੌਂਗੋਵਾਲ ਵਿੰਨੀ ਮਹਾਜਨ,ਨਗਰ ਕੌਂਸਲ ਲੌਂਗੋਵਾਲ ਦੇ ਪ੍ਰਧਾਨ ਸ੍ਰੀਮਤੀ ਪਰਮਿੰਦਰ ਕੌਰ ਬਰਾੜ,ਬਲਵਿੰਦਰ ਸਿੰਘ ਢਿੱਲੋਂ, ਮੇਲਾ ਸਿੰਘ ਸੂਬੇਦਾਰ ਸਾਬਕਾ ਪ੍ਰਧਾਨ ਮੌਜੂਦਾ ਕੌਂਸਲਰ ,ਅੰਮ੍ਰਿਤਪਾਲ ਸਿੰਘ ਸਿੱਧੂ,ਕਮਲ ਬਰਾੜ, ਆਮ ਆਦਮੀ ਪਾਰਟੀ ਬੀ.ਸੀ ,ਵਿੰਗ ਦੇ ਸੂਬਾ ਜੁਆਇੰਟ ਸਕੱਤਰ ਰਾਜ ਸਿੰਘ ਰਾਜੂ, ਵਿੱਕੀ ਵਸ਼ਿਸ਼ਟ ਬਲਾਕ ਪ੍ਰਧਾਨ, ਸਮਾਜ ਸੇਵਕ ਬੰਟੀ ਮਾਨ,ਗੁਰਜੰਟ ਖ਼ਾਨ, ਕੌਂਸਲਰ ਗੁਰਮੀਤ ਸਿੰਘ ਫੌਜੀ, ਕੌਂਸਲਰ ਰੀਨਾ ਰਾਣੀ,ਕੌਂਸਲਰ ਜਸਪ੍ਰੀਤ ਕੌਰ,

ਕੌਂਸਲਰ,ਬਲਵਿੰਦਰ ਸਿੰਘ ਸਿੱਧੂ,ਯਾਦਵਿੰਦਰ ਸਿੰਘ ਵਿੱਕੀ ,ਪ੍ਰੀਤਮ ਸਿੰਘ ਮਾਈ ਵਾਲਾ,ਨਰੇਸ਼ ਕੁਮਾਰ,ਸਰਪੰਚ ਨਿਹਾਲ ਸਿੰਘ, ਸਰਪੰਚ ਦਰਸ਼ਨ ਸਿੰਘ ਜੱਸੇ ਕਾ,ਸਰਪੰਚ ਗੋਬਿੰਦ ਸਿੰਘ ਉਦੇ ਭਾਨ ਸਿੰਘ ਨਗਰ, ਸਰਪੰਚ ਜਗਰਾਜ ਸਿੰਘ, ਸਰਪੰਚ ਭੀਮ ਦਾਸ ਬਾਵਾ,ਜਤਿੰਦਰ ਰਿਸ਼ੀ,ਆਪ ਆਗੂ ਸਿੱਪੀ ਧੀਮਾਨ,ਸੀਵਰੇਜ ਬੋਰਡ ਮੁਲਾਜ਼ਮ ਜਥੇਬੰਦੀ ਦੇ ਪ੍ਰਧਾਨ ਸ਼ੇਰ ਸਿੰਘ ਖੰਨਾ, ਗੁਰਸੇਵਕ ਸਿੰਘ, ਐਸ.ਡੀ.ਓ ਗੁਰਪ੍ਰੀਤ ਸਿੰਘ, ਜੇ.ਈ. ਸਿਮਰਨਜੀਤ ਸਿੰਘ, ਗੋਪਾਲ ਕ੍ਰਿਸ਼ਨ ਪਾਲੀ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਾਵਰਕੌਮ ਦਫ਼ਤਰ ਦਿੜ੍ਹਬਾ ਦਾ ਅਚਨਚੇਤ ਦੌਰਾ

## ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਫੌਰੀ ਨਿਪਟਾਰੇ ਨੂੰ ਯਕੀਨੀ ਬਣਾਉਣ ਦੀ ਹਦਾਇਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਦਿੜ੍ਹਬਾ, 9 ਅਪ੍ਰੈਲ (ਜਗਸੀਰ ਲੌਂਗੋਵਾਲ)- ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਸਬ ਡਵੀਜ਼ਨ ਦਿੜ੍ਹਬਾ ਵਿਖੇ ਪਾਵਰਕੌਮ ਦਫ਼ਤਰ ਦਾ ਅਚਨਚੇਤ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਸਰਕਾਰੀ ਵਿਭਾਗਾਂ ਵਿੱਚ ਨਾਗਰਿਕਾਂ ਦੀ ਖੱਜਲ ਖੁਆਰੀ ਨੂੰ ਘਟਾਉਣ ਲਈ ਸਖ਼ਤ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਅਤੇ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਬਿਨਾਂ ਵਜ੍ਹਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਨਿਪਟਾਉਣ ਵਿੱਚ ਟਾਲਮਟੋਲ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ਼ ਕਾਰਵਾਈ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਰਵੋਤਮ ਤੇ ਸਮਾਂ ਬੱਧ ਪ੍ਰਸ਼ਾਸਨਿਕ ਸੇਵਾਵਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਪਾਵਰਕੌਮ ਦੇ ਸਟਾਫ਼ ਨੂੰ ਹਦਾਇਤ ਕੀਤੀ ਕਿ ਲੋਕਾਂ ਦੇ ਬਕਾਇਆ ਕਾਰਜ ਸਮੇਂ ਸਿਰ ਨਿਪਟਾਏ ਜਾਣ ਅਤੇ ਦਫ਼ਤਰ ਵਿੱਚ ਆਉਣ ਵਾਲੇ ਹਰੇਕ ਵਿਅਕਤੀ ਦੀ ਜ਼ਰੂਰਤ ਨੂੰ ਪੂਰਾ ਕਰਨ ਵਿੱਚ ਪੂਰੀ ਦਿਲਚਸਪੀ ਦਿਖਾਈ ਜਾਵੇ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਭ੍ਰਿਸ਼ਟਾਚਾਰ ਦੇ ਮੁਕੰਮਲ ਖਾਤਮੇ ਨੂੰ ਯਕੀਨੀ ਬਣਾਉਣ ਲਈ ਨਿਰੰਤਰ ਸਾਰਥਕ ਕਦਮ ਪੁੱਟ ਰਹੀ ਹੈ ਅਤੇ ਇਸ ਸਬੰਧੀ ਕਿਸੇ ਵੀ ਕਿਸਮ ਦੀ ਸ਼ਿਕਾਇਤ ਸਾਹਮਣੇ ਆਉਣ *ਤੇ ਦੋਸ਼ੀਆਂ ਵਿਰੁੱਧ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਨੇ ਨਿਰਧਾਰਤ ਸਮਾਂ ਸਾਰਣੀ ਅਨੁਸਾਰ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਦਫ਼ਤਰ ਵਿੱਚ ਮੌਜੂਦ ਰਹਿਣ ਦੀ ਹਦਾਇਤ ਵੀ ਕੀਤੀ।

# ਪੰਜਾਬੀ ਯੂਨੀਵਰਸਿਟੀ ਵਿਖੇ ਐੱਨ.ਐੱਸ.ਐੱਸ. ਨੇ ਕੱਢੀਆਂ ਦੋ ਜਾਗਰੂਕਤਾ ਰੈਲੀਆਂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com




ਪਟਿਆਲਾ, 9 ਅਪ੍ਰੈਲ (ਅੰਗਰੇਜ ਸਿੰਘ ਵਿੱਕੀ) ਪੰਜਾਬੀ ਯੂਨੀਵਰਸਿਟੀ ਵਿਖੇ ਐੱਨ.ਐੱਸ.ਐੱਸ.ਵਿਭਾਗ, ਸੋਸ਼ਲ ਵਰਕ ਵਿਭਾਗ ਅਤੇ ਰੈੱਡ ਰਿਬਨ ਕਲੱਬ ਦੇ ਸਾਂਝੇ ਉੱਦਮ ਨਾਲ ਕੈਂਪਸ ਵਿਖੇ 'ਬੇਟੀ ਬਚਾਓ ਬੇਟੀ ਪੜ੍ਹਾਓ' ਵਿਸ਼ੇ ਉੱਤੇ ਜਾਗਰੂਕਤਾ ਰੈਲੀ ਕੱਢੀ ਗਈ।ਕੋਆਰਡੀਨੇਟਰ ਡਾ.ਅਨਹਦ ਸਿੰਘ ਗਿੱਲ ਨੇ ਦੱਸਿਆ ਕਿ ਇਸ ਰੈਲੀ ਦੌਰਾਨ ਕੁੜੀਆਂ ਨੇ ਯੂਨੀਵਰਸਿਟੀ ਵਿਚ ਬੇਟੀ ਬਚਾਓ ਬੇਟੀ ਪੜ੍ਹਾਓ ਦਾ ਹੋਕਾ ਦਿੰਦੇ ਹੋਏ ਕਰਮਚਾਰੀਆਂ ਅਤੇ ਕੈਂਪਸ ਵਸਨੀਕਾਂ ਨੂੰ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਕਰਦਿਆਂ ਕੁੜੀਆਂ ਦੀ ਘੱਟ ਰਹੀ ਗਿਣਤੀ ਨੂੰ ਰੋਕਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਜ਼ਿਕਰਯੋਗ ਹੈ ਕਿ ਦੋ ਦਿਨ ਪਹਿਲਾਂ ਵਿਸ਼ਵ ਸਿਹਤ ਦਿਵਸ ਮੌਕੇ ਵੀ ਐੱਨ. ਐੱਸ.ਐੱਸ.ਵੱਲੋਂ ਕੈਂਪ ਵਿੱਚ ਜਾਗਰੂਕਤਾ ਰੈਲੀ ਕੱਢੀ ਗਈ ਸੀ। ਦੋਹਾਂ ਜਾਗਰੂਕ ਰੈਲੀਆਂ ਵਿੱਚ ਪ੍ਰੋਗਰਾਮ ਅਫ਼ਸਰ ਡਾ.ਲਖਵੀਰ ਸਿੰਘ, ਡਾ.ਸੰਦੀਪ ਸਿੰਘ, ਡਾ. ਸਿਮਰਨਜੀਤ ਸਿੰਘ, ਡਾ.ਅਭਿਨਵ ਭੰਡਾਰੀ ਅਤੇ ਡਾ. ਸੁਨੀਤਾ ਸਮੇਤ ਲਗਭਗ 50 ਵਲੰਟੀਅਰਾਂ ਨੇ ਸ਼ਿਰਕਤ ਕੀਤੀ।

# ਬੀ ਟੀ ਬੀਜ, ਐਨ ਪੀ ਕੇ ਖਾਦ, ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਵਾਪਸ ਲੈਣ ਅਤੇ ਸਵਾਮੀਨਾਥਨ ਰੀਪੋਰਟ ਲਾਗੂ ਕੀਤੀ ਜਾਵੇ- ਜੱਥੇਬੰਦੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ ਝੁਨੀਰ 9ਅਪਰੈਲ (ਆਤਮਾ ਸਿੰਘ ਪਮਾਰ)

ਬੀ ਟੀਮ ਬੀਜ, ਰਸੋਈ ਗੈਸ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਅਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਕੇ ਖਰੀਦ ਦੀ ਗਰੰਟੀ ਕਾਨੂੰਨ ਬਣਾਉਣ ਦੀ ਮੰਗ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਿਲ੍ਹੇ ਦੇ ਆਗੂ ਲਖਵੀਰ ਸਿੰਘ ਅਕਲੀਆ, ਕੁਲਵੰਤ ਸਿੰਘ ਕਿਸਨਗੜ੍ਹ, ਤਾਰਾ ਚੰਦ ਬਰੇਟਾ ਅਤੇ ਹਰਬੰਸ ਪਾਂਧੀ ਟਾਂਡੀਆ ਨੇ ਪ੍ਰੈਸ ਦੇ ਨਾ ਬਿਆਨ ਜਾਰੀ ਕਰਦਿਆਂ ਪੰਜਾਬ ਤੇ ਕੇਂਦਰ ਦੀ ਸਰਕਾਰ ਤੋਂ ਮੰਗ ਕੀਤੀ ਕਿ ਬੀ ਟੀ ਬੀਜ ਦੇ ਪੈਕਟ ਵਿੱਚ 317 ਰੁ, ਐਨ ਪੀ ਕੇ ਖਾਦ ਵਿੱਚ 460 ਰੁ ਪ੍ਰਤੀ ਕੁੰਇੰਟਲ ਅਤੇ ਰਸੋਈ ਗੈਸ ਵਿੱਚ, 50 ਰੁ ਪ੍ਰਤੀ ਸਿਲੰਡਰ ਦਾ ਵਾਧਾ ਕਰਕੇ ਕਿਸਾਨਾਂ ਮਜਦੂਰਾਂ ਉੱਤੇ ਭਾਰੀ ਬੋਝ ਪਾ ਦਿੱਤਾ ਹੈ। ਜਿਸ ਨਾਲ ਡੁੱਬ ਰਹੀ ਕਿਸਾਨੀ ਨੂੰ ਭਾਰੀ ਸੰਕਟ ਵੱਲ ਧੱਕ ਦਿੱਤਾ ਹੈ। ਇਸ ਲਈ ਜੱਥੇਬੰਦੀ ਵੱਲੋਂ ਮੰਗ ਕੀਤੀ ਜਾਂਦੀ ਹੈ ਕਿ ਇੰਨ੍ਹਾਂ ਵਸਤਾਂ ਵਿੱਚ ਕੀਤਾ ਵਾਧਾ ਤੁਰੰਤ ਵਾਪਸ ਲਿਆ ਜਾਵੇ ਅਤੇ ਸਵਾਮੀਨਾਥਨ ਰੀਪੋਰਟ ਲਾਗੂ ਕਰਕੇ ਸਾਰੀਆਂ ਫ਼ਸਲਾਂ ਸਮੇਤ ਦੁੱਧ ਅਤੇ ਸਬਜ਼ੀਆਂ ਦੀ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ। ਆਗੂ ਸਾਥੀਆਂ ਨੇ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਬੀਜਣ ਤੇ ਲਗਾਈ ਪਾਬੰਦੀ ਨੂੰ ਵੀ ਖਤਮ ਕਰਨ ਦੀ ਮੰਗ ਕੀਤੀ। ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਲਾਗੂ ਕੀਤੀਆਂ ਜਾਣ। ਕਿਸਾਨਾਂ ਨੂੰ ਮੰਡੀਆਂ ਵਿੱਚ ਰੁਲਣ ਤੋਂ ਵੀ ਬਚਾਇਆ ਜਾਵੇ। ਮੋਦੀ ਸਰਕਾਰ ਵੱਲੋਂ ਸਰਕਾਰੀ ਮੰਡੀਆਂ ਨੂੰ ਖਤਮ ਕਰਨ ਲਈ ਲਿਆਂਦਾ ਖਰੜਾ ਰੱਦ ਕੀਤਾ ਜਾਵੇ।

# ਮਹਿਕ ਰਿਜ਼ੋਰਟ ਮਾਨਸਾ ਵਿਖੇ ਲੱਗੇਗਾ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 10 ਨੂੰ- ਮੁੱਖ ਖੇਤੀਬਾੜੀ ਅਫ਼ਸਰ

## ਕਿਸਾਨਾਂ ਨੂੰ ਇਸ ਸਿਖਲਾਈ ਕੈਂਪ ਦਾ ਲਾਹਾ ਲੈਣ ਦੀ ਕੀਤੀ ਅਪੀਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ, 08 ਅਪ੍ਰੈਲ : (ਆਤਮਾ ਸਿੰਘ ਪਮਾਰ) ਮੁੱਖ ਖੇਤੀਬਾੜੀ ਅਫ਼ਸਰ—ਕਮ—ਪ੍ਰੋਜੈਕਟ ਡਾਇਰੈਕਟਰ (ਆਤਮਾ) ਡਾ. ਹਰਪ੍ਰੀਤ ਪਾਲ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਤੇ ਖੇਤੀਬਾੜੀ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ—ਨਿਰਦੇਸ਼ਾਂ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮਾਨਸਾ ਵੱਲੋਂ 10 ਅਪ੍ਰੈਲ ਨੂੰ ਸਾਉਣੀ ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਹ ਕੈਂਪ ਮਹਿਕ ਰਿਜ਼ੋਰਟ ਨੇੜੇ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਹਲਕਾ ਵਿਧਾਇਕ ਬੁਢਲਾਡਾ ਬੁੱਧ ਰਾਮ, ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਅਤੇ ਹਲਕਾ ਵਿਧਾਇਕ ਸਰਦੂਲਗੜ੍ਹ ਗੁਰਪ੍ਰੀਤ ਸਿੰਘ ਬਣਾਂਵਾਲੀ ਵਿਸ਼ੇਸ਼ ਮਹਿਮਾਨ ਦੇ ਤੌਰ *ਤੇ ਸ਼ਿਰਕਤ ਕਰਨਗੇ ਅਤੇ ਡਿਪਟੀ ਕਮਿਸ਼ਨਰ ਸ੍ਰੀ ਕੁਲਵੰਤ ਸਿੰਘ ਆਈ.ਏ.ਐਸ. ਵੱਲੋਂ ਕੈਂਪ ਦਾ ਉਦਘਾਟਨ ਕੀਤਾ ਜਾਵੇਗਾ।

ਡਾ.ਕੌਰ ਨੇ ਦੱਸਿਆ ਕਿ ਸੰਯੁਕਤ ਡਾਇਰੈਕਟਰ ਖੇਤੀਬਾੜੀ ਪੰਜਾਬ ਡਾ.



ਦਿਲਬਾਗ ਸਿੰਘ ਵੱਲੋਂ ਇਸ ਕੈਂਪ ਦੀ ਪ੍ਰਧਾਨਗੀ ਕੀਤੀ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਇਸ ਸਿਖਲਾਈ ਕੈਂਪ ਵਿੱਚ ਸ਼ਾਮਲ ਹੋ ਕੇ ਇਸ ਕੈਂਪ ਦਾ ਲਾਹਾ ਲੈਣ ਦੀ ਅਪੀਲ ਕੀਤੀ।

# ਸਿਵਲ ਹਸਪਤਾਲ ਵਿਚ ਆਨਲਾਈਨ ਰਜਿਸਟਰੇਸ਼ਨ ਲਈ ਸਕੈਨ ਐਂਡ ਸ਼ੇਅਰ ਫੀਚਰ ਲਾਗੂ-ਸਿਵਲ ਸਰਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ
09 ਅਪਰੈਲ
INTERNATIONAL PAPER, 94636 01616
hardipchumber57@gmail.com

ਫਗਵਾੜਾ 9 ਅਪ੍ਰੈਲ (ਸ਼ਿਵ ਕੌੜਾ) ਸਰਕਾਰੀ ਹਸਪਤਾਲਾਂ ਵਿਚ ਮਰੀਜ਼ਾਂ ਦੀ ਸਹੂਲਤ ਤੇ ਸਮੇਂ ਦੀ ਬੱਚਤ ਲਈ ਆਭਾ ਆਈ. ਡੀ.ਯਾਨੀ ਕਿ ਆਯੂਸ਼ਮਾਨ ਭਾਰਤ ਹੈਲਥ ਅਕਾਊਂਟ ਦੀ ਸ਼ੁਰੂਆਤ ਕੀਤੀ ਗਈ ਹੈ। ਉਕਤ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਕਪੂਰਥਲਾ ਡਾ. ਰਿਚਾ ਭਾਟੀਆ ਨੇ ਦਸਿਆ ਕਿ ਇਸ ਪ੍ਰੋਗਰਾਮ ਤਹਿਤ ਹੁਣ ਮਰੀਜ਼ਾਂ ਨੂੰ ਪਰਚੀ ਕਟਵਾਉਣ ਲਈ ਲੰਬੀ ਕਤਾਰਾਂ ਵਿਚ ਲੱਗਣ ਦੀ ਲੋੜ ਨਹੀਂ। ਜ਼ਿਕਰਯੋਗ ਹੈ ਕਿ ਇਸ ਤਹਿਤ ਸਿਵਲ ਹਸਪਤਾਲ ਵਿਚ ਮਰੀਜ਼ਾਂ ਦੀ ਓ.ਪੀ. ਡੀ.ਰਜਿਸਟਰੇਸ਼ਨ ਅਤੇ ਆਨਲਾਈਨ ਟੋਕਨ ਜੇਨਰੇਟ ਕਰਨ ਲਈ ਸਕੈਨ ਐਂਡ




ਸ਼ੇਅਰ ਫੀਚਰ ਵੀ ਲਾਗੂ ਕੀਤਾ ਗਿਆ ਹੈ। ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਇਹ ਵੀ ਦਸਿਆ ਕਿ ਇਸ ਤਹਿਤ ਮਰੀਜ਼ ਆਪਣੇ ਫੋਨ ਦੀ ਆਭਾ ਐਪ ਹਸਪਤਾਲ ਦਾ ਕਊ ਆਰ ਕੋਡ ਸਕੈਨ ਕਰ ਕੇ ਆਪਣੀ ਓ.ਪੀ.ਡੀ.ਪਰਚੀ ਸਿਰਫ ਟੋਕਨ ਨੰਬਰ ਦੇ ਕੇ ਪ੍ਰਾਪਤ ਕਰ ਸਕਦੇ ਹਨ। ਇਸ ਸਹੂਲਤ ਦਾ ਲਾਭ ਇਹ ਹੈ ਕਿ ਇਕ ਤਾਂ ਮਰੀਜ਼ ਦੇ ਸਮੇਂ ਦੀ ਬੱਚਤ ਹੋ ਰਹੀ ਹੈ ਦੂਸਰਾ ਡਾਟਾ ਐਂਟਰੀ ਦੌਰਾਨ ਹੋਣ ਵਾਲੀਆਂ ਗਲਤੀਆਂ ਵਿੱਚ ਵੀ ਸੁਧਾਰ ਹੋਵੇਗਾ। ਸਿਵਲ ਸਰਜਨ ਨੇ ਇਹ ਵੀ ਦਸਿਆ ਕਿ ਉਕਤ ਆਭਾ ਆਈ.ਡੀ.ਮਰੀਜ਼ ਦੀ ਇਕ ਡਿਜੀਟਲ ਮੈਡੀਕਲ ਫਾਈਲ ਤਿਆਰ ਕਰ ਦਯੇਗੀ ਜਿਸ ਨਾਲ ਮਰੀਜ਼ ਨੂੰ ਅਪਣਾ ਮੈਡੀਕਲ ਰਿਕਾਰਡ ਵੀ ਨਾਲ ਲਿਜਾਣ ਦੀ ਵੀ ਜ਼ਰੂਰਤ ਨਹੀਂ ਪਏਗੀ। ਓਹਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਆਭਾ ਆਈ ਡੀ ਬਣਵਾਉਣ ਤਾਂ ਜੋਂ ਸਰਕਾਰ ਦੀ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਲਿਆ ਜਾ ਸਕੇ।

# ਸ਼ੋਸ਼ਲ ਮੀਡੀਆ ਤੇ ਮਰਦਾਂ ਵੱਲੋਂ ਔਰਤਾਂ ਨੂੰ ਪ੍ਰੇਸ਼ਾਨ ਕਰਨਾ ਬੇਹੱਦ ਨਿੰਦਣਯੋਗ : ਮਨਪ੍ਰੀਤ ਕੌਰ ਸੰਧੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com

ਜ਼ੀਰਾ 8 ਅਪ੍ਰੈਲ ( ਅੰਗਰੇਜ ਬਰਾੜ ) - ਸੋਸ਼ਲ ਮੀਡੀਆ ਜਿੱਥੇ ਲੇਖਕਾਂ, ਪੱਤਰਕਾਰਾਂ, ਸਾਹਿਤਕਾਰਾਂ, ਵਪਾਰੀਆਂ ਅਤੇ ਰਾਜਨੀਤਿਕ ਲੋਕਾਂ ਲਈ ਇੱਕ ਵਧੀਆ ਪਲੇਟਫਾਰਮ ਹੈ, ਉੱਥੇ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਹਰ ਵਰਗ ਦੇ ਲੋਕਾਂ ਲਈ ਮਨੋਰੰਜਨ ਦੇ ਨਾਲ - ਨਾਲ ਵਰਦਾਨ ਸਾਬਿਤ ਹੋ ਰਹੀ ਹੈ, ਪਰ ਸ਼ੋਸ਼ਲ ਮੀਡੀਆ ਤੇ ਕੁੱਝ ਮਰਦਾਂ ਵੱਲੋਂ ਔਰਤਾਂ ਨੂੰ ਪ੍ਰੇਸ਼ਾਨ ਕਰਨਾ ਬੇਹੱਦ ਨਿੰਦਣਯੋਗ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੁੰਬਈ ਰਹਿਦੀ ਪੰਜਾਬੀ ਲੇਖਿਕਾ ਮਨਪ੍ਰੀਤ ਕੌਰ ਸੰਧੂ ਨੇ ਮੋਬਾਈਲ ਫੋਨ ਤੇ ਇਸ ਪੱਤਰਕਾਰਾਂ ਕੋਲ ਕੀਤਾ । ਉਹਨਾਂ ਕਿਹਾ ਕਿ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਲੋਕਾਂ ਨੂੰ ਕਾਮਯਾਬੀ ਦਿੰਦਿਆਂ ਮੁਕਾਮ ਤੇ ਪਹੁੰਚਾ ਰਹੀ ਹੈ ਪਰ ਇਸ ਦੀ ਗਲਤ ਵਰਤੋਂ ਲੋਕਾਂ ਨੂੰ ਬਦਨਾਮ ਵੀ ਕਰ ਦਿੰਦੀ ਹੈ। ਮੈਡਮ ਮਨਪ੍ਰੀਤ ਕੌਰ ਸੰਧੂ ਨੇ ਕਿਹਾ ਕਿ ਸੋਸ਼ਲ ਮੀਡੀਆ ਇੱਕ ਬਹੁਤ ਵਧੀਆ ਪਲੇਟਫਾਰਮ ਹੈ, ਜਿੱਥੇ ਅਸੀਂ ਆਪਣੇ ਹੁਨਰ ਆਪਣੇ ਵਪਾਰ, ਐਜੂਕੇਸ਼ਨ ਅਤੇ ਆਪਣੇ ਗਿਆਨ ਵਿੱਚ ਵਾਧਾ ਕਰ ਸਕਦੇ ਹਾਂ ਅਤੇ ਹਰ ਤਰ੍ਹਾਂ ਦੀ ਜਾਣਕਾਰੀ ਲੈ ਦੇ ਸਕਦੇ ਹਾਂ। ਉਹਨਾਂ ਕਿਹਾ ਕਿ ਅੱਜ ਕੱਲ ਕੈਸਟ ਕਲਚਰ, ਸੀਡੀ, ਵੀਡੀਓ ਪਲੇਅਰ ਆਦਿ ਨਹੀਂ ਹੈ, ਜਿਸ ਕਰਕੇ ਸਾਨੂੰ ਸੋਸ਼ਲ ਮੀਡੀਆ ਦੀ ਵਰਤੋਂ ਕਰਨੀ ਪਵੇਗੀ ਅਤੇ ਅਸੀਂ ਕਰ ਵੀ ਰਹੇ ਹਾਂ। ਮਨਪ੍ਰੀਤ ਕੌਰ ਸੰਧੂ ਨੇ ਕਿਹਾ ਕਿ ਜੇਕਰ ਸੋਸ਼ਲ ਮੀਡੀਆ ਦੀ ਅਸੀਂ ਸਹੀ ਵਰਤੋਂ ਕਰਦੇ ਹਾਂ ਤਾਂ ਬਹੁਤ ਕੁਝ ਸੋਸ਼ਲ ਮੀਡੀਆ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ ਪਰ ਸਾਡੇ ਲਈ ਇਹ ਜਰੂਰੀ ਹੈ ਕਿ ਸੋਸ਼ਲ ਮੀਡੀਆ ਤੇ ਕੋਈ ਫੇਕ ਕੰਮ ਨਾ ਕੀਤਾ ਜਾਵੇ ਅਤੇ ਸ਼ੋਸ਼ਲ ਮੀਡੀਆ ਦੀ ਵਰਤੋਂ ਕਰਦਿਆਂ ਕਿਸੇ ਨੂੰ ਬਲੈਕਮੇਲ ਨਾ ਕੀਤਾ ਜਾਵੇ । ਉਹਨਾਂ ਕਿਹਾ ਕਿ ਸੋਸ਼ਲ ਮੀਡੀਆ ਨੇ ਦੁਨੀਆ ਮੁੱਠੀ ਵਿੱਚ ਕਰ ਦਿੱਤੀ ਹੈ ਅਤੇ ਹਰ ਕੰਮ ਆਸਾਨ ਕਰ ਦਿੱਤਾ ਪਰ ਸੋਸ਼ਲ ਮੀਡੀਆ ਦੀ ਕੁਝ ਲੋਕਾਂ ਵੱਲੋਂ ਕੀਤੀ ਜਾ ਰਹੀ ਦੁਰਵਰਤੋਂ ਸਮਾਜ ਲਈ ਨੁਕਸਾਨਦਾਇਕ ਹੈ। ਉਹਨਾਂ ਨੇ ਕਿਹਾ ਕਿ ਸੋਸ਼ਲ ਮੀਡੀਆ ਦੇ ਪਲੇਟਫਾਰਮ ਫੇਸਬੁੱਕ, ਯੂਟਿਊਬ, ਵਟਸਅਪ, ਟਵਿਟਰ, ਇੰਸਟਾਗਰਾਮ ਆਦਿ ਦੀ ਵਰਤੋਂ ਕਰਕੇ ਬਹੁਤ ਲੋਕ ਚੰਗਾ ਪੈਸਾ ਵੀ ਕਮਾ ਰਹੇ ਹਨ।



ਮੈਡਮ ਮਨਪ੍ਰੀਤ ਸੰਧੂ ਨੇ ਕਿਹਾ ਕਿ ਸ਼ੋਸ਼ਲ ਮੀਡੀਆ ਦੇ ਐਪ ਫੇਸਬੁੱਕ ਤੇ ਕੁੱਝ ਮੁੰਡਿਆਂ ਵੱਲੋਂ ਕੁੜੀਆਂ ਦੇ ਨਾਮ ਤੇ ਆਪਣੀ ਫੇਸਬੁੱਕ ਫੇਕ ਆਈ ਡੀ ਬਣਾ ਕੇ ਬਹੁਤ ਗਲਤ ਕੀਤਾ ਜਾ ਰਿਹਾ ਹੈ ਅਤੇ ਅਨੇਕਾਂ ਮਰਦਾਂ ਵੱਲੋਂ ਮੈਸੇਂਜਰ ਤੇ ਔਰਤਾਂ ਨੂੰ ਬੇਹੱਦ ਪ੍ਰੇਸ਼ਾਨ ਕੀਤਾ ਜਾਂਦਾ ਹੈ, ਜਿਸ ਕਰਨ ਉਹਨਾਂ ਨੂੰ ਬਿਨ੍ਹਾਂ ਗੁਨਾਹ ਦੇ ਆਪਣੇ ਪਰਿਵਾਰਾਂ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

# ਰਮਨ ਨਹਿਰਾ ਨੂੰ ਪੰਜਾਬ ਭਾਜਪਾ ਐਨਜੀਓ ਸੈੱਲ ਨੇ ਸਟੇਟ ਸੈੱਲ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 09 ਅਪਰੈਲ
INTERNATIONAL PAPER, 94636 01616
hardipchumber57@gmail.com

ਫਗਵਾੜਾ (ਸ਼ਿਵ ਕੌੜਾ) ਪੰਜਾਬ ਭਾਜਪਾ ਦੇ ਐਨਜੀਓ ਸੈੱਲ ਨੇ ਰਮਨ ਨਹਿਰਾ ਨੂੰ ਸਟੇਟ ਸੈੱਲ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ ਹੈ ਪੰਜਾਬ ਭਾਜਪਾ ਐਨਜੀਓ ਸੈੱਲ ਦੇ ਸੂਬਾ ਕਨਵੀਨਰ ਮਨਜਿੰਦਰ ਸਿੰਘ ਨੇ ਲੁਧਿਆਣਾ ਵਿੱਚ ਇੱਕ ਪਾਰਟੀ ਸਮਾਗਮ ਵਿੱਚ ਉਨ੍ਹਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਦੇ ਹੋਏ ਕਿਹਾ ਕਿ ਇਹ ਸੈੱਲ ਰਮਨ ਨਹਿਰਾ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦੀ ਮਦਦ ਨਾਲ ਨਿਰਧਾਰਤ ਖੇਤਰ ਵਿੱਚ ਐਨਜੀਓਜ਼ ਦੀ ਕੁਸ਼ਲਤਾ ਵਧਾਉਣ ਅਤੇ ਸਮਾਜ ਦੀ ਭਲਾਈ ਲਈ ਉਨ੍ਹਾਂ ਦਾ ਸਮਰਥਨ ਕਰਨ ਲਈ ਸੁਹਿਰਦ ਸਬੰਧ ਵਿਕਸਤ ਕਰਨ ਦੇ ਯੋਗ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ






ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਰਮਨ ਨਹਿਰਾ ਦੇ ਇਮਾਨਦਾਰ ਯਤਨਾਂ ਅਤੇ ਸਖ਼ਤ ਮਿਹਨਤ ਨਾਲ, ਉਹ ਪਾਰਟੀ ਦੇ ਸਖ਼ਤ ਨਿਯਮਾਂ ਅਤੇ ਉਮੀਦਾਂ ਅਨੁਸਾਰ ਆਪਣੀਆਂ ਡਿਊਟੀਆਂ ਨਿਭਾਉਣ ਦੇ ਯੋਗ ਹੋਣਗੇ। ਇਸ ਨਾਲ ਪਾਰਟੀ ਨੂੰ ਸਮਾਜ ਦੇ ਸਾਰੇ ਵਰਗਾਂ ਵਿੱਚ ਮਜ਼ਬੂਤ ਪੈਰ ਜਮਾਉਣ ਵਿੱਚ ਮਦਦ ਮਿਲੇਗੀ ਉਨ੍ਹਾਂ ਨੇ ਰਮਨ ਨਹਿਰਾ ਨੂੰ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ। ਰਮਨ ਨਹਿਰਾ ਨੇ ਆਪਣੀ ਨਿਯੁਕਤੀ ਦਾ ਸਵਾਗਤ ਕਰਦਿਆਂ ਸੂਬਾ ਕਨਵੀਨਰ ਮਨਜਿੰਦਰ ਸਿੰਘ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਇਹ ਗੱਲ ਧਿਆਨ ਦੇਣ ਯੋਗ ਹੈ ਕਿ ਸਮਾਜ ਸੇਵਕ ਰਮਨ ਨਹਿਰਾ ਪਹਿਲਾਂ ਹੀ ਕਈ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਹੋਏ ਹਨ ਅਤੇ ਪੂਰੀ ਤਿਆਰੀ ਨਾਲ ਸਮਾਜ ਦੀ ਸੇਵਾ ਕਰਨ ਲਈ ਹਮੇਸ਼ਾ ਉਪਲਬਧ ਰਹਿੰਦੇ ਹਨ। ਉਹ ਖੱਤਰੀ ਮਹਾਸਭਾ ਪੰਜਾਬ ਦੇ ਜਨਰਲ ਸਕੱਤਰ ਹਨ ਅਤੇ ਹਿਊਮਨ ਰਾਈਟਸ ਕੌਂਸਲ ਇੰਡੀਆ (ਐਂਟੀ ਕੁਰੱਪਸ਼ਨ ਸੈੱਲ) ਦੇ ਸੂਬਾ ਪ੍ਰਧਾਨ ਵੀ ਹਨ। ਵਿਸ਼ਵ ਹਿੰਦੂ ਸੰਘ, ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਹੋਣ ਦੇ ਨਾਤੇ, ਉਹ ਹਮੇਸ਼ਾ ਸਮਾਜ ਭਲਾਈ ਦੇ ਕੰਮਾਂ ਵਿੱਚ ਰੁੱਝੇ ਰਹਿੰਦੇ ਹਨ। ਇਸ ਮੌਕੇ 'ਤੇ ਫਗਵਾੜਾ ਦੇ ਕਈ ਬੁੱਧੀਜੀਵੀਆਂ ਨੇ ਰਮਨ ਨਹਿਰਾ ਨੂੰ ਵਧਾਈ ਦਿੱਤੀ ਹੈ

# ਖਾਲਿਸਤਾਨੀ ਪੰਨੂੰ ਦਾ ਪਿੰਡ ਘੁਡਾਣੀ ਕਲਾਂ ਵਿਖੇ ਵਿਰੋਧ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਲੁਧਿਆਣਾ (ਚਰਨਜੀਤ ਸੱਲ੍ਹਾ )ਸਮਾਜਿਕ ਸਮਾਨਤਾ ਸੰਗਠਨ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਬੱਬੂ ਘੁਡਾਣੀ, ਹਲਕਾ ਪਾਇਲ ਦੇ ਪ੍ਰਧਾਨ ਰਣਜੀਤ ਸਿੰਘ, ਅਤੇ ਬਹੁਜਨ ਸਮਾਜ ਪਾਰਟੀ ਦੇ ਇੰਚਾਰਜ ਜੱਥੇਦਾਰ ਕੁਲਜਿੰਦਰ ਸਿੰਘ ਲਹਿਲ , ਬੀ ਆਰ ਅੰਬੇਡਕਰ ਸੇਵਾ ਸੁਸਾਇਟੀ ਘੁਡਾਣੀ ਕਲਾਂ ਦੇ ਪ੍ਰਧਾਨ ਭੁਪਿੰਦਰ ਸਿੰਘ ਦੀ ਅਗਵਾਈ ਵਿਚ ਕੀਤਾ ਗਿਆ ਵਿਰੋਧ। ਪਿੰਡ ਘੁਡਾਣੀ ਕਲਾਂ ਬਾਬਾ ਸਾਹਿਬ ਅੰਬੇਡਕਰ ਜੀ ਦੇ ਸਟੈਚੂ ਕੋਲ ਅੰਬੇਡਕਰਵਾਦੀਆਂ ਵੱਲੋਂ ਵਿਰੋਧ ਕੀਤਾ ਗਿਆ ਅਤੇ ਜ਼ਿਲਾ ਪੁਲਿਸ ਖੰਨਾ ਨੂੰ ਸਕਿਉਰਿਟੀ ਲਈ ਬੇਨਤੀ ਕੀਤੀ ਗਈ ਕਿ ਇਹੋ ਜਿਹੇ ਸ਼ਰਾਰਤੀ ਅਨਸਰਾਂ ਉਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।ਇਸ ਸਮੇਂ ਸਾਬਕਾ ਸਰਪੰਚ ਗੁਰਮੁਖ ਸਿੰਘ, ਕੁਲਵੰਤ ਸਿੰਘ ਭਾਰਤੀ , ਅਮ੍ਰਿਤਪਾਲ ਬੱਬੂ,ਭਾਗਦੀਪ ਸਿੰਘ, ਗੱਗੂ ਘੁਡਾਣੀ, ਬਲਵੰਤ ਸਿੰਘ, ਜਗਤਾਰ ਸਿੰਘ ਜੱਗੀ, ਗੋਲਡੀ ਘੁਡਾਣੀ,ਲਖਵੀਰ ਸਿੰਘ, ਕਰਮਜੀਤ ਸਿੰਘ ਸਰਬਜੀਤ ਸਿੰਘ, ਸੁਖਦੇਵ ਸਿੰਘ, ਸ਼ਿਆਮ ਕੋਟ ਪਨੈਚ, ਗੁਰਮਨਦੀਪ ਸਿੰਘ, ਗਗਨਦੀਪ ਸਿੰਘ, ਸੁਖਮਨਜੀਤ ਨੇਨਾ, ਕਰਮਜੀਤ ਸਿੰਘ, ਜੱਗੂ ਘੁਡਾਣੀ, ਜੱਸਾ ਘੁਡਾਣੀ ਹਾਜ਼ਰ ਹੋਏ।

# ਨਦਾਰ ਨਤੀਜਾ ਆਉਣ ਦੀ ਖੁਸ਼ੀ ਦੇ ਮੌਕੇ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



ਬਰੇਟਾ: ਸਥਾਨਕ ਸਰਕਾਰੀ ਮਿਡਲ ਸਕੂਲ ਬਰੇਟਾ ਪਿੰਡ ਵਿਖੇ ਨਵੇਂ ਸ਼ੈਸ਼ਨ ਮੌਕੇ ਸਟਾਫ ਅਤੇ ਵਿਦਿਆਰਥੀਆਂ ਨੇ ਸ਼ਰਧਾ ਭਾਵਨਾ ਨਾਲ ਸੁਖਮਣੀ ਸਾਹਿਬ ਦਾ ਪਾਠ ਕਰਵਾਇਆ ਗਿਆ। ਸਮਾਗਮ ਦੌਰਾਨ ਅਠਵੀ ਬੋਰਡ ਦਾ ਸ਼ਾਨਦਾਰ ਨਤੀਜਾ ਆਉਣ ਦੀ ਖੁਸ਼ੀ ਦੇ ਮੌਕੇ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਸਰਬ ਸੁੱਖ ਸੇਵਾ ਸੋਸਾਇਟੀ/ਟਰੱਸ਼ਟ ਵਲੋਂ ਮੱਲਾ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ ਅਤੇ ਕੈਸ਼ ਇਨਾਮ ਦੇ ਕੇ ਨਿਵਾਜਿਆ ਗਿਆ।ਭੋਗ ਪੈਣ ਉਪਰੰਤ ਪੰਜਾਬੀ ਅਧਿਆਪਕ ਸਤਵਿੰਦਰ ਕੌਰ ਨੇ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ।ਸਕੂਲ ਇੰਚਾਰਜ ਸ਼ਿਖਾ ਰਾਣੀ ਨੇ ਸਕੂਲ ਦੀਆਂ ਪ੍ਰਾਪਤੀਆਂ ਤੇ ਚਾਨਣਾ ਪਾਇਆ ਗਿਆ।ਉਨਾਂ ਦੱਸਿਆ ਕਿ ਪਹਿਲੇ ਸਥਾਨ ਤੇ ਪ੍ਰਨੀਤ ਕੌਰ ਨੇ ਛੇ ਸੌ ਵਿੱਚੋਂ 580 , ਤਾਨੀਆ ਸ਼ਰਮਾਂ ਨੇ 578 ਅਤੇ ਗੁਰਵਿੰਦਰ ਸਿੰਘ ਨੇ 539 ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ ,ਦੂੱਜਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਟਾਫ ਦੇ ਚੰਗੇ ਸਹਿਯੋਗ ਦੀ ਸ਼ਲਾਘਾ ਕੀਤੀ। ਬਲਾਕ ਮੈਥ ਕੋਆਰਡੀਨੇਟਰ ਸੰਦੀਪ ਕੁਮਾਰ ਨੇ ਸਟਾਫ ਨੂੰ ਵਧਾਈ ਦਿੱਤੀ। ਸੇਵਾ ਮੁਕਤ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ ਨੇ ਇਸ ਮੌਕੇ ਬੋਲਦਿਆਂ ਵਿਦਿਆਰਥੀਆਂ ਨੂੰ ਭਵਿੱਖ ਸੁਆਰਨ ਲਈ ਚਿੰਤਨ ਕਰਨ ਦੀਆਂ ਵਿਧੀਆਂ ਦੱਸੀਆਂ।ਅੰਕਾਂ ਦੇ ਨਾਲ ਨਾਲ ਚੰਗੇ ਨਾਗਰਿਕ ਦੇ ਗੁਣਾ ਭਰਪੂਰ ਹੋਣ ਲਈ ਸਕਾਊਟਿੰਗ ਵਰਗੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਆ।ਪੁਜੀਸ਼ਨਾਂ ਵਾਲੇ ਬੱਚਿਆਂ , ਮਾਪਿਆਂ ਤੇ ਪੜਾਉਣ ਵਾਲੇ ਅਧਿਆਪਕਾਂ ਨੂੰ ਵਧਾਈ ਦਿੱਤੀ।ਇਸ ਮੌਕੇ ਪ੍ਰਿੰਸੀਪਲ ਮੋਨਿਕਾ ਰਾਣੀ, ਸਰਬ ਸੁੱਖ ਸੇਵਾ ਟਰੱਸ਼ਟ ਵਲੋਂ ਦਿਲਾਵਰ ਸਿੰਘ,ਮੁਨੀਸ਼ ਸ਼ਰਮਾਂ, ਧਰਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਮਨਪ੍ਰੀਤ ਸਿੰਘ,ਸ਼ਿਕੰਦਰ ਸਿੰਘ ਜੈਲਦਾਰ, ਐਮ ਸੀ ਬਾਲੀ,ਭਾਈ ਪਿਆਰਾ ਸਿੰਘ,ਜਥੇਦਾਰ ਹਰਬੰਸ ਸਿੰਘ ਅਤੇ ਮਾਪੇ ਸ਼ਾਮਿਲ ਹੋਏ। ਪੰਜਵੀਂ ਜਮਾਤ ਦੇ ਪੁਜੀਸ਼ਨਾਂ ਵਾਲੇ ਬੱਚਿਆਂ ਨੂੰ ਵੀ ਟਰੱਸ਼ਟ ਵਲੋਂ ਸਨਮਾਨਿਆ ਗਿਆ।ਸਟਾਫ ਵਲੋਂ ਚਾਹ ਪਾਣੀ ਦਾ ਲੰਗਰ ਵਰਤਾਇਆ ਗਿਆ।

# ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ 'ਚ 'ਸੀ.ਐਮ. ਦੀ ਯੋਗਸ਼ਾਲਾ' ਦੀ ਸ਼ੁਰੂਆਤ

## ਨਸ਼ਾ ਮੁਕਤ ਪੰਜਾਬ ਦੀ ਦਿਸ਼ਾ 'ਚ ਇਕ ਮਜ਼ਬੂਤ ਕਦਮ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 09 ਅਪਰੈਲ
INTERNATIONAL PAPER, 9463601616
hardipchumber57@gmail.com



